Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.

**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

**NAME CHANGE**

I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**

I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.



**NAME CHANGE**

I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.



**NAME CHANGE**

I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**

I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**

I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.



**NAME CHANGE**

I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.



**NAME CHANGE**

I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose



**NAME CHANGE**

I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.



**PUBLIC NOTICE**

My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

**Shyam Sharma (Adv)**

**PUBLIC NOTICE**

I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

**NAME CHANGE**

I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

**NAME CHANGE**

I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DISTDHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

**NAME CHANGE**

I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

**NAME CHANGE**

I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

**NAME CHANGE**

I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**

I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**

I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**

I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**

I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**

I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**

I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

**PUBLIC NOTICE**

My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

**NAME CHANGE**

I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.



**NAME CHANGE**

I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**

I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**

I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**

I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.



**NAME CHANGE**

I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**

I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**

I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**

I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**

MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

**PINKI LAMBA MANN**
ADVOCATE
OFF. A-205A, NORTH EX.MALL, SECTOR-9,
ROHINI, NEW DELHI

# ਤਬਦੀਲੀ ਦੀਆਂ ਜੜ੍ਹਾਂ: ਈ-ਗਵਰਨੈਂਸ ਨਾਲ ਬਦਲਦਾ ਗ੍ਰਾਮੀਣ ਭਾਰਤ



-ਪ੍ਰੋ. ਐੱਸ. ਪੀ. ਸਿੰਘ ਬਘੇਲ

ਕੁਝ ਪਲ ਸਿਰਫ਼ ਇੱਕ ਉਪਲਬਧੀ ਮਾਤਰ ਨਹੀਂ ਹੁੰਦੇ, ਉਹ ਇੱਕ ਪੂਰੀ ਯਾਤਰਾ ਨੂੰ ਰੋਸ਼ਨ ਕਰ ਦਿੰਦੇ ਹਨ। ਰਾਸ਼ਟਰੀ ਈ-ਗਵਰਨੈਂਸ ਪੁਰਸਕਾਰ 2026 ਲਈ ਚਾਰ ਪੰਚਾਇਤੀ ਰਾਜ ਪਹਿਲਕਦਮੀਆਂ ਦੀ ਚੋਣ ਅਜਿਹਾ ਹੀ ਇੱਕ ਪਲ ਹੈ, ਜੋ ਕਿਸੇ ਇੱਕ ਦਫ਼ਤਰ ਦਾ ਨਹੀਂ, ਸਗੋਂ ਹਰ ਗ੍ਰਾਮ ਪੰਚਾਇਤ ਅਤੇ ਹਰ ਉਸ ਨਾਗਰਿਕ ਦਾ ਹੈ, ਜਿਸ ਨੇ ਡਿਜੀਟਲ ਰੂਪ ਵਿੱਚ ਸਸ਼ਕਤ ਗ੍ਰਾਮੀਣ ਭਾਰਤ ਦੇ ਸੁਪਨੇ 'ਤੇ ਭਰੋਸਾ ਕੀਤਾ ਹੈ। ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਜੀ ਦੀ ਦੂਰ-ਅੰਦੇਸ਼ੀ ਤੋਂ ਪ੍ਰੇਰਿਤ ਹੋ ਕੇ, ਭਾਰਤ ਦੀਆਂ ਪੰਚਾਇਤਾਂ ਭਰੋਸੇ, ਤਕਨੀਕ ਅਤੇ ਤਬਦੀਲੀ ਦਾ ਇੱਕ ਨਵਾਂ ਅਧਿਆਇ ਲਿਖ ਰਹੀਆਂ ਹਨ।

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਸੁਸ਼ਾਸਨ ਦੇ 12 ਪਰਿਵਰਤਨਕਾਰੀ ਸਾਲਾਂ ਦੇ ਇਸ ਪੜਾਅ 'ਤੇ ਇਹ ਸਨਮਾਨ ਵਿਸ਼ੇਸ਼ ਮਹੱਤਵ ਰੱਖਦਾ ਹੈ। ਇਹ ਦਰਸਾਉਂਦਾ ਹੈ ਕਿ ਕਿਸ ਤਰ੍ਹਾਂ ਪੰਚਾਇਤੀ ਰਾਜ ਸੰਸਥਾਵਾਂ ਸਿਰਫ਼ ਯੋਜਨਾਵਾਂ ਨੂੰ ਲਾਗੂ ਕਰਨ ਵਾਲੀਆਂ ਇਕਾਈਆਂ ਤੋਂ ਅੱਗੇ ਵਧ ਕੇ, ਸ਼ਾਸਨ ਦੀ ਤੀਜੀ ਪੱਧਰੀ ਵਿਵਸਥਾ ਦੀਆਂ ਆਤਮ-ਵਿਸ਼ਵਾਸੀ, ਸਮਰੱਥ ਅਤੇ ਤਕਨੀਕੀ ਰੂਪ ਵਿੱਚ ਮਾਹਰ ਸੰਸਥਾਵਾਂ ਵਜੋਂ ਸਥਾਪਿਤ ਹੋਈਆਂ ਹਨ।

ਪ੍ਰਸ਼ਾਸਨਿਕ ਸੁਧਾਰ ਅਤੇ ਲੋਕ ਸ਼ਿਕਾਇਤ ਵਿਭਾਗ ਵੱਲੋਂ ਸਥਾਪਿਤ ਰਾਸ਼ਟਰੀ ਈ-ਗਵਰਨੈਂਸ ਪੁਰਸਕਾਰ, ਸੂਚਨਾ ਅਤੇ ਸੰਚਾਰ ਤਕਨਾਲੋਜੀ ਦੇ ਮਾਧਿਅਮ ਰਾਹੀਂ ਸ਼ਾਨਦਾਰ ਲੋਕ ਸੇਵਾ ਵੰਡ ਲਈ ਦੇਸ਼ ਦਾ ਸਰਵਉੱਚ ਸਨਮਾਨ ਹੈ। ਇਸ ਸਾਲ ਸੱਤ ਸ਼੍ਰੇਣੀਆਂ ਵਿੱਚ ਚੁਣੇ ਗਏ 17 ਪ੍ਰੋਜੈਕਟਾਂ ਵਿੱਚੋਂ 4 ਪੰਚਾਇਤੀ ਰਾਜ ਖੇਤਰ ਨਾਲ ਸਬੰਧਤ ਹਨ, ਜੋ ਜ਼ਮੀਨੀ ਪੱਧਰ 'ਤੇ ਨਵੀਨਤਾ ਲਈ ਅਨੁਕੂਲ ਮਾਹੌਲ ਸਿਰਜਣ ਲਈ ਪਿਛਲੇ ਬਾਰਾਂ ਸਾਲਾਂ ਦੇ ਨਿਰੰਤਰ ਯਤਨਾਂ ਦਾ ਸੁਭਾਵਿਕ ਨਤੀਜਾ ਹੈ।

ਗ੍ਰਾਮ ਪੰਚਾਇਤਾਂ ਦੇ ਪ੍ਰਦਰਸ਼ਨ ਦੇ ਮੁਲਾਂਕਣ ਲਈ ਪੰਚਾਇਤੀ ਰਾਜ ਮੰਤਰਾਲੇ ਦੀ ਪ੍ਰਮੁੱਖ ਪਹਿਲਕਦਮੀ, 'ਪੰਚਾਇਤ ਐਡਵਾਂਸਮੈਂਟ ਇੰਡੈਕਸ' (ਪੀਏਆਈ) ਨੂੰ ਡੇਟਾ ਐਨਾਲਿਟਿਕਸ ਦੇ ਮਾਧਿਅਮ ਰਾਹੀਂ ਡਿਜੀਟਲ ਤਬਦੀਲੀ ਦੀ ਸ਼੍ਰੇਣੀ ਵਿੱਚ ਗੋਲਡ ਅਵਾਰਡ ਮਿਲਿਆ ਹੈ। ਇਸ ਸੂਚਕਾਂਕ ਦੇ ਆਉਣ ਤੋਂ ਪਹਿਲਾਂ, ਦੇਸ਼ ਦੀਆਂ 2.5 ਲੱਖ ਤੋਂ ਵੱਧ ਗ੍ਰਾਮ ਪੰਚਾਇਤਾਂ ਦੇ ਪ੍ਰਦਰਸ਼ਨ ਦੇ ਮੁਲਾਂਕਣ ਲਈ ਕੋਈ ਮਿਆਰੀ, ਡੇਟਾ-ਆਧਾਰਿਤ ਰਾਸ਼ਟਰੀ ਢਾਂਚਾ ਉਪਲਬਧ ਨਹੀਂ ਸੀ। ਅੱਜ ਇਹ ਸੂਚਕਾਂਕ ਡੇਟਾ, ਪ੍ਰਦਰਸ਼ਨ, ਪਛਾਣ ਅਤੇ ਜਨ-ਭਾਗੀਦਾਰੀ ਨੂੰ ਆਪਸ ਵਿੱਚ ਜੋੜਨ ਵਾਲੀ ਇੱਕ ਪਾਰਦਰਸ਼ੀ ਜਵਾਬਦੇਹੀ ਪ੍ਰਣਾਲੀ ਦਾ ਨਿਰਮਾਣ ਕਰ ਰਿਹਾ ਹੈ।

ਇਹ ਵਰਣਨਯੋਗ ਹੈ ਕਿ ਦੋ ਗ੍ਰਾਮ ਪੰਚਾਇਤਾਂ ਨੇ ਆਪਣੇ ਖ਼ੁਦ ਦੇ ਯਤਨਾਂ ਸਦਕਾ ਇਹ ਸਨਮਾਨ ਹਾਸਿਲ ਕੀਤਾ ਹੈ। ਮਹਾਰਾਸ਼ਟਰ ਦੇ ਸਾਂਗਲੀ ਜ਼ਿਲ੍ਹੇ ਦੀ 'ਕੜੇਪੁਰ' ਗ੍ਰਾਮ ਪੰਚਾਇਤ ਨੇ ਜ਼ਮੀਨੀ ਪੱਧਰ ਦੀਆਂ ਪਹਿਲਕਦਮੀਆਂ ਦੀ ਸ਼੍ਰੇਣੀ ਵਿੱਚ ਗੋਲਡ ਅਵਾਰਡ ਪ੍ਰਾਪਤ ਕੀਤਾ ਹੈ। ਇੱਥੇ ਆਰਟੀਫਿਸ਼ੀਅਲ ਇੰਟੈਲੀਜੈਂਸ (ਏਆਈ) ਅਤੇ ਬਲਾਕਚੇਨ ਵਰਗੀਆਂ ਆਧੁਨਿਕ ਤਕਨੀਕਾਂ ਦੀ ਵਰਤੋਂ ਨਾਲ 1,300 ਤੋਂ ਵੱਧ ਸੇਵਾਵਾਂ ਔਨਲਾਈਨ ਉਪਲਬਧ ਕਰਵਾਈਆਂ ਜਾ ਰਹੀਆਂ ਹਨ। ਦੂਜੇ ਪਾਸੇ, ਪੱਛਮੀ ਤ੍ਰਿਪੁਰਾ ਦੀ ਬਿਜੋਏ ਨਗਰ ਗ੍ਰਾਮ ਪੰਚਾਇਤ ਨੂੰ ਸਿਲਵਰ ਅਵਾਰਡ ਮਿਲਿਆ ਹੈ। ਇਸ ਪੰਚਾਇਤ ਨੇ ਆਪਣੇ ਖ਼ੁਦ ਦੇ ਸਰੋਤਾਂ ਤੋਂ ਹੋਣ ਵਾਲੀ ਆਮਦਨ ਵਿੱਚ ਲਗਭਗ 194 ਫ਼ੀਸਦੀ ਦਾ ਵਾਧਾ ਦਰਜ ਕੀਤਾ ਹੈ ਅਤੇ ਮਹਿਲਾਵਾਂ ਵਿੱਚ ਸੌ ਫ਼ੀਸਦੀ ਡਿਜੀਟਲ ਸਾਖਰਤਾ ਹਾਸਿਲ ਕੀਤੀ ਹੈ।

ਮਹਾਰਾਸ਼ਟਰ ਦੇ ਨੰਦੁਰਬਾਰ ਜ਼ਿਲ੍ਹਾ ਪਰਿਸ਼ਦ ਦੇ ਸਿਹਤ ਵਿਭਾਗ ਨੂੰ 'ਈ-ਆਰੋਗਯ ਧਮਨੀ' ਪਹਿਲਕਦਮੀ ਦੇ ਮਾਧਿਅਮ ਰਾਹੀਂ ਦੂਰ-ਦੁਰਾਡੇ ਦੇ ਆਦਿਵਾਸੀ ਖੇਤਰਾਂ ਦੇ ਲੋਕਾਂ ਤੱਕ ਬਿਹਤਰ ਸਿਹਤ ਸੇਵਾਵਾਂ ਪਹੁੰਚਾਉਣ ਲਈ ਜ਼ਿਲ੍ਹਾ ਪੱਧਰੀ ਪਹਿਲਕਦਮੀ ਸ਼੍ਰੇਣੀ ਵਿੱਚ ਗੋਲਡ ਅਵਾਰਡ ਲਈ ਚੁਣਿਆ ਗਿਆ ਹੈ।

ਇਹ ਪੁਰਸਕਾਰ ਮਿਲ ਕੇ ਇੱਕ ਮਹੱਤਵਪੂਰਨ ਸੰਦੇਸ਼ ਦਿੰਦੇ ਹਨ। ਈ-ਗਵਰਨੈਂਸ ਵਿੱਚ ਉੱਤਮਤਾ ਹੁਣ ਕੇਵਲ ਰਾਜਾਂ ਦੀਆਂ ਰਾਜਧਾਨੀਆਂ ਜਾਂ ਜ਼ਿਲ੍ਹਾ ਮੁੱਖ ਦਫ਼ਤਰਾਂ ਤੱਕ ਸੀਮਿਤ ਨਹੀਂ ਰਹੀ, ਸਗੋਂ ਇਹ ਬਰਾਬਰ ਰੂਪ ਵਿੱਚ ਸਾਡੇ ਪਿੰਡਾਂ ਅਤੇ ਗ੍ਰਾਮ ਸਭਾਵਾਂ ਵਿੱਚ ਵੀ ਸਥਾਪਿਤ ਹੋ ਚੁੱਕੀ ਹੈ। ਇਸ ਸਾਲ 30 ਰਾਜਾਂ ਦੀਆਂ 1.65 ਲੱਖ ਤੋਂ ਵੱਧ ਗ੍ਰਾਮ ਪੰਚਾਇਤਾਂ ਨੇ ਇਸ ਵਿੱਚ ਹਿੱਸਾ ਲਿਆ, ਜੋ ਸਾਡੇ ਵੱਲੋਂ ਮਿਲ ਕੇ ਤਿਆਰ ਕੀਤੀ ਗਈ ਸੰਸਥਾਗਤ ਸਮਰੱਥਾ ਅਤੇ ਵਿਸ਼ਵਾਸ ਨੂੰ ਦਰਸਾਉਂਦਾ ਹੈ।

ਇਹ ਉਪਲਬਧੀ ਅਚਾਨਕ ਨਹੀਂ ਮਿਲੀ ਹੈ। ਪਿਛਲੇ 12 ਸਾਲਾਂ ਵਿੱਚ ਮੰਤਰਾਲੇ ਨੇ ਪੰਚਾਇਤਾਂ ਨੂੰ ਨਿਰੰਤਰ ਬਿਹਤਰ ਸਾਧਨ ਉਪਲਬਧ ਕਰਵਾਏ ਹਨ। 'ਈ-ਗ੍ਰਾਮ ਸਵਰਾਜ' ਪਲੈਟਫਾਰਮ ਦੇ ਮਾਧਿਅਮ ਰਾਹੀਂ 2.59 ਲੱਖ ਤੋਂ ਵੱਧ ਪੰਚਾਇਤਾਂ ਵਿੱਚ ਯੋਜਨਾ ਨਿਰਮਾਣ, ਬਜਟ ਅਤੇ ਭੁਗਤਾਨ ਪ੍ਰਕਿਰਿਆਵਾਂ ਦਾ ਡਿਜੀਟਲੀਕਰਨ ਕੀਤਾ ਗਿਆ ਹੈ, ਜਿਸ ਨਾਲ ਪਬਲਿਕ ਫਾਈਨੈਂਸ਼ੀਅਲ ਮੈਨੇਜਮੈਂਟ ਸਿਸਟਮ ਦੇ ਰਾਹੀਂ ?3.16 ਲੱਖ ਕਰੋੜ ਤੋਂ ਵੱਧ ਦੇ ਔਨਲਾਈਨ ਲੈਣ-ਦੇਣ ਸੰਭਵ ਹੋਏ ਹਨ।

ਆਰਟੀਫਿਸ਼ੀਅਲ ਇੰਟੈਲੀਜੈਂਸ 'ਤੇ ਆਧਾਰਿਤ 'ਸਭਾਸਾਰ' ਪਲੈਟਫਾਰਮ, ਜੋ 23 ਭਾਰਤੀ ਭਾਸ਼ਾਵਾਂ ਵਿੱਚ ਕੰਮ ਕਰਦਾ ਹੈ, ਹੁਣ 1.35 ਲੱਖ ਤੋਂ ਵੱਧ ਪੰਚਾਇਤਾਂ ਵਿੱਚ ਕੁਝ ਹੀ ਮਿੰਟਾਂ ਵਿੱਚ ਗ੍ਰਾਮ ਸਭਾ ਦੀ ਕਾਰਵਾਈ ਤਿਆਰ ਕਰ ਦਿੰਦਾ ਹੈ। 'ਮੇਰੀ ਪੰਚਾਇਤ' ਐਪ, ਜਿਸ ਨੂੰ 1 ਕਰੋੜ ਤੋਂ ਵੱਧ ਵਾਰ ਡਾਊਨਲੋਡ ਕੀਤਾ ਜਾ ਚੁੱਕਿਆ ਹੈ, ਵਿਕਾਸ ਕਾਰਜਾਂ ਦੀ ਜਾਣਕਾਰੀ ਸਿੱਧੀ ਨਾਗਰਿਕਾਂ ਤੱਕ ਪਹੁੰਚਾ ਰਹੀ ਹੈ।

ਇਨ੍ਹਾਂ ਯਤਨਾਂ ਦੇ ਨਾਲ-ਨਾਲ, 'ਸਵਾਮਿਤਵ' ਯੋਜਨਾ ਤਹਿਤ 3.30 ਲੱਖ ਪਿੰਡਾਂ ਵਿੱਚ ਡ੍ਰੋਨ ਸਰਵੇਖਣ ਪੂਰਾ ਕੀਤਾ ਜਾ ਚੁੱਕਿਆ ਹੈ ਅਤੇ ਜੂਨ, 2026 ਦੇ ਮੱਧ ਤੱਕ 1.94 ਲੱਖ ਪਿੰਡਾਂ ਲਈ 3.19 ਕਰੋੜ ਪ੍ਰਾਪਰਟੀ ਕਾਰਡ ਤਿਆਰ ਕੀਤੇ ਜਾ ਚੁੱਕੇ ਹਨ, ਜਿਸ ਨਾਲ ਗ੍ਰਾਮੀਣ ਪਰਿਵਾਰਾਂ ਦੇ ਸੰਪੱਤੀ ਅਧਿਕਾਰ ਮਜ਼ਬੂਤ ਹੋਏ ਹਨ ਅਤੇ ਉਨ੍ਹਾਂ ਨੂੰ ਕਰਜ਼ਾ ਸਹੂਲਤ ਪ੍ਰਾਪਤ ਕਰਨ ਵਿੱਚ ਆਸਾਨੀ ਹੋਈ ਹੈ। ਪੰਦਰਵੇਂ ਵਿੱਤ ਕਮਿਸ਼ਨ ਦੀ ਮਿਆਦ ਵਿੱਚ ਗ੍ਰਾਮੀਣ ਸਥਾਨਕ ਇਕਾਈਆਂ ਨੂੰ ?2.82 ਲੱਖ ਕਰੋੜ ਦੀ ਗ੍ਰਾਂਟ ਰਾਸ਼ੀ ਜਾਰੀ ਕੀਤੀ ਗਈ, ਜੋ ਹੁਣ ਤੱਕ ਦੀ ਸਭ ਤੋਂ ਵੱਧ ਹੈ। ਸੋਲ੍ਹਵੇਂ ਵਿੱਤ ਕਮਿਸ਼ਨ ਨੇ ਸਾਲ 2026 ਤੋਂ 2031 ਦੇ ਲਈ ?4.35 ਲੱਖ ਕਰੋੜ ਦੀ ਸਿਫ਼ਾਰਸ਼ ਕੀਤੀ ਹੈ, ਜੋ ਲਗਭਗ 84 ਫ਼ੀਸਦੀ ਦੇ ਵਾਧੇ ਨੂੰ ਦਰਸਾਉਂਦਾ ਹੈ।

ਇਸ ਸੋਚ ਨੂੰ ਅੱਗੇ ਵਧਾਉਣ ਲਈ ਮੰਤਰਾਲੇ ਨੇ 'ਸੇਵਾ ਸੇ ਸਮ੍ਰਿੱਧੀ: ਪੰਚਾਇਤਾਂ ਦੀ ਅਗਵਾਈ ਵਿੱਚ ਸੇਵਾ ਵੰਡ' ਵਿਸ਼ੇ 'ਤੇ ਖੇਤਰੀ ਵਰਕਸ਼ਾਪਾਂ ਦੀ ਇੱਕ ਲੜੀ ਸ਼ੁਰੂ ਕੀਤੀ ਹੈ। ਇਨ੍ਹਾਂ ਵਰਕਸ਼ਾਪਾਂ ਵਿੱਚ ਪੰਚਾਇਤ ਪ੍ਰਤੀਨਿਧੀ, ਜ਼ਿਲ੍ਹਾ ਪੱਧਰੀ ਅਧਿਕਾਰੀ ਅਤੇ ਵਿਸ਼ਾ ਮਾਹਰ ਮਿਲ ਕੇ ਸਿਹਤ, ਸਿੱਖਿਆ, ਆਜੀਵਿਕਾ ਅਤੇ ਬੁਨਿਆਦੀ ਸਹੂਲਤਾਂ ਵਰਗੇ ਖੇਤਰਾਂ ਵਿੱਚ ਲੋਕਾਂ ਤੱਕ ਬਿਹਤਰ ਸੇਵਾਵਾਂ ਪਹੁੰਚਾਉਣ ਦੇ ਤਰੀਕਿਆਂ 'ਤੇ ਚਰਚਾ ਕਰ ਰਹੇ ਹਨ। ਇਨ੍ਹਾਂ ਵਰਕਸ਼ਾਪਾਂ ਦੇ ਮਾਧਿਅਮ ਰਾਹੀਂ ਸਫ਼ਲ ਸਥਾਨਕ ਪਹਿਲਕਦਮੀਆਂ ਅਤੇ ਨਵੀਨਤਾਵਾਂ ਨੂੰ ਸਾਂਝਾ ਕੀਤਾ ਜਾ ਰਿਹਾ ਹੈ, ਤਾਂ ਜੋ ਰਾਜ ਇੱਕ-ਦੂਜੇ ਦੇ ਤਜਰਬਿਆਂ ਤੋਂ ਸਿੱਖ ਸਕਣ ਅਤੇ ਚੰਗੇ ਮਾਡਲਾਂ ਨੂੰ ਵੱਡੇ ਪੱਧਰ 'ਤੇ ਅਪਣਾਇਆ ਜਾ ਸਕੇ। ਇਨ੍ਹਾਂ ਦੀ ਉਪਯੋਗਤਾ ਅਤੇ ਵਿਸਤਾਰ ਦੀਆਂ ਸੰਭਾਵਨਾਵਾਂ ਬਹੁਤ ਵਿਆਪਕ ਹਨ। ਐੱਨਏਈਜੀ (NAeG) 2026 ਵਿੱਚ ਚੁਣੀਆਂ ਗਈਆਂ ਪੰਚਾਇਤੀ ਰਾਜ ਸੰਸਥਾਵਾਂ ਦੀਆਂ ਉਪਲਬਧੀਆਂ ਦੇਸ਼ ਭਰ ਦੀਆਂ ਪੰਚਾਇਤਾਂ ਨੂੰ ਪ੍ਰੇਰਿਤ ਕਰ ਰਹੀਆਂ ਹਨ, ਅਤੇ ਕਈ ਪੰਚਾਇਤਾਂ ਆਪਣੇ ਪਿੰਡਾਂ ਵਿੱਚ ਬਿਹਤਰ ਸੇਵਾਵਾਂ ਪਹੁੰਚਾ ਕੇ ਖੁਸ਼ਹਾਲੀ ਦਾ ਰਾਹ ਪੱਧਰਾ ਕਰਨ ਲਈ ਅਜਿਹੇ ਮਾਡਲਾਂ ਨੂੰ ਅਪਣਾਉਣ ਦੀ ਦਿਸ਼ਾ ਵਿੱਚ ਅੱਗੇ ਵਧ ਰਹੀਆਂ ਹਨ।

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਹਮੇਸ਼ਾ ਇਸ ਗੱਲ 'ਤੇ ਜ਼ੋਰ ਦਿੰਦੇ ਰਹੇ ਹਨ ਕਿ ਸੁਸ਼ਾਸਨ ਉਹੀ ਹੈ, ਜੋ ਨਾਗਰਿਕਾਂ ਦਾ ਜੀਵਨ ਸਰਲ ਬਣਾਏ। ਪਾਰਦਰਸ਼ੀ ਅਤੇ ਤਕਨੀਕ-ਸਮਰੱਥ ਵਿਵਸਥਾਵਾਂ ਦੇ ਮਾਧਿਅਮ ਰਾਹੀਂ ਪ੍ਰਾਪਤ 'ਈਜ਼ ਆਫ਼ ਲਿਵਿੰਗ' ਹੀ ਕਿਸੇ ਸਰਕਾਰ ਦੀ ਨੀਅਤ ਅਤੇ ਸਮਰੱਥਾ ਦੀ ਅਸਲ ਕਸੌਟੀ ਹੈ। ਇਹ ਇੱਕ ਵਿਸ਼ਵ-ਵਿਆਪੀ ਸੱਚ ਹੈ ਕਿ ਦੂਜਿਆਂ ਦਾ ਸਨਮਾਨ ਕਰਨਾ ਆਪਣੇ ਖ਼ੁਦ ਦੇ ਸਨਮਾਨ ਦਾ ਰਾਹ ਪੱਧਰਾ ਕਰਦਾ ਹੈ। ਪੰਚਾਇਤਾਂ ਨੂੰ ਡਿਜੀਟਲ ਸਾਧਨਾਂ ਨਾਲ ਸਸ਼ਕਤ ਬਣਾ ਕੇ ਅਤੇ ਉਨ੍ਹਾਂ ਦੀ ਸਮਰੱਥਾ 'ਤੇ ਭਰੋਸਾ ਜਤਾ ਕੇ, ਕੇਂਦਰ ਸਰਕਾਰ ਨੇ ਇਸ ਮਹੱਤਵਪੂਰਨ ਮੰਚ 'ਤੇ ਦੇਸ਼ ਨੂੰ ਸਨਮਾਨਿਤ ਹੋਣ ਦਾ ਮਾਰਗ ਪੱਧਰਾ ਕੀਤਾ ਹੈ। ਜਿਵੇਂ-ਜਿਵੇਂ ਭਾਰਤ 2047 ਤੱਕ 'ਵਿਕਸਿਤ ਭਾਰਤ' ਦੇ ਟੀਚੇ ਵੱਲ ਵਧ ਰਿਹਾ ਹੈ, ਸਸ਼ਕਤ ਪੰਚਾਇਤਾਂ ਦੀ ਭੂਮਿਕਾ ਹੋਰ ਵੀ ਕੇਂਦਰੀ ਹੁੰਦੀ ਜਾ ਰਹੀ ਹੈ। ਲਗਭਗ 90 ਕਰੋੜ ਨਾਗਰਿਕਾਂ ਦੇ ਗ੍ਰਾਮੀਣ ਭਾਰਤ ਵਿੱਚ ਰਹਿਣ ਦੇ ਨਾਲ, ਸਾਡੀਆਂ ਪੰਚਾਇਤੀ ਰਾਜ ਸੰਸਥਾਵਾਂ ਦੀ ਮਜ਼ਬੂਤੀ ਹੀ ਸਾਡੀ ਸਮੂਹਿਕ ਪ੍ਰਗਤੀ ਦੀ ਰਫ਼ਤਾਰ ਤੈਅ ਕਰੇਗੀ। ਵਿਕਸਿਤ ਪੰਚਾਇਤ, ਵਿਕਸਿਤ ਭਾਰਤ ਤੋਂ ਵੱਖਰੀ ਨਹੀਂ, ਸਗੋਂ ਉਸ ਦੀ ਸਭ ਤੋਂ ਮਜ਼ਬੂਤ ਨੀਂਹ ਹੈ।

ਇਹ ਚਾਰ ਰਾਸ਼ਟਰੀ ਈ-ਗਵਰਨੈਂਸ ਪੁਰਸਕਾਰ ਬਿਹਤਰ ਪ੍ਰਦਰਸ਼ਨ, ਪ੍ਰਗਤੀ ਅਤੇ ਨਿਰੰਤਰ ਅੱਗੇ ਵਧਣ ਦੇ ਪ੍ਰਤੀਕ ਹਨ। ਇਹ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੇ ਹਰ ਇੱਕ ਸਰਪੰਚ, ਪੰਚਾਇਤ ਸਕੱਤਰ ਅਤੇ ਮਹਿਲਾ ਜਨ-ਪ੍ਰਤੀਨਿਧੀ ਲਈ ਇੱਕ ਪ੍ਰੇਰਣਾ ਹਨ ਕਿ ਉਨ੍ਹਾਂ ਦੇ ਸਮਰਪਣ ਅਤੇ ਯਤਨਾਂ ਨੂੰ ਪਛਾਣ ਮਿਲ ਰਹੀ ਹੈ, ਉਨ੍ਹਾਂ ਦੀ ਸ਼ਲਾਘਾ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ ਜਾ ਰਿਹਾ ਹੈ। 12 ਸਾਲਾਂ ਦੇ ਨਿਰੰਤਰ ਯਤਨਾਂ ਨੇ ਹੀ ਅਜਿਹੀ ਉੱਤਮਤਾ ਦੇ ਉੱਭਰਨ ਲਈ ਅਨੁਕੂਲ ਮਾਹੌਲ ਤਿਆਰ ਕੀਤਾ ਹੈ। ਐੱ2026 ਵਿੱਚ ਮਿਲੀ ਪਛਾਣ ਤੋਂ ਲੈ ਕੇ ਦੇਸ਼ ਭਰ ਵਿੱਚ ਵਧ ਰਹੀ 'ਸੇਵਾ ਸੇ ਸਮ੍ਰਿੱਧੀ' ਵਰਕਸ਼ਾਪਾਂ ਦੀ ਰਫ਼ਤਾਰ ਤੱਕ, ਇਹ ਸਫ਼ਲਤਾ ਇਸ ਗੱਲ ਦੀ ਪੁਸ਼ਟੀ ਕਰਦੀ ਹੈ ਕਿ ਗ੍ਰਾਮੀਣ ਭਾਰਤ ਵਿੱਚ ਈ-ਗਵਰਨੈਂਸ ਦੀਆਂ ਜੜ੍ਹਾਂ ਸੱਚਮੁੱਚ ਡੂੰਘੀਆਂ ਹੋ ਚੁੱਕੀਆਂ ਹਨ, ਅਤੇ ਵਿਕਸਿਤ ਪੰਚਾਇਤ ਦੇ ਮਾਧਿਅਮ ਰਾਹੀਂ ਵਿਕਸਿਤ ਭਾਰਤ ਦੇ ਨਿਰਮਾਣ ਦੀ ਇਹ ਯਾਤਰਾ ਹਰ ਲੰਘਦੇ ਸਾਲ ਦੇ ਨਾਲ ਹੋਰ ਸਸ਼ਕਤ ਹੁੰਦੀ ਜਾ ਰਹੀ ਹੈ।

(ਲੇਖਕ ਕੇਂਦਰੀ ਪੰਚਾਇਤੀ ਰਾਜ ਦੇ ਰਾਜ ਮੰਤਰੀ ਹਨ)

# ਸਿਰਫ ਇੱਕ ਦਿਨ ਭਾਰੀ ਵਾਹਨ ਨਾ ਲੰਘਣ 'ਤੇ ਹੀ ਠੀਕ ਹੋ ਗਿਆ ਸਤਲੁਜ ਦਾ ਪੁਲ

ਮਾਛੀਵਾੜਾ ਸਾਹਿਬ, 4 ਜੁਲਾਈ
-ਸਤੀਸ਼ ਕੁਮਾਰ-
-ਕੌਮੀ ਪੱਤ੍ਰਿਕਾ ਬਿਊਰੋ-

ਖੰਨਾ ਨਵਾਂ ਸ਼ਹਿਰ ਮਾਰਗ ਦੇ ਸਤਲੁਜ ਦਰਿਆ ਤੇ ਘੁਮਾਣਾ ਪੁਲ ਦੀ ਬੇਹੱਦ ਖਸਤਾ ਹਾਲਤ ਹੋਣ ਕਾਰਨ ਬਾਰ-ਬਾਰ ਚਰਚਾ ਵਿੱਚ ਰਹਿੰਦਾ ਹੈ। ਪੁਲ ਬਣਨ ਤੋਂ ਲੈ ਕੇ ਮੌਜੂਦਾ ਸਮੇਂ ਤੱਕ ਕਿੰਨੀ ਵਾਰ ਇਸ ਦੀ ਰਿਪੇਅਰ ਹੋ ਚੁੱਕੀ ਹੈ ,ਕਿੰਨੀ ਵਾਰ ਇਸ ਤੋਂ ਭਾਰੀ ਵਾਹਨਾਂ ਨੂੰ ਲੰਘਣ ਤੋਂ ਰੋਕਿਆ ਗਿਆ ਹੈ ,ਪਰ ਇਸ ਦੀ ਹਾਲਤ ਜਿਉਂਦੀ ਦੀ ਤਿਉਂ ਬਣੀ ਰਹਿੰਦੀ ਹੈ। ਪਿਛਲੇ ਦਿਨੀ ਬਾਰ-ਬਾਰ ਇਲੈਕਟਰੋਨਿਕ ਅਤੇ ਪ੍ਰਿੰਟ ਮੀਡੀਆ ਵਿੱਚ ਇਸ ਪੁੱਲ ਦੀ ਇੱਕ ਪੁਲੀ ਦੀ ਹਾਲਤ ਜਿਆਦਾ ਖਰਾਬ ਹੋਣ ਦੀਆਂ ਖਬਰਾਂ ਨਸ਼ਰ ਹੋਈਆਂ ,ਪ੍ਰਸ਼ਾਸਨ ਜਾਗਿਆ ਅਤੇ ਇਸ ਪੁਲ ਉੱਤੋਂ ਭਾਰੀ ਵਾਹਨਾਂ ਦੇ ਲੰਘਣ ਤੇ ਰੋਕ ਲਗਾ ਦਿੱਤੀ ਗਈ। ਇੱਥੋਂ ਤੱਕ ਕਿ ਦੋਨੋਂ ਪਾਸਿਆਂ ਤੋਂ ਆਉਣ ਵਾਲੀਆਂ ਬੱਸਾਂ ਵੀ ਪੁੱਲ ਤੋਂ ਲੰਘਣੀਆਂ ਬੰਦ ਕਰ ਦਿੱਤੀਆਂ ਗਈਆਂ ।ਸਿਰਫ ਛੋਟੀਆਂ ਕਾਰਾਂ, ਗੱਡੀਆਂ ਨੂੰ ਹੀ ਪੁੱਲ ਤੋਂ ਲੰਘਣ ਦੀ ਇਜਾਜ਼ਤ ਦਿੱਤੀ ਗਈ ਹੈਰਾਨੀ ਉਦੋਂ ਹੋਈ ਜਦੋਂ ਮਹਿਜ ਕੁਝ ਘੰਟਿਆਂ ਬਾਅਦ ਰਾਤ ਨੂੰ ਇਸ ਪੁੱਲ ਤੋਂ ਓਵਰਲੋਡ ਰੇਤੇ ਦੇ ਟਿੱਪਰ ,ਟਰਾਲੀਆਂ, ਬਜਰੀ, ਗੱਟਕੇ ਦੇ ਟਿੱਪਰ ਆਮ ਵਾਂਗ ਸੈਂਕੜੇ ਦੀ ਗਿਣਤੀ ਵਿੱਚ ਛੂੰਕਦੇ ਹੋਏ ਲੰਘਣ ਲੱਗੇ। ਸੋਚਣ ਵਾਲੀ ਗੱਲ ਹੈ ਕਿ ਕੀ ਕੁਝ ਘੰਟੇ ਪੁਲ ਉੱਤੋਂ ਭਾਰੀ ਵਾਹਨਾਂ ਦਾ ਲਾਂਘਾ ਰੋਕ ਕੇ ਇਸ ਦੀ ਹਾਲਤ ਸੁਧਰ ਗਈ ਜਾਂ ਪ੍ਰਸ਼ਾਸਨ ਵੱਲੋਂ ਰੋਕਣ ਦੇ ਬਾਵਜੂਦ ਰਾਤ ਨੂੰ ਇਸ ਨੂੰ ਖੋਲ੍ਹ ਦਿੱਤਾ ਜਾਣਾ ਕੀ ਦਰਸਾਉਂਦਾ। ਪ੍ਰਸ਼ਾਸਨ ਦੀ ਅਜਿਹੀ ਕੀ ਮਜਬੂਰੀ ਹੋ ਗਈ ਕਿ ਮਹਿਜ਼ ਕੁਝ ਘੰਟੇ ਪੁੱਲ ਤੋਂ ਭਾਰੇ ਵਾਹਨਾਂ ਨੂੰ ਰੋਕਣ ਦਾ ਫੈਸਲਾ ਅਚਨਚੇਤ ਰਾਤ ਸਮੇਂ ਬਦਲਣਾ ਪਿਆ ਜੋ ਹੁਣ ਤੱਕ ਨਿਰੰਤਰ ਚੱਲ ਰਿਹਾ ਹੈ ।ਅੱਗੇ ਤਾਂ ਰਾਤ ਨੂੰ ਹੀ ਵੱਡੇ ਟਿੱਪਰ ,ਟਰੱਕ, ਟਰਾਲੇ ਇੱਥੋਂ ਜਿਆਦਾ ਲੰਘਦੇ ਸਨ ,ਪਰ ਜਿਸ ਦਿਨ ਦਾ ਇਸ ਨੂੰ ਕੁਝ ਘੰਟਿਆਂ ਲਈ ਬੰਦ ਕਰਕੇ ਦੁਬਾਰਾ ਖੋਲਿਆ ਗਿਆ ਉਸ ਦਿਨ ਤੋਂ ਦਿਨ ਵਿੱਚ ਹੀ ਓਵਰਲੋਡ ਰੇਤੇ, ਬਜਰੀ ਦੇ ਟਿੱਪਰ, ਟਰਾਲੇ, ਟਰਾਲੀਆਂ ਬੇਖੌਫ ਕਤਾਰ ਬੰਨੀ ਲੰਘ ਰਹੇ ਹਨ। ਆਮ ਲੋਕ ਪਰੇਸ਼ਾਨ ਹਨ ,ਜੋ ਹਰ ਰੋਜ਼ ਇਸ ਪੁੱਲ ਰਾਹੀਂ ਆਪਣੇ ਰੋਜ਼ਮਰਾ ਦੇ ਕੰਮਾਂ ਕਾਰਾਂ ਲਈ ਆਣ ਜਾਣ ਵਾਲੇ ਲੋਕਾਂ ਦਾ ਕਹਿਣਾ ਹੈ ਕਿ ਜੇਕਰ ਇਸਦੀ ਮੁਰੰਮਤ ਨਾ ਕੀਤੀ ਗਈ ਤਾਂ ਕੁਝ ਹੀ ਦਿਨਾਂ ਵਿੱਚ ਇਸਦੀ ਸਲੈਬ ਡਿੱਗ ਜਾਵੇਗੀ ਅਤੇ ਇਸ ਤੋਂ ਛੋਟੀਆਂ ਕਾਰਾਂ ਦਾ ਲੰਘਣਾ ਵੀ ਬੰਦ ਹੋ ਜਾਵੇਗਾ।

ਚਾਰ ਕੁ ਦਿਨ ਪਹਿਲਾਂ ਇਸ ਪੁੱਲ ਦੀ ਸਲੈਬ ਤੇ ਬਣਿਆ ਹੋਇਆ ਟੋਆ ਡੂੰਘਾ ਹੁੰਦਾ ਜਾ ਰਿਹਾ ਸੀ ਪਰ ਜਦੋਂ ਅੱਜ ਜਾ ਕੇ ਦੇਖਿਆ ਗਿਆ ਤਾਂ ਜਿੱਥੋਂ ਸਲੈਬ ਸ਼ੁਰੂ ਹੁੰਦੀ ਹੈ ਉਥੋਂ ਵੀ ਇੱਕ ਛੋਟਾ ਜਿਹਾ ਟੋਆ ਬਣ ਗਿਆ ਜਿਸ ਦੇ ਰਾਹੀਂ ਆਰ-ਪਾਰ ਦਿਖਦਾ ਹੈ, ਭਾਵ ਥੱਲੇ ਤੱਕ ਉਹ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਹੈ। ਲੋਕਾਂ ਦੀ ਸਰਕਾਰ ਨੂੰ ਅਤੇ ਪ੍ਰਸ਼ਾਸਨ ਨੂੰ ਅਪੀਲ ਹੈ ਕਿ ਇਸ ਪੁਲ ਨੂੰ ਬਿਲਕੁਲ ਨਕਾਰਾ ਹੋਣ ਤੋਂ ਬਚਾਇਆ ਜਾਵੇ ਅਤੇ ਜਲਦੀ ਤੋਂ ਜਲਦੀ ਇਸਦੀ ਮੁਰੰਮਤ ਕਰਕੇ ਇਸ ਤੋਂ ਭਾਰੀ ਵਾਹਨਾਂ ਦਾ ਲਾਂਘਾ ਬੰਦਾ ਕੀਤਾ ਜਾਵੇ ਤਾਂ ਜੋ ਇਹ ਛੋਟੀਆਂ ਗੱਡੀਆਂ ਲੰਘਣ ਦੇ ਲਈ ਬਚਿਆ ਰਹੇ।

# ਖੰਨਾ 'ਚ ਜਾਅਲੀ ਐਨ.ਓ.ਸੀਜ਼ ਵਾਲੀ ਜ਼ਮੀਨ ਦੀ ਅੱਗੇ ਵਿਕਰੀ 'ਤੇ ਰੋਕ, ਐਸ.ਡੀ.ਐਮ ਦੇ ਸਖ਼ਤ ਹੁਕਮ

ਲੁਧਿਆਣਾ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਐਸ.ਡੀ.ਐਮ. ਖੰਨਾ ਸਵਾਤੀ ਟਿਵਾਣਾ ਨੇ ਜਾਅਲੀ ਅਤੇ ਮੈਨੂਅਲ ਐਨ.ਓ.ਸੀਜ਼ ਦੇ ਆਧਾਰ 'ਤੇ ਵੇਚੀ ਜਾਂ ਖਰੀਦੀ ਗਈ ਜ਼ਮੀਨ ਦੀ ਅੱਗੇ ਵਿਕਰੀ ਅਤੇ ਰਜਿਸਟਰੀ 'ਤੇ ਤੁਰੰਤ ਪ੍ਰਭਾਵ ਨਾਲ ਰੋਕ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ।

ਸਬ ਰਜਿਸਟਰਾਰ ਨੂੰ ਅਜਿਹੀਆਂ ਜ਼ਮੀਨਾਂ ਦੀਆਂ ਜਮਾਂਬੰਦੀਆਂ ਵਿੱਚ ਲੋੜੀਂਦੀਆਂ ਰਪਟਾਂ ਦਰਜ ਕਰਨ ਅਤੇ ਕਿਸੇ ਵੀ ਨਵੀਂ ਰਜਿਸਟਰੀ ਨੂੰ ਮਨਜ਼ੂਰੀ ਨਾ ਦੇਣ ਲਈ ਕਿਹਾ ਗਿਆ ਹੈ। ਐਸ.ਡੀ.ਐਮ. ਨੇ ਦੱਸਿਆ ਕਿ ਮਾਮਲੇ ਦੀ ਪੜਤਾਲ ਰਿਪੋਰਟ ਕਾਨੂੰਨੀ ਕਾਰਵਾਈ ਲਈ ਡੀ.ਐਸ.ਪੀ. ਖੰਨਾ ਨੂੰ ਭੇਜੀ ਜਾ ਚੁੱਕੀ ਹੈ ਅਤੇ ਜਾਅਲੀ ਦਸਤਾਵੇਜ਼ਾਂ ਦੀ ਵਰਤੋਂ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜ਼ਮੀਨ ਖਰੀਦਣ ਤੋਂ ਪਹਿਲਾਂ ਐਨ.ਓ.ਸੀ., ਮਾਲ ਰਿਕਾਰਡ ਅਤੇ ਹੋਰ ਦਸਤਾਵੇਜ਼ਾਂ ਦੀ ਪੂਰੀ ਤਸਦੀਕ ਜ਼ਰੂਰ ਕਰਵਾਈ ਜਾਵੇ ਤਾਂ ਜੋ ਕਿਸੇ ਵੀ ਧੋਖਾਧੜੀ ਤੋਂ ਬਚਿਆ ਜਾ ਸਕੇ।

# ਦਿੜ੍ਹਬਾ ਵਿਖੇ ਸਹਾਇਕ ਧੰਦਾ ਅਪਣਾਉਣ ਵਾਲੇ ਲੋਕਾਂ ਲਈ ਲੋਨ ਮੇਲਾ

## ਐਸ.ਡੀ.ਐਮ. ਦਿੜ੍ਹਬਾ ਨੇ ਲੋਕਾਂ ਨੂੰ ਸਹਾਇਕ ਧੰਦੇ ਅਪਣਾਉਣ ਲਈ ਕੀਤਾ ਪ੍ਰੇਰਿਤ



ਦਿੜ੍ਹਬਾ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਦੀਆਂ ਵਿਸ਼ੇਸ਼ ਹਦਾਇਤਾਂ ਅਨੁਸਾਰ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਵੱਡੇ ਉਪਰਾਲੇ ਨਾਲ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਵੱਲੋਂ ਜਾਰੀ ਨਿਰਦੇਸ਼ਾਂ ਮੁਤਾਬਕ ਦਿੜ੍ਹਬਾ ਵਿਖੇ ਐਸ.ਡੀ.ਐਮ. ਤਰਸੇਮ ਚੰਦ ਦੀ ਅਗਵਾਈ ਵਿੱਚ ਸਹਾਇਕ ਧੰਦੇ ਅਪਣਾਉਣ ਵਾਲੇ ਲੋਕਾਂ ਲਈ ਲੋਨ ਮੇਲਾ ਲਗਾਇਆ ਗਿਆ।

ਇਸ ਮੇਲੇ ਦੌਰਾਨ ਵੱਖ-ਵੱਖ ਬੈਂਕਾਂ ਦੇ ਅਧਿਕਾਰੀ ਸ਼ਾਮਲ ਹੋਏ ਅਤੇ ਉਹਨਾਂ ਵੱਲੋਂ ਸਹਾਇਕ ਧੰਦੇ ਅਪਣਾਉਣ ਵਾਲੇ ਲੋਕਾਂ ਲਈ ਲੋਨ ਲੈਣ ਅਤੇ ਸ਼ਰਤਾਂ ਪੂਰੀਆਂ ਕਰਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਹੀ ਸਹਾਇਕ ਧੰਦੇ ਅਪਣਾਉਣ ਵਾਲੇ ਲੋਕਾਂ ਵੱਲੋਂ ਪਿਛਲੇ ਮਹੀਨੇ ਲਗਾਈ ਗਈ ਟ੍ਰੇਨਿੰਗ ਦੌਰਾਨ ਟ੍ਰੇਨਿੰਗ ਪੂਰੀ ਕਰਨ ਉਪਰੰਤ ਸਰਟੀਫਿਕੇਟ ਵੀ ਵੰਡੇ ਗਏ।

ਐਸ.ਡੀ.ਐਮ. ਸ਼੍ਰੀ ਤਰਸੇਮ ਚੰਦ ਨੇ ਕਿਹਾ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਵਿਸ਼ੇਸ਼ ਨਿਰਦੇਸ਼ਾਂ 'ਤੇ ਲੋਕਾਂ ਨੂੰ ਸਹਾਇਕ ਧੰਦੇ ਅਪਣਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ ਅਤੇ ਉਹਨਾਂ ਲਈ ਵੱਖ ਵੱਖ ਵਿਭਾਗਾਂ ਵਿੱਚ ਟ੍ਰੇਨਿੰਗ ਕੈਂਪ ਵੀ ਲਗਾਏ ਜਾ ਰਹੇ ਹਨ। ਉਹਨਾਂ ਕਿਹਾ ਕਿ ਇਹਨਾਂ ਧੰਦਿਆਂ ਵਿੱਚ ਭੇਡ ਪਾਲਣ, ਬੱਕਰੀ ਪਾਲਣ, ਸੂਰ ਪਾਲਣ ਅਤੇ ਡੇਅਰੀ ਦੇ ਨਾਲ ਖੁੰਭਾਂ ਦੀ ਕਾਸ਼ਤ ਕਰਨ ਬਾਰੇ ਵੀ ਜਾਣਕਾਰੀ ਦਿੱਤੀ ਗਈ।

ਉਹਨਾਂ ਕਿਹਾ ਕਿ ਜਿਨ੍ਹਾਂ ਵਿਅਕਤੀਆਂ ਨੂੰ ਪਿਛਲੇ ਮਹੀਨੇ ਟ੍ਰੇਨਿੰਗ ਦਿੱਤੀ ਗਈ ਸੀ। ਉਹਨਾਂ ਨੂੰ ਅੱਜ ਸਰਟੀਫਿਕੇਟ ਵੰਡਣ ਉਪਰੰਤ ਵੱਖ-ਵੱਖ ਬੈਂਕਾਂ ਦੇ ਅਧਿਕਾਰੀਆਂ ਵੱਲੋਂ ਲੋਨ ਦਿੱਤੇ ਜਾਣ ਦੀਆਂ ਸ਼ਰਤਾਂ ਅਤੇ ਆਸਾਨੀ ਨਾਲ ਲੋਨ ਦਿੱਤੇ ਜਾਣ ਦੇ ਰਾਹ ਬਾਰੇ ਵੀ ਜਾਣਕਾਰੀ ਦਿੱਤੀ ਗਈ। ਲੋਨ ਲੈਣ ਲਈ ਸ਼ਰਤਾਂ ਦੇ ਨਾਲ ਸਬਸਿਡੀ ਦਿੱਤੇ ਜਾਣ ਦੀ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।

ਉਹਨਾਂ ਇਹ ਵੀ ਕਿਹਾ ਕਿ ਜੇਕਰ ਕੋਈ ਵਿਅਕਤੀ ਡੇਅਰੀ ਫਾਰਮ ਜਾਂ ਖੁੰਭਾਂ ਦੀ ਕਾਸ਼ਤ ਬਾਰੇ ਜਾਣਕਾਰੀ ਲੈਣਾ ਚਾਹੁੰਦਾ ਹੈ ਜਾਂ ਟ੍ਰੇਨਿੰਗ ਕਰਨਾ ਚਾਹੁੰਦਾ ਹੈ ਤਾਂ ਸਰਕਾਰ ਵੱਲੋਂ ਨਿਰਧਾਰਿਤ ਕੀਤੀ ਗਈ ਹਜ਼ਾਰ ਰੁਪਏ ਫੀਸ ਦੇ ਨਾਲ ਟ੍ਰੇਨਿੰਗ ਦਿੱਤੀ ਜਾਵੇਗੀ ਅਤੇ ਇਸ ਦੇ ਨਾਲ ਹੀ ਅਨੁਸੂਚਿਤ ਜਾਤੀ ਦੇ ਵਿਅਕਤੀਆਂ ਲਈ ਟ੍ਰੇਨਿੰਗ ਬਿਲਕੁਲ ਫ੍ਰੀ ਹੋਵੇਗੀ।

ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਇਹ ਧੰਦੇ ਅਪਣਾਉਣ ਲਈ ਸਰਕਾਰ ਵੱਲੋਂ ਬਹੁਤ ਘੱਟ ਸ਼ਰਤਾਂ ਉੱਤੇ ਲੋਨ ਦਿੱਤਾ ਜਾਵੇਗਾ। ਇਹ ਹਦਾਇਤ ਵੀ ਕੀਤੀ ਗਈ ਕਿ ਲੋਨ ਨੂੰ ਸਹੀ ਢੰਗ ਨਾਲ ਵਰਤਿਆ ਜਾਵੇ ਤੇ ਆਪਣੇ ਧੰਦੇ ਨੂੰ ਅੱਗੇ ਵਧਾਇਆ ਜਾਵੇ, ਜਿਸ ਨਾਲ ਲੋਕ ਲੱਖਾਂ ਰੁਪਏ ਕਮਾ ਸਕਦੇ ਹਨ। ਇਸ ਦੇ ਨਾਲ ਰੁਜ਼ਗਾਰ ਲਈ ਬਾਹਰਲੇ ਦੇਸ਼ ਜਾਣ ਵਾਲੇ ਲੋਕਾਂ ਲਈ ਵੀ ਇਹ ਸੰਦੇਸ਼ ਹੈ ਕਿ ਆਪਣੇ ਦੇਸ਼ ਵਿੱਚ ਰਹਿ ਕੇ ਹੀ ਆਪਣਾ ਕੰਮ ਕੀਤਾ ਜਾਵੇ।

ਇਸ ਮੌਕੇ ਵਿੱਤ ਮੰਤਰੀ ਸ੍ਰ ਹਰਪਾਲ ਸਿੰਘ ਚੀਮਾ ਦੇ ਦਫਤਰ ਇੰਚਾਰਜ ਰਣਜੀਤ ਸਿੰਘ ਖੇਤਲਾ, ਵੈਟਨਰੀ ਅਫਸਰ ਡਾ. ਪਰਵਿੰਦਰ ਸਿੰਘ ਚੋਪੜਾ, ਵਿਸ਼ਾਲਦੀਪ ਸਿੰਘ, ਵੈਟਰਨਰੀ ਅਫਸਰ ਕੌਹਰੀਆਂ ਨਵੀਨ ਕੁਮਾਰ, ਡਾ.ਅਮਨਿੰਦਰ ਕੌਰ, ਡਾ. ਅਨੂਰੀਤ ਕੌਰ ਅਤੇ ਵੱਖ ਵੱਖ ਬੈਂਕਾਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

# ਕੈਨੇਡਾ 'ਚ ਸਿਹਤ ਪ੍ਰਣਾਲੀ ਅਤੇ ਮਰੀਜ਼ਾਂ ਲਈ ਚੁਣੌਤੀਆਂ ਵਧੀਆਂ

ਵਿਨੀਪੈੱਗ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-



ਕੈਨੇਡਾ ਵਰਗੇ ਵਿਕਸਿਤ ਦੇਸ਼ ਦੀ ਸਿਹਤ ਪ੍ਰਣਾਲੀ ਨੂੰ ਆਲਮੀ ਪੱਧਰ 'ਤੇ ਉੱਚ ਮਿਆਰ ਵਾਲੀ ਮੰਨਿਆ ਜਾਂਦਾ ਹੈ, ਪਰ ਪਿਛਲੇ ਕੁੱਝ ਸਾਲਾਂ ਤੋਂ ਦਵਾਈਆਂ ਦੀ ਲਗਾਤਾਰ ਘਾਟ ਇੱਕ ਗੰਭੀਰ ਚੁਣੌਤੀ ਬਣ ਕੇ ਸਾਹਮਣੇ ਆਈ ਹੈ। ਕੈਂਸਰ, ਦਿਲ ਦੇ ਰੋਗਾਂ, ਇਨਫ਼ੈਕਸ਼ਨ ਅਤੇ ਬੱਚਿਆਂ ਦੇ ਬੁਖ਼ਾਰ ਤੇ ਖੰਘ ਲਈ ਵਰਤੀਆਂ ਜਾਣ ਵਾਲੀਆਂ ਆਮ ਦਵਾਈਆਂ ਤਕ ਦੀ ਕਮੀ ਕਾਰਨ ਹਸਪਤਾਲਾਂ ਅਤੇ ਫ਼ਾਰਮੇਸੀਆਂ ਨੂੰ ਵੱਡੀਆਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਇਸ ਦਾ ਸਿੱਧਾ ਅਸਰ ਮਰੀਜ਼ਾਂ ਦੇ ਇਲਾਜ ਅਤੇ ਜਾਨ-ਮਾਲ 'ਤੇ ਪੈ ਰਿਹਾ ਹੈ।

ਮਾਹਿਰਾਂ ਅਨੁਸਾਰ ਇਸ ਸੰਕਟ ਦੇ ਪਿੱਛੇ ਕਈ ਸੰਗਠਨਾਤਮਕ ਅਤੇ ਵਿੱਤੀ ਕਾਰਨ ਹਨ। ਕੈਨੇਡਾ ਤਿਆਰ ਦਵਾਈਆਂ ਅਤੇ ਉਨ੍ਹਾਂ ਦੇ ਨਿਰਮਾਣ ਲਈ ਲੋੜੀਂਦੇ ਕੱਚੇ ਮਾਲ, ਐਕਟਿਵ ਫ਼ਾਰਮਾਸਿਊਟੀਕਲ ਇੰਗ੍ਰੀਡੀਐਂਟਸ, ਲਈ ਵੱਡੇ ਪੱਧਰ 'ਤੇ ਭਾਰਤ ਅਤੇ ਚੀਨ ਵਰਗੇ ਦੇਸ਼ਾਂ 'ਤੇ ਨਿਰਭਰ ਕਰਦਾ ਹੈ। ਜੇਕਰ ਇਨ੍ਹਾਂ ਦੇਸ਼ਾਂ 'ਚ ਉਤਪਾਦਨ ਜਾਂ ਸਪਲਾਈ ਲੜੀ 'ਚ ਕਿਸੇ ਤਰ੍ਹਾਂ ਦੀ ਰੁਕਾਵਟ ਆਉਂਦੀ ਹੈ ਤਾਂ ਇਸ ਦਾ ਸਿੱਧਾ ਅਸਰ ਕੈਨੇਡਾ 'ਚ ਦਵਾਈਆਂ ਦੀ ਉਪਲਬਧਤਾ 'ਤੇ ਪੈਂਦਾ ਹੈ। ਇਸ ਤੋਂ ਇਲਾਵਾ, ਸਖ਼ਤ ਨਿਯਮਾਂ ਅਤੇ ਗੁਣਵੱਤਾ ਜਾਂਚ ਦੀ ਲੰਮੀ ਪ੍ਰਕਿਰਿਆ ਕਾਰਨ ਨਵੀਆਂ ਦਵਾਈਆਂ ਨੂੰ ਬਾਜ਼ਾਰ ਤਕ ਪਹੁੰਚਣ 'ਚ ਕਾਫ਼ੀ ਸਮਾਂ ਲੱਗ ਜਾਂਦਾ ਹੈ।

ਕੀਮਤਾਂ 'ਤੇ ਸਰਕਾਰੀ ਨਿਯੰਤਰਣ ਵੀ ਇੱਕ ਮਹੱਤਵਪੂਰਣ ਕਾਰਨ ਮੰਨਿਆ ਜਾ ਰਿਹਾ ਹੈ। ਘੱਟ ਮੁਨਾਫ਼ੇ ਕਾਰਨ ਕਈ ਦਵਾਈ ਨਿਰਮਾਤਾ ਕੰਪਨੀਆਂ ਆਪਣੀ ਸਪਲਾਈ ਉਨ੍ਹਾਂ ਦੇਸ਼ਾਂ ਵੱਲ ਮੋੜ ਦਿੰਦੀਆਂ ਹਨ ਜਿੱਥੇ ਉਨ੍ਹਾਂ ਨੂੰ ਵਧੀਆ ਕੀਮਤ ਮਿਲਦੀ ਹੈ। ਕੈਨੇਡਾ ਦਾ ਬਾਜ਼ਾਰ ਛੋਟਾ ਹੋਣ ਕਰ ਕੇ ਵੀ ਬਹੁ-ਕੌਮੀ ਕੰਪਨੀਆਂ ਵੱਡੇ ਮੁਲਕਾਂ ਨੂੰ ਪਹਿਲ ਦਿੰਦੀਆਂ ਹਨ। ਪੇਟੈਂਟ ਮੈਡੀਸਨ ਪ੍ਰਾਈਸ ਰਿਵਿਊ ਬੋਰਡ ਦੇ ਸਖ਼ਤ ਨਿਯਮਾਂ ਕਾਰਨ ਨਵੀਨਤਾਕਾਰੀ ਦਵਾਈਆਂ ਕੈਨੇਡਾ 'ਚ ਦੇਰੀ ਨਾਲ ਆਉਂਦੀਆਂ ਹਨ।

ਦਵਾਈਆਂ ਦੀ ਇਸ ਕਿੱਲਤ ਦਾ ਸਭ ਤੋਂ ਵੱਧ ਅਸਰ ਬਜ਼ੁਰਗਾਂ, ਬੱਚਿਆਂ ਅਤੇ ਸ਼ੂਗਰ, ਬਲੱਡ ਪ੍ਰੈਸ਼ਰ ਤੇ ਦਿਲ ਦੀਆਂ ਬੀਮਾਰੀਆਂ ਨਾਲ ਜੂਝ ਰਹੇ ਮਰੀਜ਼ਾਂ 'ਤੇ ਪੈ ਰਿਹਾ ਹੈ। ਪੰਜਾਬੀ ਭਾਈਚਾਰੇ 'ਚ ਵੀ ਵੱਡੀ ਗਿਣਤੀ ਅਜਿਹੇ ਮਰੀਜ਼ਾਂ ਦੀ ਹੈ ਜੋ ਰੋਜ਼ਾਨਾ ਦਵਾਈਆਂ 'ਤੇ ਨਿਰਭਰ ਹਨ। ਜਦੋਂ ਕਿਸੇ ਮੁੱਖ ਦਵਾਈ ਦੀ ਘਾਟ ਹੁੰਦੀ ਹੈ, ਤਾਂ ਫ਼ਾਰਮਾਸਿਸਟਾਂ 'ਤੇ ਬਦਲ ਲੱਭਣ ਅਤੇ ਡਾਕਟਰਾਂ ਤੋਂ ਨਵੇਂ ਨੁਸਖ਼ੇ ਲੈਣ ਦਾ ਬੋਝ ਵੱਧ ਜਾਂਦਾ ਹੈ। ਕਈ ਵਾਰ ਫ਼ਾਰਮਾਸਿਸਟਾਂ ਨੂੰ ਬਦਲਵੀਂ ਦਵਾਈ ਦੇਣੀ ਪੈਂਦੀ ਹੈ ਜਿਸ ਨਾਲ ਖ਼ੁਰਾਕ 'ਚ ਤਬਦੀਲੀ ਅਤੇ ਸਾਈਡ ਇਫ਼ੈਕਟਸ (ਦੁਸ਼ਪ੍ਰਭਾਵਾਂ) ਦਾ ਖ਼ਤਰਾ ਵੱਧ ਜਾਂਦਾ ਹੈ। ਇੱਥੋਂ ਤਕ ਕਿ ਕਈ ਵਾਰ ਮਰੀਜ਼ਾਂ ਨੂੰ ਆਪਣੀਆਂ ਸਰਜਰੀਆਂ ਜਾਂ ਜ਼ਰੂਰੀ ਇਲਾਜ ਵੀ ਟਾਲਣੇ ਪੈਂਦੇ ਹਨ।

ਸਥਿਤੀ ਨਾਲ ਨਜਿੱਠਣ ਲਈ ਫ਼ੈਡਰਲ (ਕੇਂਦਰੀ) ਅਤੇ ਸੂਬਾਈ ਸਰਕਾਰਾਂ ਨੇ ਕੁੱਝ ਅਹਿਮ ਕਦਮ ਚੁੱਕੇ ਹਨ। ਜ਼ਰੂਰੀ ਦਵਾਈਆਂ ਦੀ ਘਾਟ ਹੋਣ 'ਤੇ ਅਮਰੀਕਾ ਅਤੇ ਯੌਰਪ ਤੋਂ ਵਿਸ਼ੇਸ਼ ਆਗਿਆ ਤਹਿਤ ਦਵਾਈਆਂ ਮੰਗਵਾਈਆਂ ਜਾ ਰਹੀਆਂ ਹਨ। ਇਸ ਦੇ ਨਾਲ ਹੀ ਦੇਸ਼ ਅੰਦਰ ਦਵਾਈ ਨਿਰਮਾਣ ਸਮਰੱਥਾ ਨੂੰ ਮਜ਼ਬੂਤ ਕਰਨ ਲਈ ਨਿਵੇਸ਼ ਵੀ ਕੀਤਾ ਜਾ ਰਿਹਾ ਹੈ, ਤਾਂ ਜੋ ਵਿਦੇਸ਼ੀ ਸਪਲਾਈ 'ਤੇ ਨਿਰਭਰਤਾ ਨੂੰ ਘਟਾਇਆ ਜਾ ਸਕੇ।

# ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ

ਲੁਧਿਆਣਾ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਜੀ, ਖਾਲਸਾ ਰੋਡ ਖੰਨਾ ਵਿਖੇ ਧੰਨ ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਅਤੇ ਧਾਰਮਿਕ ਭਾਵਨਾ ਨਾਲ ਮਨਾਇਆ ਗਿਆ।

ਇਸ ਮੌਕੇ ਮੁਹੱਲੇ ਦੀਆਂ ਬੀਬੀਆਂ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸਮਾਗਮ ਉਪਰੰਤ ਮਿਸੇ ਪ੍ਰਸ਼ਾਦੇ, ਅਚਾਰ, ਪਿਆਜ਼ ਅਤੇ ਲੱਸੀ ਦੇ ਅਤੁੱਟ ਲੰਗਰ ਦੀ ਸੇਵਾ ਕੀਤੀ ਗਈ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਹਿੰਦਰ ਸਿੰਘ ਗਿੱਲ, ਭਲਿੰਦਰ ਸਿੰਘ ਧੰਨਾ, ਵਿਸ਼ਾਲ ਸਿੰਘ, ਨਰਿੰਦਰ ਸਿੰਘ ਰਾਣਾ, ਹਰਪ੍ਰੀਤ ਸਿੰਘ, ਅੰਮ੍ਰਿਤ ਸਿੰਘ ਅਤੇ ਤਰਲੋਚਨ ਸਿੰਘ ਸਮੇਤ ਕਮੇਟੀ ਮੈਂਬਰਾਂ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ।

# ਰਾਤ ਸਮੇਂ ਬਿਜਲੀ ਪਾਬੰਦੀਆਂ ਤੁਰੰਤ ਵਾਪਸ ਲਵੇ ਪੀਐਸਪੀਸੀਐਲ : ਫਿਕੋ

ਲੁਧਿਆਣਾ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਫੈਡਰੇਸ਼ਨ ਆਫ ਇੰਡਸਟਰੀਅਲ ਐਂਡ ਕਮਰਸ਼ੀਅਲ ਆਰਗੇਨਾਈਜ਼ੇਸ਼ਨ (ਫਿਕੋ) ਨੇ ਪੀਐਸਪੀਸੀਐਲ ਵੱਲੋਂ ਉਦਯੋਗਾਂ ਲਈ ਰਾਤ 10 ਵਜੇ ਤੋਂ ਸਵੇਰੇ 6 ਵਜੇ ਤੱਕ ਲਗਾਈਆਂ ਗਈਆਂ ਬਿਜਲੀ ਪਾਬੰਦੀਆਂ ਦਾ ਤਿੱਖਾ ਵਿਰੋਧ ਕੀਤਾ ਹੈ।

ਫਿਕੋ ਦੇ ਕਾਰਜਕਾਰੀ ਪ੍ਰਧਾਨ ਰਾਜੀਵ ਜੈਨ ਨੇ ਕਿਹਾ ਕਿ ਇਸ ਫੈਸਲੇ ਨਾਲ ਉਤਪਾਦਨ, ਨਿਰਯਾਤ ਆਰਡਰ ਅਤੇ ਉਦਯੋਗਾਂ ਦੀ ਮੁਕਾਬਲੇਬਾਜ਼ੀ ਪ੍ਰਭਾਵਿਤ ਹੋਵੇਗੀ।

ਕਾਰਜਕਾਰੀ ਜਨਰਲ ਸਕੱਤਰ ਦਿਨੇਸ਼ ਬੋਗਲ ਨੇ ਕਿਹਾ ਕਿ ਪਹਿਲਾਂ ਹੀ ਵਧਦੀਆਂ ਲਾਗਤਾਂ ਨਾਲ ਜੂਝ ਰਹੇ ਉਦਯੋਗਾਂ 'ਤੇ ਇਹ ਵਾਧੂ ਬੋਝ ਹੈ, ਜਿਸ ਨਾਲ ਰੋਜ਼ਗਾਰ ਅਤੇ ਆਰਥਿਕ ਗਤੀਵਿਧੀਆਂ ਵੀ ਪ੍ਰਭਾਵਿਤ ਹੋਣਗੀਆਂ।

ਫਿਕੋ ਨੇ ਪੰਜਾਬ ਸਰਕਾਰ ਅਤੇ ਪੀਐਸਪੀਸੀਐਲ ਨੂੰ ਅਪੀਲ ਕੀਤੀ ਕਿ ਉਦਯੋਗਿਕ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਇਹ ਪਾਬੰਦੀਆਂ ਤੁਰੰਤ ਵਾਪਸ ਲਈਆਂ ਜਾਣ। ਆਰਗੇਨਾਈਜ਼ਿੰਗ ਸਕੱਤਰ ਅਸ਼ਪ੍ਰੀਤ ਸਿੰਘ ਸਾਹਨੀ ਨੇ ਬਿਜਲੀ ਮੰਤਰੀ ਤਰੁਣਪ੍ਰੀਤ ਸਿੰਘ ਸੌਂਧ ਨੂੰ ਮਾਮਲੇ ਵਿੱਚ ਨਿੱਜੀ ਦਖ਼ਲ ਦੇ ਕੇ ਜਲਦੀ ਹੱਲ ਯਕੀਨੀ ਬਣਾਉਣ ਦੀ ਅਪੀਲ ਕੀਤੀ।

# ਪਾਕਿਸਤਾਨ 'ਚ ਘੱਟ ਗਿਣਤੀਆਂ ਅਤੇ ਧਾਰਮਿਕ ਸਥਾਨ ਅਸੁਰੱਖਿਅਤ: ਪ੍ਰੋ. ਸਰਚਾਂਦ ਸਿੰਘ ਨੇ ਚੁੱਕਿਆ ਮੁੱਦਾ ਪ੍ਰਧਾਨ ਮੰਤਰੀ ਨੂੰ ਕੌਮਾਂਤਰੀ ਪੱਧਰ 'ਤੇ ਮੁੱਦਾ ਉਠਾਉਣ ਦੀ ਅਪੀਲ

ਅੰਮ੍ਰਿਤਸਰ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਲਹਿੰਦੇ ਪੰਜਾਬ ਦੇ ਮੰਡੀ ਚੂੜਕਾਣਾ ਵਿਖੇ ਇਤਿਹਾਸਕ ਗੁਰਦੁਆਰਾ ਸਿੰਘ ਸਭਾ ਦੇ ਗੁੰਬਦ ਸਮੇਤ ਇੱਕ ਹਿੱਸੇ ਨੂੰ ਢਾਹੇ ਜਾਣ ਦਾ ਮਾਮਲਾ ਸੁਰਖੀਆਂ ਵਿੱਚ ਹੈ। ਇਸ ਤੋਂ ਪਹਿਲਾਂ ਵੀ ਕਈ ਗੁਰੂਧਾਮਾਂ ਨੂੰ ਇਸੇ ਤਰ੍ਹਾਂ ਢਾਹਿਆ ਗਿਆ ਹੈ ਅਤੇ ਜ਼ਮੀਨਾਂ 'ਤੇ ਨਾਜਾਇਜ਼ ਕਬਜ਼ੇ ਕੀਤੇ ਗਏ ਹਨ। ਭਾਜਪਾ ਪੰਜਾਬ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਭਾਰਤ ਦੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਅਤੇ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੂੰ ਅਪੀਲ ਕੀਤੀ ਕਿ ਉਹ ਪਾਕਿਸਤਾਨ ਸਰਕਾਰ ਅਤੇ ਕੌਮਾਂਤਰੀ ਮੰਚਾਂ 'ਤੇ ਪਾਕਿਸਤਾਨ ਵਿੱਚ ਸਿੱਖਾਂ ਅਤੇ ਹਿੰਦੂਆਂ ਦੇ ਧਾਰਮਿਕ ਅਸਥਾਨਾਂ ਦੀ ਸੁਰੱਖਿਆ ਦਾ ਮੁੱਦਾ ਜ਼ੋਰਦਾਰ ਢੰਗ ਨਾਲ ਉਠਾਉਣ।

ਉਨ੍ਹਾਂ ਪਾਕਿਸਤਾਨੀ ਪੰਜਾਬ ਦੇ ਮੰਡੀ ਚੂੜਕਾਣਾ ਵਿਖੇ ਇਤਿਹਾਸਕ ਗੁਰਦੁਆਰਾ ਸਿੰਘ ਸਭਾ, ਜੋ ਗੁਰਦੁਆਰਾ ਸੱਚਾ ਸੌਦਾ ਦੇ ਨਜ਼ਦੀਕ ਸਥਿਤ ਹੈ, ਦੇ ਗੁੰਬਦ ਸਮੇਤ ਇੱਕ ਹਿੱਸੇ ਨੂੰ ਸਥਾਨਕ ਪ੍ਰਸ਼ਾਸਨ ਅਤੇ ਕਥਿਤ ਭੂ-ਮਾਫ਼ੀਆ ਦੀ ਮਿਲੀਭੁਗਤ ਨਾਲ ਢਾਹੇ ਜਾਣ ਦੀ ਸਖ਼ਤ ਨਿੰਦਾ ਕੀਤੀ। ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤ ਨੇ ਮੌਕੇ 'ਤੇ ਪਹੁੰਚ ਕੇ ਇਸ ਕਾਰਵਾਈ ਨੂੰ ਰੋਕਣ ਦੀ ਕੋਸ਼ਿਸ਼ ਕੀਤੀ, ਪਰ ਉਹ ਸਫਲ ਨਹੀਂ ਹੋ ਸਕੇ। ਉਨ੍ਹਾਂ ਕਿਹਾ ਕਿ ਇਹ ਗੁਰਦੁਆਰਾ ਇਵੈਕੁਈ ਟਰੱਸਟ ਪ੍ਰਾਪਰਟੀ ਬੋਰਡ ਦੀ ਸੁਰੱਖਿਆ ਹੇਠ ਹੋਣ ਦੇ ਬਾਵਜੂਦ ਬੋਰਡ ਇਸ ਦੀ ਰੱਖਿਆ ਕਰਨ ਵਿੱਚ ਪੂਰੀ ਤਰ੍ਹਾਂ ਅਸਫਲ ਰਿਹਾ।



ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ (ਐਬਟਾਬਾਦ): ਜ਼ਿਲ੍ਹਾ ਅਟਕ ਦੇ ਇਸ ਇਤਿਹਾਸਕ ਗੁਰਦੁਆਰੇ ਨੂੰ ਕਥਿਤ ਤੌਰ 'ਤੇ ਇੱਕ ਅਧਿਕਾਰੀ ਵੱਲੋਂ ਇਕ ਕਰੋੜ ਰੁਪਏ ਰਿਸ਼ਵਤ ਲੈ ਕੇ ਵੇਚਣ ਦਾ ਮਾਮਲਾ ਸਾਹਮਣੇ ਆਇਆ, ਜਿਸ ਤੋਂ ਬਾਅਦ ਗੁਰਦੁਆਰੇ ਦੇ ਅੰਦਰ ਬੁਟੀਕ ਖੋਲ੍ਹ ਕੇ ਵਪਾਰਕ ਗਤੀਵਿਧੀਆਂ ਸ਼ੁਰੂ ਕਰ ਦਿੱਤੀਆਂ ਗਈਆਂ।

ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ: ਇੱਥੋਂ ਦੀਆਂ ਹਜ਼ਾਰਾਂ ਏਕੜ ਜ਼ਮੀਨਾਂ 'ਤੇ ਨਾਜਾਇਜ਼ ਕਬਜ਼ਿਆਂ ਦੇ ਦੋਸ਼ ਲੱਗੇ। ਅਪਰੈਲ 2024 ਵਿੱਚ ਪਾਕਿਸਤਾਨੀ ਸੰਸਦ ਮੈਂਬਰ ਸੇਜਰਾ ਅਲੀ ਖਾਨ ਨੇ ਸੰਸਦ ਵਿੱਚ ਨਨਕਾਣਾ ਸਾਹਿਬ ਦੀ ਲਗਭਗ 20 ਏਕੜ ਜ਼ਮੀਨ ਦੇ ਮਾਮਲੇ ਨੂੰ ਉਠਾਉਂਦਿਆਂ ਬੋਰਡ ਖ਼ਿਲਾਫ਼ ਜਾਂਚ ਦੀ ਮੰਗ ਕੀਤੀ ਸੀ, ਜਿਸ ਤੋਂ ਬਾਅਦ ਸੁਪਰੀਮ ਕੋਰਟ ਦੇ ਨਿਰਦੇਸ਼ਾਂ 'ਤੇ ਧਾਰਮਿਕ ਮੰਤਰਾਲੇ ਨੇ ਬੋਰਡ ਦਾ ਰਿਕਾਰਡ ਵੀ ਆਪਣੇ ਕਬਜ਼ੇ ਵਿੱਚ ਲਿਆ। ਗੁਰਦੁਆਰਾ ਬੇਬੇ ਨਾਨਕੀ (ਲਾਹੌਰ): ਲਾਹੌਰ ਦੇ ਗੁਰਦੁਆਰਾ ਡੇਹਰਾ ਸਾਹਿਬ ਕੰਪਲੈਕਸ ਵਿੱਚ ਸਥਿਤ ਇਸ ਗੁਰਦੁਆਰੇ ਨਾਲ ਸੰਬੰਧਿਤ ਲਗਭਗ 800 ਕਰੋੜ ਰੁਪਏ ਮੁੱਲ ਦੀ ਜ਼ਮੀਨ ਰਿਹਾਇਸ਼ੀ ਕਲੋਨੀ ਲਈ ਵੇਚੀ ਗਈ।

ਨਾਨਕ ਮਹਿਲ (ਨਾਰੋਵਾਲ): ਮਈ 2019 ਵਿੱਚ ਇਸ ਸਦੀਆਂ ਪੁਰਾਣੇ ਮਹਿਲ ਦੇ ਹਿੱਸੇ ਢਾਹ ਕੇ ਕੀਮਤੀ ਦਰਵਾਜ਼ੇ ਅਤੇ ਖਿੜਕੀਆਂ ਵੇਚ ਦਿੱਤੀਆਂ ਗਈਆਂ। ਗੁਰਦੁਆਰਾ ਦੀਵਾਨ ਖਾਨਾ ਸੁੰਦਰ (ਲਾਹੌਰ): ਚੂਨਾ ਮੰਡੀ ਸਥਿਤ ਇਹ ਗੁਰਦੁਆਰਾ, ਜੋ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਅਸਥਾਨ ਨਾਲ ਸੰਬੰਧਿਤ ਸੀ, ਨੂੰ ਢਾਹ ਕੇ ਉਸ ਦੀ ਜ਼ਮੀਨ 'ਤੇ ਪਲਾਜ਼ਾ ਉਸਾਰ ਦਿੱਤਾ ਗਿਆ।

ਹੋਰ ਬੇਅਦਬੀਆਂ: ਰਾਵਲਪਿੰਡੀ ਦੇ ਗੁਰਦੁਆਰਾ ਸ਼੍ਰੀ ਦਰਬਾਰ ਦਮਦਮਾ ਸਾਹਿਬ ਦੇ ਆਲੇ-ਦੁਆਲੇ ਬੁੱਚੜਖ਼ਾਨੇ ਅਤੇ ਮਾਸ ਦੀਆਂ ਦੁਕਾਨਾਂ ਚੱਲਣ, ਸਾਹੀਵਾਲ ਦੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨੂੰ ਪੁਲੀਸ ਥਾਣੇ ਵਿੱਚ ਤਬਦੀਲ ਕਰਨ, ਗੁਰਦੁਆਰਾ ਕਿਲ੍ਹਾ ਸਾਹਿਬ 'ਤੇ ਨਾਜਾਇਜ਼ ਕਬਜ਼ੇ, ਸਿਆਲਕੋਟ ਦੇ ਗੁਰਦੁਆਰਾ ਬਾਬੇ ਦੀ ਬੇਰ ਅੰਦਰ ਮਜ਼ਾਰ ਬਣਾਉਣ ਅਤੇ ਕਸੂਰ ਦੇ ਗੁਰਦੁਆਰਾ ਭਾਈ ਫੇਰੂ ਵਿੱਚ ਪਸ਼ੂ ਬੰਨ੍ਹਣ ਵਰਗੀਆਂ ਘਟਨਾਵਾਂ ਵਾਪਰ ਚੁੱਕੀਆਂ ਹਨ, ਜੋ ਕਿ ਸਿੱਖ ਵਿਰਾਸਤ ਨਾਲ ਹੋ ਰਹੀ ਅਣਦੇਖੀ ਦੀਆਂ ਵੱਡੀਆਂ ਉਦਾਹਰਨਾਂ ਹਨ।

ਭਾਜਪਾ ਆਗੂ ਨੇ ਕਿਹਾ ਕਿ ਪਾਕਿਸਤਾਨ ਵਿੱਚ ਸੈਂਕੜੇ ਗੁਰਦੁਆਰੇ ਅਤੇ ਮੰਦਰ ਜਾਂ ਤਾਂ ਖੰਡਰ ਬਣਦੇ ਜਾ ਰਹੇ ਹਨ ਜਾਂ ਉਨ੍ਹਾਂ ਦੀਆਂ ਜ਼ਮੀਨਾਂ ਪ੍ਰਭਾਵਸ਼ਾਲੀ ਲੋਕਾਂ ਅਤੇ ਭੂ-ਮਾਫ਼ੀਆ ਦੇ ਕਬਜ਼ੇ ਹੇਠ ਹਨ। ਇਤਿਹਾਸਕ ਧਾਰਮਿਕ ਅਸਥਾਨ ਕੇਵਲ ਇਮਾਰਤਾਂ ਨਹੀਂ, ਸਗੋਂ ਸਿੱਖ ਕੌਮ ਦੀ ਆਸਥਾ, ਵਿਰਾਸਤ ਅਤੇ ਇਤਿਹਾਸ ਦੇ ਪ੍ਰਤੀਕ ਹਨ। ਉਨ੍ਹਾਂ ਦੀ ਬੇਅਦਬੀ ਪੂਰੇ ਵਿਸ਼ਵ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਂਦੀ ਹੈ।

ਬੋਰਡ ਦੀ ਆਮਦਨ ਅਤੇ ਖ਼ਰਚਿਆਂ 'ਤੇ ਸਵਾਲ

ਪ੍ਰੋ. ਖਿਆਲਾ ਨੇ ਕਿਹਾ ਕਿ ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ ਦੇ ਅਧੀਨ 517 ਗੁਰਦੁਆਰੇ ਅਤੇ 1130 ਮੰਦਰਾਂ ਨਾਲ ਸੰਬੰਧਿਤ ਲਗਭਗ 1.09 ਲੱਖ ਏਕੜ ਤੋਂ ਵੱਧ ਵਾਹੀਯੋਗ ਜ਼ਮੀਨ ਅਤੇ 46 ਹਜ਼ਾਰ ਏਕੜ ਤੋਂ ਵੱਧ ਸ਼ਹਿਰੀ ਯੂਨਿਟ ਹਨ। ਬੋਰਡ ਦੀ ਸਾਲਾਨਾ ਆਮਦਨ ਅਧਿਕਾਰਤ ਤੌਰ 'ਤੇ 565 ਕਰੋੜ ਰੁਪਏ ਤੋਂ ਵੱਧ ਦੱਸੀ ਜਾਂਦੀ ਹੈ, ਪਰ ਇਸ ਦੇ ਬਾਵਜੂਦ ਕੇਵਲ ਚੁਣਵੇਂ 21 ਗੁਰਦੁਆਰਿਆਂ ਅਤੇ 14 ਮੰਦਰਾਂ 'ਤੇ ਹੀ ਸੀਮਤ ਖ਼ਰਚ ਕੀਤਾ ਜਾਂਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵੀ 26 ਸਾਲਾਂ ਤੋਂ ਆਪਣਾ ਸਾਲਾਨਾ ਬਜਟ ਅਤੇ ਖ਼ਰਚਿਆਂ ਦਾ ਵੇਰਵਾ ਜਨਤਕ ਨਹੀਂ ਕੀਤਾ, ਜਿਸ ਨਾਲ ਪਾਰਦਰਸ਼ਤਾ 'ਤੇ ਗੰਭੀਰ ਸਵਾਲ ਖੜ੍ਹੇ ਹੁੰਦੇ ਹਨ।

ਉਨ੍ਹਾਂ ਕਿਹਾ ਕਿ ਕਰਤਾਰਪੁਰ ਲਾਂਘਾ ਖੋਲ੍ਹਣਾ ਸਵਾਗਤਯੋਗ ਕਦਮ ਹੈ, ਪਰ ਜੇਕਰ ਪਾਕਿਸਤਾਨ ਆਪਣੀ ਧਾਰਮਿਕ ਸਹਿਣਸ਼ੀਲਤਾ ਦਾ ਦਾਅਵਾ ਕਰਦਾ ਹੈ ਤਾਂ ਇਸ ਦੀ ਪਰਖ ਇਤਿਹਾਸਕ ਗੁਰਦੁਆਰਿਆਂ ਅਤੇ ਮੰਦਰਾਂ ਦੀ ਸੁਰੱਖਿਆ, ਸੰਭਾਲ ਅਤੇ ਘੱਟ ਗਿਣਤੀਆਂ ਦੇ ਅਧਿਕਾਰਾਂ ਦੀ ਰੱਖਿਆ ਨਾਲ ਹੋਵੇਗੀ, ਨਾ ਕਿ ਕੇਵਲ ਧਾਰਮਿਕ ਸੈਰ-ਸਪਾਟੇ ਦੇ ਪ੍ਰਚਾਰ ਨਾਲ।

ਉਨ੍ਹਾਂ ਮੰਗ ਕੀਤੀ ਕਿ ਪਾਕਿਸਤਾਨ ਵਿੱਚ ਸਥਿਤ ਸਾਰੇ ਗੁਰਦੁਆਰਿਆਂ ਅਤੇ ਮੰਦਰਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ, ਧਾਰਮਿਕ ਜਾਇਦਾਦਾਂ 'ਤੇ ਕੀਤੇ ਗਏ ਨਾਜਾਇਜ਼ ਕਬਜ਼ੇ ਤੁਰੰਤ ਹਟਾਏ ਜਾਣ।, ਅਜਿਹੀਆਂ ਕਾਰਵਾਈਆਂ ਵਿੱਚ ਸ਼ਾਮਲ ਅਧਿਕਾਰੀਆਂ ਅਤੇ ਭੂ-ਮਾਫ਼ੀਆ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਇਵੈਕੂਈ ਟਰੱਸਟ ਪ੍ਰਾਪਰਟੀ ਬੋਰਡ ਦੇ ਕੰਮਕਾਜ ਦਾ ਸੁਤੰਤਰ ਅਤੇ ਪਾਰਦਰਸ਼ੀ ਆਡਿਟ ਕਰਵਾਇਆ ਜਾਵੇ।ਉਨ੍ਹਾਂ ਨੇ ਕਿਹਾ ਕਿ ਜਦੋਂ ਤੱਕ ਪਾਕਿਸਤਾਨ ਵਿੱਚ ਸਿੱਖਾਂ ਅਤੇ ਹਿੰਦੂਆਂ ਦੇ ਧਾਰਮਿਕ ਅਸਥਾਨਾਂ ਦੀ ਅਸਲ ਸੁਰੱਖਿਆ, ਵਿਰਾਸਤ ਦੀ ਸੰਭਾਲ ਅਤੇ ਧਾਰਮਿਕ ਆਜ਼ਾਦੀ ਨੂੰ ਯਕੀਨੀ ਨਹੀਂ ਬਣਾਇਆ ਜਾਂਦਾ, ਉਦੋਂ ਤੱਕ ਧਾਰਮਿਕ ਸੈਰ-ਸਪਾਟੇ ਅਤੇ ਸਦਭਾਵਨਾ ਦੇ ਦਾਅਵੇ ਅਧੂਰੇ ਅਤੇ ਵਿਸ਼ਵਾਸਯੋਗ ਨਹੀਂ ਮੰਨੇ ਜਾਣਗੇ। ਉਨ੍ਹਾਂ ਕਿਹਾ ਕਿ ਪਾਕਿਸਤਾਨ ਦਾ ਸਿੱਖ ਭਾਈਚਾਰਾ ਆਪਣੀ ਮਿਹਨਤ, ਕਾਰੋਬਾਰ ਅਤੇ ਸਮਾਜਿਕ ਤਰੱਕੀ ਲਈ ਲਗਾਤਾਰ ਯਤਨਸ਼ੀਲ ਹੈ। ਪਰ ਪਾਕਿਸਤਾਨ ਵਿੱਚ ਸਿੱਖਾਂ ਨੂੰ ਆਪਣੇ ਧਾਰਮਿਕ ਅਸਥਾਨਾਂ ਦੇ ਪ੍ਰਬੰਧ ਅਤੇ ਧਾਰਮਿਕ ਮਾਮਲਿਆਂ ਵਿੱਚ ਸੁਤੰਤਰ ਫ਼ੈਸਲੇ ਲੈਣ ਦਾ ਅਧਿਕਾਰ ਵੀ ਹਾਸਲ ਨਹੀਂ, ਜੋ ਉਨ੍ਹਾਂ ਦੀਆਂ ਧਾਰਮਿਕ ਭਾਵਨਾਵਾਂ ਅਤੇ ਆਤਮ-ਸਨਮਾਨ ਨੂੰ ਗੰਭੀਰ ਠੇਸ ਪਹੁੰਚਾ ਰਿਹਾ ਹੈ।

ਭਾਜਪਾ ਆਗੂ ਨੇ ਕਿਹਾ ਕਿ ਕੌਮਾਂਤਰੀ ਧਾਰਮਿਕ ਆਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਨਾਲ ਸੰਬੰਧਿਤ ਵੱਖ-ਵੱਖ ਰਿਪੋਰਟਾਂ ਵੀ ਪਾਕਿਸਤਾਨ ਵਿੱਚ ਘੱਟ ਗਿਣਤੀਆਂ ਦੀ ਅਸੁਰੱਖਿਅਤ ਸਥਿਤੀ ਵੱਲ ਇਸ਼ਾਰਾ ਕਰਦੀਆਂ ਹਨ। ਜਬਰੀ ਧਰਮ ਪਰਿਵਰਤਨ, ਘੱਟ ਗਿਣਤੀ ਭਾਈਚਾਰਿਆਂ 'ਤੇ ਹਮਲੇ ਅਤੇ ਧਾਰਮਿਕ ਜਾਇਦਾਦਾਂ 'ਤੇ ਕਬਜ਼ੇ ਲਗਾਤਾਰ ਚਿੰਤਾ ਦਾ ਕਾਰਨ ਹਨ। ਉਨ੍ਹਾਂ ਕਿਹਾ ਕਿ ਪਾਕਿਸਤਾਨ ਦਾ ਸੰਵਿਧਾਨ ਧਾਰਮਿਕ ਆਜ਼ਾਦੀ ਦੀ ਗਾਰੰਟੀ ਦਿੰਦਾ ਹੈ, ਪਰ ਜ਼ਮੀਨੀ ਹਕੀਕਤ ਇਸ ਤੋਂ ਬਿਲਕੁਲ ਵੱਖਰੀ ਨਜ਼ਰ ਆਉਂਦੀ ਹੈ।

# 18 ਦਿਨਾਂ ਦੇ ਜਵਾਕ ਨੂੰ ਛਾਤੀ ਨਾਲ ਲਾਈ ਮਲਬੇ 'ਚ ਦੱਬੀ ਰਹੀ ਮਾਂ

ਕਰਾਰਾਸ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਵੈਨੇਜ਼ੁਏਲਾ ਦੇ ਉੱਤਰੀ ਹਿੱਸੇ 'ਚ 7.2 ਅਤੇ 7.5 ਤੀਬਰਤਾ ਦੇ ਆਏ ਦੋ ਭੂਚਾਲਾਂ ਨੇ ਭਾਰੀ ਤਬਾਹੀ ਮਚਾਈ ਹੈ। ਇਸ ਕੁਦਰਤੀ ਆਫ਼ਤ ਕਾਰਨ ਹੁਣ ਤਕ 920 ਲੋਕਾਂ ਦੀ ਮੌਤ ਦੀ ਪੁਸ਼ਟੀ ਹੋ ਚੁੱਕੀ ਹੈ ਜਦ ਕਿ ਤਿੰਨ ਹਜ਼ਾਰ ਤੋਂ ਵੱਧ ਲੋਕ ਜ਼ਖ਼ਮੀ ਹਨ। ਮਲਬੇ ਦੇ ਢੇਰ 'ਚ ਤਬਦੀਲ ਹੋ ਚੁੱਕੀਆਂ ਗਗਨਚੁੰਬੀ ਇਮਾਰਤਾਂ ਥੱਲਿਓਂ ਆਪਣਿਆਂ ਦੀ ਭਾਲ 'ਚ ਜੁਟੇ ਪਰਿਵਾਰਾਂ ਲਈ ਸਮਾਂ ਤੇਜ਼ੀ ਨਾਲ ਭੱਜ ਰਿਹਾ ਹੈ।

ਲਾ ਗੁਆਰਾ 'ਚ ਅੱਠ ਮੰਜ਼ਿਲਾ ਇੱਕ ਹੋਰ ਇਮਾਰਤ ਦੇ ਮਲਬੇ ਹੇਠਾਂ ਡਾਯਨਾ ਪਟਿਨੋ, ਅਤੇ ਉਨ੍ਹਾਂ ਦਾ ਸਿਰਫ਼ 18 ਦਿਨਾਂ ਦਾ ਨਵਜੰਮਿਆ ਬੇਟਾ ਦੱਬੇ ਹੋਏ ਸਨ। ਮਲਬਾ ਇੰਨਾ ਭਾਰੀ ਸੀ ਕਿ ਦਯਾਨਾ ਹਿੱਲ ਵੀ ਨਹੀਂ ਪਾ ਰਹੀ ਸੀ। ਉਸ ਨੇ ਘੰਟਿਆਂ ਬੱਧੀ ਆਪਣੇ ਕਲੇਜੇ ਦੇ ਟੁਕੜੇ ਨੂੰ ਛਾਤੀ ਨਾਲ ਘੁੱਟ ਕੇ ਰੱਖਿਆ, ਪਰ ਉਹ ਉਸ ਨੂੰ ਦੁੱਧ ਪਿਲਾਉਣ ਦੀ ਹਾਲਤ 'ਚ ਵੀ ਨਹੀਂ ਸੀ।

ਵੀਲੰਟੀਅਰ ਮੇਰਲੀ ਐਡਰੇਇਨਾ ਕੁਇੰਟੇਰੋ ਨੇ ਦੱਸਿਆ ਕਿ ਉਹ ਤਕਰੀਬਨ 12 ਘੰਟਿਆਂ ਤੋਂ ਦਯਾਨਾ ਦੀ ਭਾਲ ਕਰ ਰਹੇ ਸਨ ਅਤੇ ਮੰਨ ਚੁੱਕੇ ਸਨ ਕਿ ਉਹ ਹੁਣ ਇਸ ਦੁਨੀਆਂ 'ਚ ਨਹੀਂ ਰਹੀ, ਪਰ ਕੜੀ ਮੁਸ਼ੱਕਤ ਮਗਰੋਂ ਰੈਸਕਿਊ ਟੀਮ ਅਤੇ ਵਾਲੰਟੀਅਰਾਂ ਨੇ ਮਿਲ ਕੇ ਮਾਂ ਅਤੇ ਬੱਚੇ ਨੂੰ ਸੁਰੱਖਿਅਤ ਬਾਹਰ ਕੱਢਿਆ। ਜਾਂਚ 'ਚ ਪਤਾ ਲੱਗਿਆ ਕਿ ਇੰਨੇ ਭਾਰੀ ਮਲਬੇ ਦੇ ਬਾਵਜੂਦ ਮਾਂ ਜਾਂ ਬੱਚੇ 'ਚੋਂ ਕਿਸੇ ਨੂੰ ਇੱਕ ਵੀ ਫ਼੍ਰੈਕਚਰ ਤਕ ਨਹੀਂ ਆਇਆ ਸੀ।

ਭਿਆਨਕ ਭੂਚਾਲ ਕਾਰਨ ਮਚੀ ਤਬਾਹੀ ਤੋਂ ਬਾਅਦ ਵੈਨੇਜ਼ੁਏਲਾ 'ਚ ਇੱਕ ਵਾਰ ਫ਼ਿਰ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ ਹਨ। ਵੈਨੇਜ਼ੁਏਲਾ ਦੇ ਉਤਰੀ ਤੱਟ ਨੇੜੇ ਆਏ ਭੂਚਾਲ ਦੀ ਤੀਬਰਤਾ ਰਿਕਟਰ ਪੈਮਾਨੇ 'ਤੇ 4.9 ਮਾਪੀ ਗਈ ਹੈ। ਇਸ ਨਾਲ ਚਿੰਤਾ ਹੋਰ ਵੱਧ ਗਈ ਹੈ ਕਿਉਂਕਿ ਦੇਸ਼ ਪਹਿਲਾਂ ਆਏ ਭਿਆਨਕ ਭੂਚਾਲ ਕਾਰਨ ਮਨੁੱਖੀ ਸੰਕਟ ਦਾ ਸਾਹਮਣਾ ਕਰ ਰਿਹਾ ਹੈ। ਮਾਹਿਰਾਂ ਨੇ ਕਿਹਾ ਹੈ ਕਿ ਆਉਣ ਵਾਲੇ ਦਿਨਾਂ 'ਚ ਹੋਰ ਵੀ ਆਫ਼ਟਰਸ਼ੌਕ ਆ ਸਕਦੇ ਹਨ।

# ਯਮੁਨਾਨਗਰ ਵਿੱਚ 'ਵਾਰਤਾਲਾਪ' ਵਰਕਸ਼ਾਪ ਦਾ ਆਯੋਜਨ; ਭਲਾਈ ਸਕੀਮਾਂ ਅਤੇ 12 ਸਾਲਾਂ ਦੀਆਂ ਪ੍ਰਾਪਤੀਆਂ 'ਤੇ ਹੋਈ ਵਿਸਤ੍ਰਿਤ ਚਰਚਾ; ਕੇਂਦਰ ਸਰਕਾਰ ਦੀਆਂ ਲੋਕ-ਭਲਾਈ ਸਕੀਮਾਂ ਯਮੁਨਾਨਗਰ ਦੇ ਵਿਕਾਸ ਵਿੱਚ ਮੀਲ ਦਾ ਪੱਥਰ ਸਾਬਤ ਹੋਈਆਂ: ਡਿਪਟੀ ਕਮਿਸ਼ਨਰ



**ਯਮੁਨਾਨਗਰ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੱਤਰ ਸੂਚਨਾ ਦਫ਼ਤਰ (ਪੀਆਈਬੀ), ਚੰਡੀਗੜ੍ਹ ਵੱਲੋਂ ਹਰਿਆਣਾ ਦੇ ਯਮੁਨਾਨਗਰ ਜ਼ਿਲ੍ਹੇ ਵਿੱਚ ਇੱਕ ਰੋਜ਼ਾ ਜ਼ਿਲ੍ਹਾ ਪੱਧਰੀ ਮੀਡੀਆ ਵਰਕਸ਼ਾਪ, 'ਵਾਰਤਾਲਾਪ' ਦਾ ਆਯੋਜਨ ਕੀਤਾ ਗਿਆ। ਵਰਕਸ਼ਾਪ ਦਾ ਮੁੱਖ ਵਿਸ਼ਾ ÷ਕੇਂਦਰ ਸਰਕਾਰ ਦੀਆਂ ਭਲਾਈ ਸਕੀਮਾਂ ਦੇ 12 ਸਾਲਾਂ ਦੀਆਂ ਪ੍ਰਾਪਤੀਆਂ÷ ਸੀ, ਜਿਸ ਦੇ ਤਹਿਤ ਕੇਂਦਰ ਅਤੇ ਰਾਜ ਸਰਕਾਰਾਂ ਦੀਆਂ ਵੱਖ-ਵੱਖ ਭਲਾਈ ਸਕੀਮਾਂ ਦੇ ਸਫਲ ਲਾਗੂ ਕਰਨ ਅਤੇ ਪਿਛਲੇ 12 ਸਾਲਾਂ ਵਿੱਚ ਹਾਸਲ ਕੀਤੀਆਂ ਮਹੱਤਵਪੂਰਨ ਪ੍ਰਾਪਤੀਆਂ 'ਤੇ ਵਿਸਤ੍ਰਿਤ ਚਰਚਾ ਕੀਤੀ ਗਈ। ਯਮੁਨਾਨਗਰ ਦੇ ਡਿਪਟੀ ਕਮਿਸ਼ਨਰ, ਸੁਸ਼੍ਰੀ ਪ੍ਰੀਤੀ, ਮੁੱਖ ਮਹਿਮਾਨ ਵਜੋਂ 'ਵਾਰਤਾਲਾਪ' ਵਿੱਚ ਸ਼ਾਮਲ ਹੋਏ। ਵਰਕਸ਼ਾਪ ਵਿੱਚ ਪੱਤਰਕਾਰਾਂ ਦੇ ਨਾਲ-ਨਾਲ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਅਤੇ ਪ੍ਰਤੀਨਿਧੀਆਂ ਨੇ ਸਰਗਰਮੀ ਨਾਲ ਹਿੱਸਾ ਲਿਆ।

ਆਪਣੇ ਸੰਬੋਧਨ ਵਿੱਚ ਯਮੁਨਾਨਗਰ ਦੇ ਡਿਪਟੀ ਕਮਿਸ਼ਨਰ, ਸੁਸ਼੍ਰੀ ਪ੍ਰੀਤੀ, ਆਈਏਐੱਸ ਨੇ ਕਿਹਾ ਕਿ ਪਿਛਲੇ 12 ਸਾਲਾਂ ਵਿੱਚ ਲਾਗੂ ਕੀਤੀਆਂ ਗਈਆਂ ਭਲਾਈ ਸਕੀਮਾਂ ਨੇ ਨਾਗਰਿਕਾਂ, ਵਿਸ਼ੇਸ਼ ਤੌਰ 'ਤੇ ਸਮਾਜ ਦੇ ਆਖ਼ਰੀ ਪੜਾਅ 'ਤੇ ਮੌਜੂਦ ਲੋਕਾਂ ਦੇ ਜੀਵਨ ਨੂੰ ਕਾਫ਼ੀ ਸੌਖਾ ਅਤੇ ਖੁਸ਼ਹਾਲ ਬਣਾਇਆ ਹੈ।

ਉਨ੍ਹਾਂ ਨੇ ਜ਼ਿਲ੍ਹੇ ਦੇ ਸਾਰੇ ਵਿਭਾਗਾਂ ਦੀਆਂ ਪੁਰਜ਼ੋਰ ਕੋਸ਼ਿਸ਼ਾਂ ਦੀ ਸ਼ਲਾਘਾ ਕੀਤੀ ਅਤੇ ਵਿਕਾਸ ਦੀ ਇਸ ਰਫ਼ਤਾਰ ਨੂੰ ਬਣਾਈ ਰੱਖਣ ਲਈ ਪ੍ਰਸ਼ਾਸਨ ਅਤੇ ਮੀਡੀਆ ਵਿਚਕਾਰ ਲਗਾਤਾਰ ਸੰਵਾਦ ਅਤੇ ਤਾਲਮੇਲ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਦੱਸਿਆ ਕਿ ਆਯੁਸ਼ਮਾਨ ਭਾਰਤ, ਪੀਐੱਮ ਸੂਰਯ ਘਰ ਯੋਜਨਾ, ਮੁਦਰਾ ਯੋਜਨਾ, ਪੀਐੱਮ ਕਿਸਾਨ ਸਨਮਾਨ ਨਿਧੀ ਯੋਜਨਾ, ਪ੍ਰਧਾਨ ਮੰਤਰੀ ਸੁਰਕਸ਼ਿਤ ਮਾਤ੍ਰਿਤਵ ਅਭਿਆਨ ਸਮੇਤ ਹੋਰ ਲੋਕ-ਭਲਾਈ ਯੋਜਨਾਵਾਂ ਵਿੱਚ ਬਹੁਤ ਸਾਰੀਆਂ ਪ੍ਰਾਪਤੀਆਂ ਹਾਸਲ ਕੀਤੀਆਂ ਗਈਆਂ ਹਨ।

ਇਸ ਦੌਰਾਨ ਮੀਡੀਆ ਕਰਮੀਆਂ ਨਾਲ ਚਰਚਾ ਕਰਦੇ ਹੋਏ ਡਿਪਟੀ ਕਮਿਸ਼ਨਰ ਨੇ ਪੱਤਰਕਾਰਾਂ ਨੂੰ ਸੋਸ਼ਲ ਮੀਡੀਆ ਪਲੈਟਫਾਰਮਾਂ ਦੀ ਵਰਤੋਂ ਕਰਦੇ ਸਮੇਂ ਸਮਾਜਿਕ ਜ਼ਿੰਮੇਵਾਰੀ ਨੂੰ ਧਿਆਨ ਵਿੱਚ ਰੱਖਣ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਨੇ ਕਿਹਾ ਕਿ ਵੱਖ-ਵੱਖ ਪੀੜ੍ਹੀਆਂ ਦੇ ਲੋਕ, ਨੌਜਵਾਨਾਂ ਤੋਂ ਲੈ ਕੇ ਬਜ਼ੁਰਗਾਂ ਤੱਕ, ਹਰ ਕੋਈ ਮੋਬਾਈਲ ਫ਼ੋਨ ਅਤੇ ਵੱਖ-ਵੱਖ ਸੋਸ਼ਲ ਮੀਡੀਆ ਪਲੈਟਫਾਰਮਾਂ ਦੀ ਵਰਤੋਂ ਕਰ ਰਿਹਾ ਹੈ, ਇਸ ਲਈ, ਇਹ ਬੇਹੱਦ ਮਹੱਤਵਪੂਰਨ ਹੋ ਜਾਂਦਾ ਹੈ ਕਿ ਅਸੀਂ ਇਸ ਦੀ ਵਰਤੋਂ ਕਿਸ ਤਰ੍ਹਾਂ ਕਰਦੇ ਹਾਂ। ਉਨ੍ਹਾਂ ਨੇ ਲੋਕਾਂ, ਵਿਸ਼ੇਸ਼ ਤੌਰ 'ਤੇ ਮੀਡੀਆ ਕਰਮੀਆਂ ਨੂੰ ਵਧੇਰੇ ਚੌਕਸ ਰਹਿਣ ਅਤੇ ਸੋਸ਼ਲ ਮੀਡੀਆ ਦੀ ਸਕਾਰਾਤਮਕ ਵਰਤੋਂ ਬਾਰੇ ਜਾਗਰੂਕਤਾ ਫੈਲਾਉਣ ਦੀ ਅਪੀਲ ਕੀਤੀ।

ਇਸ ਮੌਕੇ 'ਤੇ ਸ਼੍ਰੀ ਨਵੀਨ ਕੁਮਾਰ ਅਹੂਜਾ, ਵਧੀਕ ਡਿਪਟੀ ਕਮਿਸ਼ਨਰ, ਯਮੁਨਾਨਗਰ ਨੇ ਜ਼ੋਰ ਦੇ ਕੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਲੋਕ-ਭਲਾਈ ਸਕੀਮਾਂ ਯਮੁਨਾਨਗਰ ਦੇ ਵਿਕਾਸ ਵਿੱਚ ਮੀਲ ਦਾ ਪੱਥਰ ਸਾਬਤ ਹੋ ਰਹੀਆਂ ਹਨ। ਉਨ੍ਹਾਂ ਨੇ ਦੱਸਿਆ ਕਿ ਇਨ੍ਹਾਂ ਭਲਾਈ ਸਕੀਮਾਂ ਨਾਲ ਸਿੱਖਿਆ, ਸਿਹਤ, ਖੇਤੀਬਾੜੀ, ਊਰਜਾ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਵਿੱਚ ਸ਼ਲਾਘਾਯੋਗ ਪ੍ਰਾਪਤੀਆਂ ਹਾਸਲ ਕੀਤੀਆਂ ਗਈਆਂ ਹਨ।

ਵਰਕਸ਼ਾਪ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਪੁਨੀਤ ਸਕਸੇਨਾ, ਆਈਆਈਐੱਸ, ਪੀਆਈਬੀ ਮੁੱਖ ਦਫ਼ਤਰ (ਹੈੱਡਕੁਆਰਟਰ), ਦਿੱਲੀ ਨੇ ਇਸ ਗੱਲ ਦਾ ਸੰਖੇਪ ਵੇਰਵਾ ਦਿੱਤਾ ਕਿ ਪੀਆਈਬੀ ਫੈਕਟ ਚੈੱਕ ਯੂਨਿਟ ਕਿੰਨੀ ਕੁਸ਼ਲਤਾ ਨਾਲ ਕੰਮ ਕਰਦੀ ਹੈ ਅਤੇ ਪੱਤਰ ਸੂਚਨਾ ਦਫ਼ਤਰ ਜਨਤਾ ਅਤੇ ਸਰਕਾਰ ਵਿਚਕਾਰ ਇੱਕ ਵਿਚੋਲੇ ਵਜੋਂ ਕਿਵੇਂ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ।

ਇਸੇ ਤਰ੍ਹਾਂ, ਸ਼੍ਰੀ ਅਹਿਮਦ ਖਾਨ, ਮੀਡੀਆ ਅਤੇ ਸੰਚਾਰ ਅਧਿਕਾਰੀ, ਪੀਆਈਬੀ ਚੰਡੀਗੜ੍ਹ ਨੇ 'ਵਾਰਤਾਲਾਪ' ਦੇ ਉਦੇਸ਼ਾਂ 'ਤੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਲੋਕ-ਭਲਾਈ ਦੀਆਂ ਯੋਜਨਾਵਾਂ ਨੂੰ ਮੀਡੀਆ ਦੇ ਮਾਧਿਅਮ ਰਾਹੀਂ ਲੋਕਾਂ ਤੱਕ ਪਹੁੰਚਾਉਣ ਵਿੱਚ ਇੱਕ ਸਾਰਥਕ ਕਦਮ ਹਨ। ਉਨ੍ਹਾਂ ਨੇ ਖੇਤਰ ਵਿੱਚ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਤਹਿਤ ਕੰਮ ਕਰਨ ਵਾਲੀਆਂ ਵੱਖ-ਵੱਖ ਮੀਡੀਆ ਇਕਾਈਆਂ ਦੇ ਢਾਂਚੇ ਅਤੇ ਕੰਮਕਾਜ 'ਤੇ ਇੱਕ ਵਿਸਤ੍ਰਿਤ ਪੇਸ਼ਕਾਰੀ ਦਿੱਤੀ, ਅਤੇ ਜ਼ਮੀਨੀ ਪੱਧਰ ਤੱਕ ਵਿਕਾਸ ਨਾਲ ਸਬੰਧਤ ਜਾਣਕਾਰੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਆਮ ਜਨਤਾ ਤੱਕ ਪਹੁੰਚਾਉਣ ਵਿੱਚ ਮੀਡੀਆ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ।

ਵਰਕਸ਼ਾਪ ਦੌਰਾਨ, ਵੱਖ-ਵੱਖ ਸਰਕਾਰੀ ਵਿਭਾਗਾਂ ਵੱਲੋਂ ਪਿਛਲੇ 12 ਸਾਲਾਂ ਦੇ ਆਪਣੇ-ਆਪਣੇ ਰਿਪੋਰਟ ਕਾਰਡ ਅਤੇ ਪ੍ਰਾਪਤੀਆਂ ਨੂੰ ਪੇਸ਼ ਕਰਨ ਲਈ ਕਈ ਤਕਨੀਕੀ ਸੈਸ਼ਨ ਆਯੋਜਿਤ ਕੀਤੇ ਗਏ। ਇਸੇ ਲੜੀ ਦੇ ਤਹਿਤ ਯਮੁਨਾਨਗਰ ਦੇ ਸਿਵਲ ਸਰਜਨ ਡਾ. ਦਿਵਿਆ ਮੰਗਲਾ ਅਤੇ ਡਿਪਟੀ ਸਿਵਲ ਸਰਜਨ, ਡਾ. ਚਾਰੂ ਕਾਲੜਾ ਨੇ ਪ੍ਰਧਾਨ ਮੰਤਰੀ ਸੁਰਕਸ਼ਿਤ ਮਾਤ੍ਰਿਤਵ ਅਭਿਆਨ (ਪੀਐੱਮਐੱਸਐੱਮਵਾਈ), ਆਯੁਸ਼ਮਾਨ ਭਾਰਤ, ਟੀਬੀ ਮੁਕਤ ਭਾਰਤ ਅਭਿਆਨ ਅਤੇ ਐੱਚਪੀਵੀ ਟੀਕਾਕਰਣ ਸਮੇਤ ਪ੍ਰਮੁੱਖ ਸਿਹਤ ਪਹਿਲਕਦਮੀਆਂ 'ਤੇ ਵਿਆਪਕ ਪ੍ਰਗਤੀ ਰਿਪੋਰਟ ਸਾਂਝੀ ਕੀਤੀ।

ਡਾ. ਦਿਵਿਆ ਮੰਗਲਾ ਨੇ ਉਜਾਗਰ ਕੀਤਾ ਕਿ ਯਮੁਨਾਨਗਰ ਵਿੱਚ ਮਾਤ੍ਰਿ ਮੌਤ ਦਰ ਵਿੱਚ ਭਾਰੀ ਗਿਰਾਵਟ ਆਈ ਹੈ ਅਤੇ ਇਸ ਦਾ ਵੱਡਾ ਸਿਹਰਾ ਪ੍ਰਧਾਨ ਮੰਤਰੀ ਸੁਰਕਸ਼ਿਤ ਮਾਤ੍ਰਿਤਵ ਅਭਿਆਨ (ਪੀਐੱਮਐੱਸਐੱਮਵਾਈ) ਨੂੰ ਜਾਂਦਾ ਹੈ। ਉਨ੍ਹਾਂ ਨੇ ਅੱਗੇ ਜ਼ਿਕਰ ਕੀਤਾ ਕਿ ਅਪ੍ਰੈਲ 2026 ਤੋਂ ਯਮੁਨਾਨਗਰ ਦੇ ਸਰਕਾਰੀ ਹਸਪਤਾਲਾਂ ਵਿੱਚ ਇੱਕ ਵੀ ਮਾਤ੍ਰਿ ਮੌਤ ਦੀ ਸੂਚਨਾ ਨਹੀਂ ਮਿਲੀ ਹੈ। ਐੱਚਪੀਵੀ ਟੀਕਾਕਰਣ ਬਾਰੇ ਉਨ੍ਹਾਂ ਨੇ ਕਿਹਾ ਕਿ ਯਮੁਨਾਨਗਰ ਦਾ ਟੀਚਾ ਚਾਰਟ ਵਿੱਚ ਸਿਖਰ 'ਤੇ ਰਹਿਣਾ ਨਹੀਂ ਹੈ ਸਗੋਂ 100% ਪ੍ਰਾਪਤੀ ਹਾਸਲ ਕਰਨਾ ਹੈ, ਕਿਉਂਕਿ ਉਹ ਇੱਕ ਵੀ ਲੜਕੀ ਨੂੰ ਪਿੱਛੇ ਨਹੀਂ ਛੱਡਣਾ ਚਾਹੁੰਦੇ ਹਨ। ਡਾ. ਕਾਲੜਾ ਨੇ ਇਹ ਵੀ ਦੱਸਿਆ ਕਿ ਜ਼ਿਲ੍ਹੇ ਵਿੱਚ ਲਿੰਗ ਅਨੁਪਾਤ ਵਿੱਚ ਵੀ ਸ਼ਲਾਘਾਯੋਗ ਕੰਮ ਕੀਤਾ ਗਿਆ ਹੈ ਅਤੇ ਹੋਰ ਭਲਾਈ ਸਕੀਮਾਂ ਨੂੰ ਸਫਲਤਾਪੂਰਵਕ ਲਾਗੂ ਕੀਤਾ ਗਿਆ ਹੈ।

ਇਸ ਦੌਰਾਨ ਜ਼ਿਲ੍ਹਾ ਪਰਿਸ਼ਦ, ਯਮੁਨਾਨਗਰ ਦੇ ਸ਼੍ਰੀ ਮਨੋਜ ਕੁਮਾਰ, ਏਪੀਓ, ਡੀਆਰਡੀਏ ਨੇ ਪ੍ਰਧਾਨ ਮੰਤਰੀ ਜਨ ਵਿਕਾਸ ਪ੍ਰੋਗਰਾਮ (ਪੀਐੱਮਜੇਵੀਕੇ) ਅਤੇ ਪ੍ਰਧਾਨ ਮੰਤਰੀ ਆਵਾਸ ਯੋਜਨਾ-ਗ੍ਰਾਮੀਣ (ਪੀਐੱਮਏਵਾਈ-ਜੀ) ਦੇ ਤਹਿਤ ਹਾਸਲ ਕੀਤੇ ਗਏ ਪਰਿਵਰਤਨਕਾਰੀ ਢਾਂਚਾਗਤ ਸੁਧਾਰਾਂ ਅਤੇ ਪੇਂਡੂ ਰਿਹਾਇਸ਼ ਦੇ ਸਫਲ ਸੰਚਾਲਨ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਦੇ ਨਾਲ ਹੀ ਵਿੱਤੀ ਸਸ਼ਕਤੀਕਰਣ 'ਤੇ ਚਰਚਾ ਕਰਦੇ ਹੋਏ, ਪੰਜਾਬ ਨੈਸ਼ਨਲ ਬੈਂਕ (ਪੀਐੱਨਬੀ), ਯਮੁਨਾਨਗਰ ਦੇ ਲੀਡ ਜ਼ਿਲ੍ਹਾ ਮੈਨੇਜਰ (ਐੱਲਡੀਐੱਮ), ਸ਼੍ਰੀ ਸੁਭਾਸ਼ ਚੰਦ ਨੇ ਮੁਦਰਾ ਯੋਜਨਾ ਅਤੇ ਸਟੈਂਡ ਅੱਪ ਇੰਡੀਆ ਬਾਰੇ ਦੱਸਦੇ ਹੋਏ ਕਿਹਾ ਕਿ ਇਸ ਨਾਲ ਸਥਾਨਕ ਨੌਜਵਾਨਾਂ ਅਤੇ ਉੱਭਰਦੇ ਕਾਰੋਬਾਰੀਆਂ ਵਿਚਕਾਰ ਆਤਮ-ਨਿਰਭਰਤਾ ਨੂੰ ਬਲ ਮਿਲਿਆ ਹੈ।

ਇਸੇ ਤਰ੍ਹਾਂ ਐੱਮਐੱਸਐੱਮਈ ਵਿਭਾਗ ਦੇ ਉਦਯੋਗਿਕ ਵਿਸਤਾਰ ਅਧਿਕਾਰੀ ਸ਼੍ਰੀ ਰੋਹਿਤ ਟਿੰਡਲ ਨੇ ਉਦਯੋਗਿਕ ਵਿਕਾਸ ਅਤੇ ਪ੍ਰਧਾਨ ਮੰਤਰੀ ਰੁਜ਼ਗਾਰ ਸ੍ਰਿਜਨ ਪ੍ਰੋਗਰਾਮ (ਪੀਐੱਮਈਜੀਪੀ) ਦੇ ਨਾਲ-ਨਾਲ ਸੂਖਮ ਖੁਰਾਕ ਪ੍ਰੋਸੈੱਸਿੰਗ ਉਦਯੋਗ ਰਸਮੀਕਰਣ ਯੋਜਨਾ (ਐੱਫਐੱਮਈ) ਦੇ ਮਾਧਿਅਮ ਰਾਹੀਂ ਪੈਦਾ ਹੋਏ ਆਜੀਵਿਕਾ ਦੇ ਨਵੇਂ ਮੌਕਿਆਂ ਬਾਰੇ ਜਾਣਕਾਰੀ ਦਿੱਤੀ।

ਖੇਤੀਬਾੜੀ ਵਿਭਾਗ, ਯਮੁਨਾਨਗਰ ਦੇ ਸੀਨੀਅਰ ਅਧਿਕਾਰੀ ਸ਼੍ਰੀ ਆਦਿੱਤਿਆ ਪ੍ਰਤਾਪ ਨੇ ਵੀ ਪਿਛਲੇ 12 ਸਾਲਾਂ ਦੇ ਖੇਤੀਬਾੜੀ ਸੁਧਾਰਾਂ 'ਤੇ ਚਾਨਣਾ ਪਾਇਆ, ਖਾਸ ਤੌਰ 'ਤੇ 'ਕੁਦਰਤੀ ਖੇਤੀ' ਨੂੰ ਉਤਸ਼ਾਹਿਤ ਕਰਨ ਅਤੇ ਪਾਣੀ ਦੀ ਬਚਤ ਲਈ ਇੱਕ ਵਿਲੱਖਣ ਪਹਿਲ, 'ਮੇਰਾ ਪਾਣੀ-ਮੇਰੀ ਵਿਰਾਸਤ' ਦੀ ਸਫਲਤਾ 'ਤੇ ਧਿਆਨ ਕੇਂਦ੍ਰਿਤ ਕੀਤਾ। ਉਨ੍ਹਾਂ ਨੇ ਦੱਸਿਆ ਕਿ ਹੁਣ ਤੱਕ ਕੁਦਰਤੀ ਖੇਤੀ ਕਰਨ ਵਾਲੇ ਕਿਸਾਨਾਂ ਨੂੰ ਪ੍ਰਤੀ ਕਿਸਾਨ 30,000 ਰੁਪਏ ਤੋਂ ਵੱਧ ਦੀ ਸਬਸਿਡੀ ਦਿੱਤੀ ਜਾ ਚੁੱਕੀ ਹੈ। ਉਨ੍ਹਾਂ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਪਾਣੀ ਨੂੰ ਇੱਕ ਵਿਰਾਸਤ ਮੰਨਿਆ ਹੈ ਅਤੇ ਇਸ ਨੂੰ ਸੁਰੱਖਿਅਤ ਕਰਨ ਲਈ ਸਰਕਾਰ ਨੇ 'ਮੇਰਾ ਪਾਣੀ-ਮੇਰੀ ਵਿਰਾਸਤ' ਯੋਜਨਾ ਸ਼ੁਰੂ ਕੀਤੀ ਹੈ। ਉਨ੍ਹਾਂ ਨੇ ਦੱਸਿਆ ਕਿ ਰਾਜ ਵਿੱਚ ਘੱਟ ਪਾਣੀ ਦੀ ਖਪਤ ਵਾਲੀ ਖੇਤੀ ਕਰਨ ਵਾਲੇ ਕਿਸਾਨਾਂ ਨੂੰ 8,000 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਪੁਰਸਕਾਰ ਦਿੱਤਾ ਜਾ ਰਿਹਾ ਹੈ।

ਉਨ੍ਹਾਂ ਨੇ ਇਹ ਵੀ ਰੇਖਾਂਕਿਤ ਕੀਤਾ ਕਿ ਜ਼ਿਲ੍ਹਾ ਪਰਾਲੀ ਸਾੜਨ ਦੀ ਪ੍ਰਕਿਰਿਆ ਨੂੰ ਘੱਟ ਕਰਨ ਲਈ ਕੁਸ਼ਲਤਾ ਨਾਲ ਕੰਮ ਕਰ ਰਿਹਾ ਹੈ, ਹੁਣ ਯੋਜਨਾਵਾਂ ਅਤੇ ਸਰਕਾਰ ਦੀਆਂ ਕੋਸ਼ਿਸ਼ਾਂ ਸਦਕਾ ਪਰਾਲੀ 'ਵੇਸਟ ਟੂ ਵੈਲਥ' ਦੇ ਰੂਪ ਵਿੱਚ ਬਦਲ ਰਹੀ ਹੈ।

ਉਨ੍ਹਾਂ ਨੇ 'ਮੇਰੀ ਫ਼ਸਲ ਮੇਰਾ ਬਿਓਰਾ' ਪੋਰਟਲ ਦੀ ਵੀ ਸ਼ਲਾਘਾ ਕੀਤੀ, ਜਿਸ ਬਾਰੇ ਉਨ੍ਹਾਂ ਨੇ ਕਿਹਾ ਕਿ ਇਸ ਯੋਜਨਾ ਨਾਲ ਕਿਸਾਨਾਂ ਨੂੰ ਯੂਰੀਆ ਪ੍ਰਾਪਤ ਕਰਨ ਵਿੱਚ ਮਦਦ ਮਿਲੀ ਹੈ ਅਤੇ ਯੂਰੀਆ ਦੀ ਕਾਲਾਬਾਜ਼ਾਰੀ 'ਤੇ ਵੀ ਰੋਕ ਲੱਗੀ ਹੈ। ਇਸ ਨਾਲ ਸਰਕਾਰ ਅਤੇ ਕਿਸਾਨਾਂ ਨੂੰ ਕਾਫ਼ੀ ਮੁਨਾਫ਼ਾ ਹੋਇਆ ਹੈ।

ਉੱਤਰ ਹਰਿਆਣਾ ਬਿਜਲੀ ਵਿਤਰਨ ਨਿਗਮ (ਯੂਐੱਚਬੀਵੀਐੱਨ) ਦੇ ਪ੍ਰਤੀਨਿਧੀ ਨੇ ਕਿਹਾ ਕਿ 'ਪੀਐੱਮ ਸੂਰਯ ਘਰ ਯੋਜਨਾ' ਸੂਰਜੀ ਊਰਜਾ ਅਤੇ ਹਰਿਤ ਅਤੇ ਸਵੱਛ ਊਰਜਾ ਹਾਸਲ ਕਰਨ ਵਿੱਚ ਮਦਦਗਾਰ ਸਾਬਤ ਹੋਈ ਹੈ।
ਵਰਕਸ਼ਾਪ ਦੀ ਸਮਾਪਤੀ ਸ਼੍ਰੀ ਅਹਿਮਦ ਖ਼ਾਨ, ਮੀਡੀਆ ਅਤੇ ਸੰਚਾਰ ਅਧਿਕਾਰੀ, ਪੀਆਈਬੀ ਚੰਡੀਗੜ੍ਹ ਵੱਲੋਂ ਦਿੱਤੇ ਗਏ ਰਸਮੀ ਧੰਨਵਾਦ ਦੇ ਮਤੇ ਨਾਲ ਹੋਈ, ਜਿਨ੍ਹਾਂ ਨੇ ਇਸ ਪ੍ਰੋਗਰਾਮ ਨੂੰ ਇੱਕ ਵੱਡੀ ਸਫਲਤਾ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੱਤਰਕਾਰਾਂ ਦਾ ਦਿਲੋਂ ਆਭਾਰ ਪ੍ਰਗਟ ਕੀਤਾ।

# ਸ਼੍ਰੋਮਣੀ ਕਮੇਟੀ ਵੱਲੋਂ 5 ਜੁਲਾਈ ਨੂੰ ਵੱਡੇ ਪੰਥਕ ਇਕੱਠ ਦੀ ਤਿਆਰੀ



**ਅੰਮ੍ਰਿਤਸਰ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਤਿਕਾਰ ਸੋਧ ਐਕਟ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਵਿਖੇ ਸਿੱਖ ਵਿਧਾਇਕਾਂ ਤੇ ਮੰਤਰੀਆਂ ਦੀ ਪੇਸ਼ੀ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮੁੱਖ ਮੰਤਰੀ ਦੀ ਵਿਵਾਦਤ ਵੀਡੀਓ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਵੱਲੋਂ ਜਾਰੀ ਆਦੇਸ਼ ਦੇ ਮਾਮਲੇ ਵਿੱਚ ਸਿੱਖ ਸੰਗਤ ਨੂੰ ਲਾਮਬੰਦ ਕਰਨ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਸ਼੍ਰੋਮਣੀ ਕਮੇਟੀ ਵੱਲੋਂ ਇਸ ਸਬੰਧ ਵਿੱਚ ਪੰਜ ਜੁਲਾਈ ਨੂੰ ਸ੍ਰੀ ਹਰਿਮੰਦਰ ਸਾਹਿਬ ਸਮੂਹ ਸਥਿਤ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵੱਡਾ ਪੰਥਕ ਇਕੱਠ ਸੱਦਿਆ ਗਿਆ ਹੈ।

ਦੱਸਣ ਯੋਗ ਹੈ ਕਿ ਵਿਵਾਦਤ ਵੀਡੀਓ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਗੁਰੂ ਦੋਖੀ ਅਤੇ ਪੰਥ ਵਿਰੋਧੀ ਕਰਾਰ ਦਿੱਤਾ ਗਿਆ ਹੈ। ਇਸ ਸਬੰਧ ਵਿੱਚ ਸੰਗਤ ਨੂੰ ਉਸ ਦਾ ਵਿਰੋਧ ਕਰਨ ਦਾ ਵੀ ਆਦੇਸ਼ ਕੀਤਾ ਗਿਆ। ਇਸੇ ਸਬੰਧ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਖੇ ਮੁੱਖ ਮੰਤਰੀ ਦੇ ਬਾਈਕਾਟ ਦੇ ਵੱਡੇ ਫਲੈਕਸ ਬੋਰਡ ਵੀ ਲਾਏ ਗਏ ਹਨ।

ਦੂਜੇ ਪਾਸੇ ਮੁੱਖ ਮੰਤਰੀ ਵੱਲੋਂ ਇਨ੍ਹਾਂ ਦਿਨਾਂ ਵਿੱਚ ਵੱਖ ਵੱਖ ਥਾਵਾਂ ਤੇ ਵੱਡੇ ਇਕੱਠ ਕੀਤੇ ਜਾ ਰਹੇ ਹਨ। ਜਿਸ ਤੋਂ ਇਹ ਪ੍ਰਭਾਵ ਦੇਣ ਦਾ ਯਤਨ ਕੀਤਾ ਜਾ ਰਿਹਾ ਹੈ ਕਿ ਸ੍ਰੀ ਅਕਾਲ ਤਖ਼ਤ ਵੱਲੋਂ ਕੀਤੇ ਗਏ ਫੈਸਲੇ ਨੂੰ ਸੰਗਤ ਨੇ ਪ੍ਰਵਾਨ ਨਹੀਂ ਕੀਤਾ ਹੈ।

ਇਸੇ ਸੰਦਰਭ ਵਿੱਚ ਸ਼੍ਰੋਮਣੀ ਕਮੇਟੀ ਨੇ ਪੰਜ ਜੁਲਾਈ ਨੂੰ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਇੱਕ ਵੱਡਾ ਪੰਥਕ ਇਕੱਠ ਸੱਦਿਆ ਹੈ। ਇਸ ਇਕੱਠ ਵਿੱਚ ਵੱਡੀ ਸ਼ਮੂਲੀਅਤ ਕਰਨ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਵੱਲੋਂ ਸਿੱਖ ਜਥੇਬੰਦੀਆਂ ਤੇ ਵੱਖ ਵੱਖ ਸੰਪ੍ਰਦਾਵਾਂ ਦੇ ਮੁੱਖੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਇਕੱਤਰਤਾ ਸਬੰਧੀ ਸੱਦਾ ਪੱਤਰ ਸੌਂਪੇ ਗਏ।

ਸਿੱਖ ਆਗੂਆਂ ਨੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਜੱਥੇਦਾਰ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਬਾਬਾ ਘਾਲਾ ਸਿੰਘ ਨਾਨਕਸਰ ਕਲੇਰਾਂ, ਬਾਬਾ ਹਾਕਮ ਸਿੰਘ, ਰੇਸ਼ਮ ਸਿੰਘ ਬਰਨਾਲਾ ਤੇ ਬਾਬਾ ਜਗਜੀਤ ਸਿੰਘ ਲੋਪੋ ਵਾਲਿਆਂ ਸਮੇਤ ਹੋਰ ਮਹਾਂਪੁਰਖਾਂ ਨੂੰ ਮਿਲ ਕੇ ਸੱਦਾ ਪੱਤਰ ਸੌਂਪੇ।

ਇਸ ਦੌਰਾਨ ਜਿੱਥੇ ਮੌਜੂਦਾ ਸਮੇਂ ਪੰਥਕ ਸੰਸਥਾਵਾਂ ਨੂੰ ਦਰਪੇਸ਼ ਚਣੌਤੀਆਂ ਤੇ ਸਿੱਖ ਮਸਲਿਆਂ ਸਬੰਧੀ ਡੂੰਘੀ ਅਤੇ ਸਾਰਥਕ ਵਿਚਾਰ-ਚਰਚਾ ਕੀਤੀ ਗਈ, ਉੱਥੇ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ 'ਗੁਰੂ ਦੋਖੀ' ਅਤੇ 'ਖਾਲਸਾ ਪੰਥ ਵਿਰੋਧੀ' ਐਲਾਨੇ ਜਾਣ ਦੇ ਸੰਬੰਧ ਵਿੱਚ ਪੈਦਾ ਹੋਈ ਮੌਜੂਦਾ ਸਥਿਤੀ ਬਾਰੇ 5 ਜੁਲਾਈ ਨੂੰ ਬੁਲਾਏ ਵਿਸਾਲ ਪੰਥਕ ਇਕੱਠ ਵਿੱਚ ਭਰਵੀਂ ਸ਼ਮੂਲੀਅਤ ਦੀ ਅਪੀਲ ਕੀਤੀ ਗਈ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਬਉੱਚਤਾ ਅਤੇ ਹੁਕਮਨਾਮੇ ਦੇ ਸੰਦੇਸ਼ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਪੰਜਾਬ ਦੇ ਹਰ ਪਿੰਡ ਅਤੇ ਘਰ-ਘਰ ਤੱਕ ਪਹੁੰਚਾਇਆ ਜਾ ਰਿਹਾ ਹੈ ਤਾਂ ਜੋ ਸੰਗਤ ਨੂੰ ਮੌਜੂਦਾ ਸਰਕਾਰ ਦੇ ਪੰਥ ਵਿਰੋਧੀ ਚਿਹਰੇ ਤੋਂ ਜਾਣੂ ਕਰਵਾਇਆ ਜਾ ਸਕੇ।

ਇਸੇ ਕੜੀ ਦੇ ਤਹਿਤ ਹੁਣ ਸਮੁੱਚੇ ਪੰਥ ਦੀ ਰਾਇ ਅਤੇ ਅਗਲੀ ਰਣਨੀਤੀ ਤੈਅ ਕਰਨ ਲਈ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ, ਸ੍ਰੀ ਅੰਮ੍ਰਿਤਸਰ ਵਿਖੇ ਇੱਕ ਵਿਸ਼ਾਲ ਪੰਥਕ ਇਕੱਤਰਤਾ ਸੱਦੀ ਗਈ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਹੁਕਮ ਹਰ ਸਿੱਖ ਲਈ ਸਿਰਮੌਰ ਹੈ। ਉਨ੍ਹਾਂ ਕਿਹਾ ਕਿ ਗੁਰੂ ਘਰ ਅਤੇ ਪੰਥ ਵਿਰੋਧੀ ਤਾਕਤਾਂ ਦੀ ਪਹਿਚਾਣ ਕਰਨੀ ਅਤੇ ਇਕਜੁੱਟਤਾ ਨਾਲ ਟਾਕਰਾ ਕਰਨਾ ਸਮੇਂ ਦੀ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ 5 ਜੁਲਾਈ ਦਾ ਪੰਥਕ ਇਕੱਠ ਕੌਮ ਦੀ ਇੱਕਜੁੱਟਤਾ ਅਤੇ ਚੜ੍ਹਦੀ ਕਲਾ ਦਾ ਪ੍ਰਤੀਕ ਹੋਵੇਗਾ।

ਇਸੇ ਦੌਰਾਨ ਜਥੇਦਾਰ ਗਿਆਨੀ ਟੇਕ ਸਿੰਘ ਨੇ ਸਿੱਖ ਜਥੇਬੰਦੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪੋ-ਆਪਣੇ ਖੇਤਰਾਂ ਵਿੱਚੋਂ ਵੱਧ ਤੋਂ ਵੱਧ ਸੰਗਤ ਨੂੰ ਨਾਲ ਲੈ ਕੇ 5 ਜੁਲਾਈ ਨੂੰ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਪਹੁੰਚਣ, ਤਾਂ ਜੋ ਕੌਮ ਵਿਰੋਧੀ ਅਨਸਰਾਂ ਨੂੰ ਕਰਾਰਾ ਜਵਾਬ ਦਿੱਤਾ ਜਾ ਸਕੇ।

ਇਸ ਦੌਰਾਨ ਮੌਜੂਦ ਸੰਤ ਸਮਾਜ ਦੇ ਮਹਾਂਪੁਰਸ਼ਾਂ ਨੇ ਸ਼੍ਰੋਮਣੀ ਕਮੇਟੀ ਆਗੂਆਂ ਨੂੰ ਭਰੋਸਾ ਦਿਵਾਇਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹਰ ਆਦੇਸ਼ 'ਤੇ ਪਹਿਰਾ ਦੇਣਾ ਉਨ੍ਹਾਂ ਦਾ ਮੁਢਲਾ ਫਰਜ਼ ਹੈ।

ਉਨ੍ਹਾਂ ਨੇ 5 ਜੁਲਾਈ ਦੀ ਪੰਥਕ ਇਕੱਤਰਤਾ ਵਿੱਚ ਵੱਡੀ ਗਿਣਤੀ ਵਿੱਚ ਸਾਧੂ-ਸੰਤਾਂ ਵੱਲੋਂ ਸੰਗਤ ਸਮੇਤ ਸ਼ਮੂਲੀਅਤ ਕਰਨ ਦਾ ਪੂਰਨ ਵਿਸ਼ਵਾਸ ਦਿਵਾਇਆ।

# ਕੁਰੂਕਸ਼ੇਤਰ ਯੂਨੀਵਰਸਿਟੀ ਸਾਬਕਾ ਵਿਦਿਆਰਥੀ ਨੈਟਵਰਕ ਨੂੰ ਮਜ਼ਬੂਤ ਕਰੇ, ਮੈਧਾਵੀ ਲੋੜਵੰਦ ਵਿਦਿਆਰਥੀਆਂ ਦੀ ਮਦਦ ਕਰਨ ਐਲੂਮਨਾਈ : ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼

**ਚੰਡੀਗੜ੍ਹ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਅੱਜ ਕੁਰੂਕਸ਼ੇਤਰ ਯੂਨੀਵਰਸਿਟੀ ਪ੍ਰਸ਼ਾਸਨ ਨੂੰ ਯੂਨੀਵਰਸਿਟੀ ਦੇ ਸਾਬਕਾ ਵਿਦਿਆਰਥੀ (ਐਲੂਮਨਾਈ) ਨੈਟਵਰਕ ਦੇ ਨਾਲ ਆਪਣੇ ਜੁੜਾਅ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਸਾਬਕਾ ਵਿਦਿਆਰਥੀਆਂ ਨੂੰ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਮੈਧਾਵੀ ਵਿਦਿਆਰਥੀਆਂ ਦੀ ਸਹਾਇਤਾ ਲਈ ਪ੍ਰੇਰਿਤ ਕੀਤਾ ਜਾਵੇ ਤਾਂ ਜੋ ਆਰਥਿਕ ਤੰਗੀ ਕਿਸੇ ਵੀ ਵਿਦਿਆਰਥੀ ਦੀ ਉੱਚ ਸਿੱਖਿਆ ਵਿੱਚ ਰੁਕਾਵਟ ਨਾ ਬਣੇ।

ਰਾਜਪਾਲ ਲੋਕ ਭਵਨ ਤੋਂ ਵਰਚੁਅਲ ਮਾਧਿਅਮ ਰਾਹੀਂ ਕੁਰੂਕਸ਼ੇਤਰ ਯੂਨੀਵਰਸਿਟੀ ਦੇ ਰੋਜ਼ ਗਾਰਡਨ ਵਿੱਚ ਬਣਨ ਵਾਲੇ ਕੈਫੇਟੇਰੀਆ ਦਾ ਨੀਂਹ ਪੱਥਰ ਰੱਖਣ ਉਪਰੰਤ ਆਯੋਜਿਤ ਪ੍ਰੋਗਰਾਮ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ 'ਤੇ ਲੇਡੀ ਗਵਰਨਰ ਸ੍ਰੀਮਤੀ ਮਿੱਤਰਾ ਘੋਸ਼ ਵੀ ਮੌਜੂਦ ਸਨ।

ਸਿੱਖਿਆ ਦੀ ਪਰਿਵਰਤਨਕਾਰੀ ਸ਼ਕਤੀ 'ਤੇ ਜ਼ੋਰ ਦਿੰਦਿਆਂ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਯੂਨੀਵਰਸਿਟੀ ਨੂੰ ਅਪੀਲ ਕੀਤੀ ਕਿ ਉਹ ਵਾਂਝੇ ਪਰਿਵਾਰਾਂ ਦੇ ਮੈਧਾਵੀ ਵਿਦਿਆਰਥੀਆਂ ਦੀ ਪਛਾਣ ਕਰੇ, ਵਿਸ਼ੇਸ਼ ਤੌਰ 'ਤੇ ਅਜਿਹੇ ਪਰਿਵਾਰਾਂ ਦੇ ਵਿਦਿਆਰਥੀਆਂ ਦੀ, ਜਿਨ੍ਹਾਂ ਵਿੱਚ ਪੀੜ੍ਹੀਆਂ ਤੋਂ ਕਿਸੇ ਨੇ ਉੱਚ ਸਿੱਖਿਆ ਪ੍ਰਾਪਤ ਨਹੀਂ ਕੀਤੀ ਹੈ। ਉਨ੍ਹਾਂ ਨੇ ਕਿਹਾ ਕਿ ਇੱਛੁਕ ਸਾਬਕਾ ਵਿਦਿਆਰਥੀਆਂ ਨੂੰ ਅਜਿਹੇ ਵਿਦਿਆਰਥੀਆਂ ਦੀ ਸਿੱਖਿਆ ਨੂੰ ਸਪਾਂਸਰ ਕਰਨ ਲਈ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਉਹ ਆਪਣੀਆਂ ਇੱਛਾਵਾਂ ਨੂੰ ਸਾਕਾਰ ਕਰਕੇ ਸਮਾਜ ਦੇ ਵਿਕਾਸ ਵਿੱਚ ਸਾਰਥਕ ਯੋਗਦਾਨ ਦੇ ਸਕਣ।

ਕੁਰੂਕਸ਼ੇਤਰ ਯੂਨੀਵਰਸਿਟੀ ਦੇ ਦੇਸ਼-ਵਿਦੇਸ਼ ਵਿੱਚ ਫੈਲੇ ਸਾਬਕਾ ਵਿਦਿਆਰਥੀ ਭਾਈਚਾਰੇ ਦੀ ਵਿਆਪਕ ਸਮਰੱਥਾ ਦਾ ਜ਼ਿਕਰ ਕਰਦਿਆਂ ਰਾਜਪਾਲ ਨੇ ਕਿਹਾ ਕਿ ਮੈਂਟਰਸ਼ਿਪ, ਸਕਾਲਰਸ਼ਿਪ, ਇੰਟਰਨਸ਼ਿਪ, ਖੋਜ ਸਹਿਯੋਗ, ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਵਰਗੇ ਖੇਤਰਾਂ ਵਿੱਚ ਉਨ੍ਹਾਂ ਦਾ ਯੋਗਦਾਨ ਯੂਨੀਵਰਸਿਟੀ ਦੇ ਭਵਿੱਖ ਨੂੰ ਨਵੀਂ ਦਿਸ਼ਾ ਦੇਣ ਵਿੱਚ ਪਰਿਵਰਤਨਕਾਰੀ ਭੂਮਿਕਾ ਨਿਭਾ ਸਕਦਾ ਹੈ।

ਪ੍ਰੋ. ਘੋਸ਼ ਨੇ ਯੂਨੀਵਰਸਿਟੀ ਦੇ ਵੱਕਾਰੀ ਸਾਬਕਾ ਵਿਦਿਆਰਥੀ ਸ੍ਰੀ ਹੇਮੰਤ ਗੁਪਤਾ ਅਤੇ ਸ੍ਰੀਮਤੀ ਨਲਿਨੀ ਗੁਪਤਾ ਦੁਆਰਾ ਕੈਫੇਟੇਰੀਆ ਦੇ ਨਿਰਮਾਣ ਲਈ 5 ਲੱਖ ਅਮਰੀਕੀ ਡਾਲਰ ਦਾ ਦਾਨ ਦੇਣ ਦੇ ਉਦਾਰ ਯੋਗਦਾਨ ਦੀ ਵੀ ਸ਼ਲਾਘਾ ਕੀਤੀ। ਰਾਜਪਾਲ ਨੇ ਇਸ ਨੂੰ ਸਾਬਕਾ ਵਿਦਿਆਰਥੀਆਂ ਦੀ ਆਪਣੇ ਸਿੱਖਿਆ ਸੰਸਥਾਨ ਪ੍ਰਤੀ ਵਚਨਬੱਧਤਾ ਅਤੇ ਉਦਾਰਤਾ ਦੀ ਉੱਤਮ ਮਿਸਾਲ ਦੱਸਦਿਆਂ ਕਿਹਾ ਕਿ ਇਸ ਨਾਲ ਹੋਰ ਸਾਬਕਾ ਵਿਦਿਆਰਥੀ ਵੀ ਆਪਣੀ ਮਾਂ-ਸੰਸਥਾ (ਅਲਮਾ ਮੇਟਰ) ਦੇ ਵਿਕਾਸ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਹੋਣਗੇ।

ਮਹਿਲਾ ਸਸ਼ਕਤੀਕਰਨ ਦੀ ਮਿਸਾਲ ਬਣੇ ਨਵਾਂ ਕੈਫੇਟੇਰੀਆ, ਰਾਜਪਾਲ ਨੇ ਸੰਚਾਲਨ ਔਰਤਾਂ ਨੂੰ ਸੌਂਪਣ ਦਾ ਦਿੱਤਾ ਸੁਝਾਅ

ਰਾਜਪਾਲ ਨੇ ਕਿਹਾ ਕਿ ਕੁਰੂਕਸ਼ੇਤਰ ਯੂਨੀਵਰਸਿਟੀ ਔਰਤਾਂ ਦੀ ਉੱਚ ਸਿੱਖਿਆ ਦੇ ਇੱਕ ਮੋਹਰੀ ਕੇਂਦਰ ਵਜੋਂ ਉੱਭਰ ਕੇ ਸਾਹਮਣੇ ਆਈ ਹੈ, ਜਿੱਥੇ ਕੈਂਪਸ ਵਿੱਚ ਵਿਦਿਆਰਥਣਾਂ ਦੀ ਗਿਣਤੀ ਸਭ ਤੋਂ ਵੱਧ ਹੈ।

ਇਸ ਸੰਦਰਭ ਵਿੱਚ ਉਨ੍ਹਾਂ ਨੇ ਸੁਝਾਅ ਦਿੰਦਿਆਂ ਕਿਹਾ ਕਿ ਪ੍ਰਸਤਾਵਿਤ ਕੈਫੇਟੇਰੀਆ ਦਾ ਸੰਚਾਲਨ ਪੂਰੀ ਤਰ੍ਹਾਂ ਔਰਤਾਂ ਦੀ ਟੀਮ ਦੁਆਰਾ ਕੀਤਾ ਜਾਵੇ। ਇਸ ਨਾਲ ਨਾ ਸਿਰਫ਼ ਮਹਿਲਾ ਲੀਡਰਸ਼ਿਪ ਅਤੇ ਉੱਦਮਤਾ ਨੂੰ ਉਤਸ਼ਾਹਿਤ ਮਿਲੇਗਾ, ਸਗੋਂ ਮਹਿਲਾ ਸਸ਼ਕਤੀਕਰਨ ਦਾ ਇੱਕ ਪ੍ਰਭਾਵਸ਼ਾਲੀ ਅਤੇ ਵਿਹਾਰਕ ਮਾਡਲ ਵਿਕਸਿਤ ਹੋਵੇਗਾ।

ਇਸ ਤੋਂ ਪਹਿਲਾਂ ਰਾਜਪਾਲ ਨੇ ਵਰਚੁਅਲ ਮਾਧਿਅਮ ਰਾਹੀਂ ਕੈਫੇਟੇਰੀਆ ਦੇ ਨੀਂਹ ਪੱਥਰ ਵਾਲੀ ਤਖ਼ਤੀ ਤੋਂ ਪਰਦਾ ਚੁੱਕਿਆ, ਪ੍ਰੋਜੈਕਟ ਦੇ ਬਰੋਸ਼ਰ ਨੂੰ ਜਾਰੀ ਕੀਤਾ ਅਤੇ ਲੇਡੀ ਗਵਰਨਰ ਸ੍ਰੀਮਤੀ ਮਿੱਤਰਾ ਘੋਸ਼ ਦੇ ਨਾਲ ਪੌਦੇ ਲਗਾਏ।

ਪ੍ਰੋਗਰਾਮ ਨੂੰ ਕੁਰੂਕਸ਼ੇਤਰ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਸੋਮਨਾਥ ਸਚਦੇਵਾ ਨੇ ਵੀ ਸੰਬੋਧਨ ਕੀਤਾ।

ਇਸ ਮੌਕੇ 'ਤੇ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਵੀਰੇਂਦਰ ਪਾਲ, ਕੇ.ਯੂ. ਐਲੂਮਨਾਈ ਐਸੋਸੀਏਸ਼ਨ ਦੇ ਡਾਇਰੈਕਟਰ ਡਾ. ਅਨਿਲ ਮਿੱਤਲ, ਯੁਵਾ ਅਤੇ ਸੱਭਿਆਚਾਰਕ ਮਾਮਲਿਆਂ ਦੇ ਡਾਇਰੈਕਟਰ ਡਾ. ਵਿਵੇਕ ਚਾਵਲਾ ਸਮੇਤ ਯੂਨੀਵਰਸਿਟੀ ਦੇ ਹੋਰ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ। ਯੂਨੀਵਰਸਿਟੀ ਦੇ ਸਟਾਫ਼ ਅਤੇ ਵਿਦਿਅਕ ਭਾਈਚਾਰੇ ਦੇ ਮੈਂਬਰ ਵੀ ਕੈਂਪਸ ਤੋਂ ਵਰਚੁਅਲ ਮਾਧਿਅਮ ਰਾਹੀਂ ਪ੍ਰੋਗਰਾਮ ਵਿੱਚ ਸ਼ਾਮਲ ਹੋਏ।

# ਸਰਕਾਰ ਕਿਸਾਨਾਂ, ਨੌਜਵਾਨਾਂ, ਔਰਤਾਂ ਅਤੇ ਸਮਾਜ ਦੇ ਸਾਰੇ ਵਰਗਾਂ ਦੀ ਭਲਾਈ ਲਈ ਅਨੇਕਾਂ ਯੋਜਨਾਵਾਂ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰ ਰਹੀ ਹੈ : ਸ਼ਿਆਮ ਸਿੰਘ ਰਾਣਾ

**ਚੰਡੀਗੜ੍ਹ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਦੇਸ਼ ਨੇ ਪਿਛਲੇ 12 ਸਾਲਾਂ ਵਿੱਚ ਵਿਕਾਸ, ਸੁਸ਼ਾਸਨ ਅਤੇ ਜਨ-ਭਲਾਈ ਦੇ ਖੇਤਰ ਵਿੱਚ ਨਵੇਂ ਆਯਾਮ ਸਥਾਪਿਤ ਕੀਤੇ ਹਨ। ਉਨ੍ਹਾਂ ਨੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਕਿਸਾਨ ਪੱਖੀ ਯੋਜਨਾਵਾਂ, ਪੇਂਡੂ ਵਿਕਾਸ ਪ੍ਰੋਗਰਾਮਾਂ, ਡਿਜੀਟਲ ਕ੍ਰਾਂਤੀ, ਬੁਨਿਆਦੀ ਢਾਂਚੇ ਦੇ ਵਿਸਤਾਰ ਅਤੇ ਗਰੀਬ ਭਲਾਈ ਨਾਲ ਜੁੜੀਆਂ ਯੋਜਨਾਵਾਂ ਦਾ ਲਾਭ ਦੇਸ਼ ਦੇ ਕਰੋੜਾਂ ਲੋਕਾਂ ਤੱਕ ਪਹੁੰਚਿਆ ਹੈ। ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਿੱਚ ਭਾਰਤ ਵਿਸ਼ਵ ਪੱਧਰ 'ਤੇ ਇੱਕ ਮਜ਼ਬੂਤ ਅਤੇ ਆਤਮ-ਨਿਰਭਰ ਰਾਸ਼ਟਰ ਵਜੋਂ ਉਭਰਿਆ ਹੈ।

ਖੇਤੀਬਾੜੀ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਭਾਰਤ ਨੇ ਪਿਛਲੇ ਸਾਲਾਂ ਵਿੱਚ ਵਿਕਾਸ, ਸੁਸ਼ਾਸਨ ਅਤੇ ਵਿਸ਼ਵਵਿਆਪੀ ਪ੍ਰਤਿਸ਼ਠਾ ਦੇ ਖੇਤਰ ਵਿੱਚ ਅਭੂਤਪੂਰਵ ਪ੍ਰਾਪਤੀਆਂ ਹਾਸਲ ਕੀਤੀਆਂ ਹਨ। ਉਨ੍ਹਾਂ ਦੀ ਅਗਵਾਈ ਵਿੱਚ ਦੇਸ਼ ਨੇ ਆਤਮ-ਨਿਰਭਰਤਾ, ਡਿਜੀਟਲ ਕ੍ਰਾਂਤੀ, ਬੁਨਿਆਦੀ ਢਾਂਚੇ ਦੇ ਵਿਸਤਾਰ ਅਤੇ ਜਨ-ਭਲਾਈ ਦੀਆਂ ਯੋਜਨਾਵਾਂ ਰਾਹੀਂ ਨਵੀਆਂ ਉਚਾਈਆਂ ਨੂੰ ਛੂਹਿਆ ਹੈ। ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੁਆਰਾ ਸ਼ੁਰੂ ਕੀਤੀਆਂ ਗਈਆਂ ਅਨੇਕਾਂ ਯੋਜਨਾਵਾਂ ਜਿਵੇਂ ਪ੍ਰਧਾਨ ਮੰਤਰੀ ਆਵਾਸ ਯੋਜਨਾ, ਉੱਜਵਲਾ ਯੋਜਨਾ, ਆਯੂਸ਼ਮਾਨ ਭਾਰਤ, ਜਲ ਜੀਵਨ ਮਿਸ਼ਨ ਅਤੇ ਕਿਸਾਨ ਸਨਮਾਨ ਨਿਧੀ ਨੇ ਕਰੋੜਾਂ ਲੋਕਾਂ ਦੇ ਜੀਵਨ ਵਿੱਚ ਸਕਾਰਾਤਮਕ ਬਦਲਾਅ ਲਿਆਂਦਾ ਹੈ। ਦੇਸ਼ ਦੀ ਸੁਰੱਖਿਆ ਨੂੰ ਮਜ਼ਬੂਤ ਕਰਨ, ਸਰਹੱਦੀ ਖੇਤਰਾਂ ਦੇ ਵਿਕਾਸ ਅਤੇ ਅੱਤਵਾਦ ਦੇ ਵਿਰੁੱਧ ਸਖ਼ਤ ਨੀਤੀ ਅਪਣਾਉਣ ਨਾਲ ਭਾਰਤ ਦੀ ਵਿਸ਼ਵਵਿਆਪੀ ਤਸਵੀਰ ਹੋਰ ਵੀ ਮਜ਼ਬੂਤ ਹੋਈ ਹੈ। ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਿੱਚ ਭਾਰਤ ਵਿਸ਼ਵ ਦੀਆਂ ਪ੍ਰਮੁੱਖ ਅਰਥਵਿਵਸਥਾਵਾਂ ਵਿੱਚ ਸ਼ਾਮਲ ਹੋਇਆ ਹੈ। ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਰਾਸ਼ਟਰ ਪਹਿਲਾਂ ਦਾ ਸੰਕਲਪ ਅਤੇ ਜਨ-ਸੇਵਾ ਪ੍ਰਤੀ ਸਮਰਪਣ ਦੇਸ਼ ਦੇ ਵਿਕਾਸ ਨੂੰ ਨਵੀਂ ਦਿਸ਼ਾ ਦੇ ਰਿਹਾ ਹੈ। ਉਨ੍ਹਾਂ ਦੀ ਅਗਵਾਈ ਵਿੱਚ ਭਾਰਤ ਇੱਕ ਵਿਕਸਿਤ ਅਤੇ ਸ਼ਕਤੀਸ਼ਾਲੀ ਰਾਸ਼ਟਰ ਬਣਨ ਵੱਲ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ।

ਉਨ੍ਹਾਂ ਨੇ ਕਿਹਾ ਕਿ ਕਿਸਾਨਾਂ ਦੀ ਆਮਦਨ ਵਧਾਉਣ, ਖੇਤੀਬਾੜੀ ਨੂੰ ਆਧੁਨਿਕ ਬਣਾਉਣ ਅਤੇ ਪਸ਼ੂਪਾਲਨ ਅਤੇ ਡੇਅਰੀ ਖੇਤਰ ਨੂੰ ਮਜ਼ਬੂਤ ਕਰਨ ਲਈ ਕੇਂਦਰ ਅਤੇ ਰਾਜ ਸਰਕਾਰ ਲਗਾਤਾਰ ਕੰਮ ਕਰ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਹਰਿਆਣਾ ਸਰਕਾਰ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਿੱਚ ਕਿਸਾਨਾਂ, ਨੌਜਵਾਨਾਂ, ਔਰਤਾਂ ਅਤੇ ਸਮਾਜ ਦੇ ਸਾਰੇ ਵਰਗਾਂ ਦੀ ਭਲਾਈ ਲਈ ਅਨੇਕਾਂ ਯੋਜਨਾਵਾਂ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਅਜਿਹੇ ਧਾਰਮਿਕ ਅਤੇ ਸਮਾਜਿਕ ਪ੍ਰੋਗਰਾਮ ਸਮਾਜ ਵਿੱਚ ਸਕਾਰਾਤਮਕ ਊਰਜਾ ਦਾ ਸੰਚਾਰ ਕਰਦੇ ਹਨ ਅਤੇ ਲੋਕਾਂ ਨੂੰ ਸੇਵਾ ਅਤੇ ਸਮਰਪਣ ਦੀ ਭਾਵਨਾ ਨਾਲ ਜੋੜਦੇ ਹਨ। ਉਨ੍ਹਾਂ ਨੇ ਸਾਰੇ ਨਾਗਰਿਕਾਂ ਨੂੰ ਦੇਸ਼ ਦੇ ਵਿਕਾਸ ਵਿੱਚ ਆਪਣੀ ਸਰਗਰਮ ਭਾਗੀਦਾਰੀ ਨਿਭਾਉਣ ਦਾ ਸੱਦਾ ਦਿੱਤਾ।

# ਹਰਿਆਣਾ ਵਿੱਚ ਪਹਿਲੀ ਵਾਰ ਹੋਵੇਗਾ ਰਾਜ ਪੱਧਰੀ ਫਿਲਮ ਫੈਸਟੀਵਲ, 12 ਤੋਂ 15 ਨਵੰਬਰ ਤੱਕ ਸਜੇਗਾ ਹਰਿਆਣਾ ਫਿਲਮ ਫੈਸਟੀਵਲ-2026



**ਚੰਡੀਗੜ੍ਹ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਿੱਚ ਹਰਿਆਣਾ ਸਰਕਾਰ ਸੂਬੇ ਨੂੰ ਫਿਲਮ, ਸੱਭਿਆਚਾਰ ਅਤੇ ਰਚਨਾਤਮਕ ਉਦਯੋਗਾਂ ਦਾ ਮਜ਼ਬੂਤ ਕੇਂਦਰ ਬਣਾਉਣ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ।

ਇਸੇ ਲੜੀ ਵਿੱਚ ਸੂਬੇ ਵਿੱਚ ਪਹਿਲੀ ਵਾਰ 'ਹਰਿਆਣਾ ਫਿਲਮ ਫੈਸਟੀਵਲ-2026' ਦਾ ਆਯੋਜਨ 12 ਤੋਂ 15 ਨਵੰਬਰ, 2026 ਤੱਕ ਕਰਨ ਦਾ ਫੈਸਲਾ ਲਿਆ ਗਿਆ ਹੈ।

ਵਰਨਣਯੋਗ ਹੈ ਕਿ ਮੁੱਖ ਮੰਤਰੀ ਨੇ ਆਪਣੇ ਬਜਟ ਭਾਸ਼ਣ ਵਿੱਚ ਹਰਿਆਣਾ ਫਿਲਮ ਫੈਸਟੀਵਲ-2026 ਦੇ ਆਯੋਜਨ ਦੀ ਘੋਸ਼ਣਾ ਕੀਤੀ ਸੀ। ਇਸੇ ਸੰਦਰਭ ਵਿੱਚ ਮੰਗਲਵਾਰ ਨੂੰ ਫੈਸਟੀਵਲ ਦੀਆਂ ਤਿਆਰੀਆਂ ਨੂੰ ਲੈ ਕੇ ਸੂਚਨਾ, ਜਨ ਸੰਪਰਕ, ਭਾਸ਼ਾ ਅਤੇ ਸੱਭਿਆਚਾਰ ਵਿਭਾਗ ਦੇ ਮਹਾਨਿਦੇਸ਼ਕ ਸ੍ਰੀ ਕੇ. ਮਕਰੰਦ ਪਾਂਡੁਰੰਗ ਨੇ ਉੱਚ-ਪੱਧਰੀ ਮੀਟਿੰਗ ਕੀਤੀ। ਮੀਟਿੰਗ ਵਿੱਚ ਕਲਾ ਅਤੇ ਸੱਭਿਆਚਾਰਕ ਕਾਰਜ ਵਿਭਾਗ, ਦਾਦਾ ਲਖਮੀ ਚੰਦ ਸਟੇਟ ਯੂਨੀਵਰਸਿਟੀ ਆਫ ਪਰਫਾਰਮਿੰਗ ਐਂਡ ਵਿਜ਼ੂਅਲ ਆਰਟਸ, ਰੋਹਤਕ ਦੇ ਸੀਨੀਅਰ ਅਧਿਕਾਰੀਆਂ ਅਤੇ ਮਾਹਰਾਂ ਨੇ ਭਾਗ ਲਿਆ।

ਮੀਟਿੰਗ ਵਿੱਚ ਆਯੋਜਨ ਦੇ ਸਫਲ ਸੰਚਾਲਨ ਲਈ ਇੱਕ ਕੋਰ ਕਮੇਟੀ ਦਾ ਗਠਨ ਵੀ ਕੀਤਾ ਗਿਆ, ਜੋ ਆਯੋਜਨ ਦੀ ਰੂਪ-ਰੇਖਾ ਤਿਆਰ ਕਰਨ, ਪ੍ਰੋਗਰਾਮਾਂ ਦੀ ਚੋਣ, ਵੱਖ-ਵੱਖ ਸੰਸਥਾਵਾਂ ਅਤੇ ਏਜੰਸੀਆਂ ਨਾਲ ਤਾਲਮੇਲ ਸਥਾਪਿਤ ਕਰਨ, ਪ੍ਰਚਾਰ-ਪ੍ਰਸਾਰ ਅਤੇ ਹੋਰ ਸਾਰੀਆਂ ਲੋੜੀਂਦੀਆਂ ਵਿਵਸਥਾਵਾਂ ਨੂੰ ਯਕੀਨੀ ਬਣਾਏਗੀ।

ਹਰਿਆਣਾ ਫਿਲਮ ਫੈਸਟੀਵਲ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੇ ਪ੍ਰਤਿਸ਼ਠਿਤ ਸੱਭਿਆਚਾਰਕ ਆਯੋਜਨ ਵਜੋਂ ਮਨਾਇਆ ਜਾਵੇਗਾ। ਇਸ ਰਾਹੀਂ ਹਰਿਆਣਵੀ ਸਿਨੇਮਾ, ਲੋਕ ਸੱਭਿਆਚਾਰ, ਕਲਾ, ਸਾਹਿਤ ਅਤੇ ਸੂਬੇ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਰਾਸ਼ਟਰੀ ਅਤੇ ਗਲੋਬਲ ਪੱਧਰ 'ਤੇ ਵਿਆਪਕ ਪਛਾਣ ਮਿਲੇਗੀ। ਇਸ ਵਿੱਚ ਦੇਸ਼-ਵਿਦੇਸ਼ ਦੇ ਫਿਲਮਕਾਰਾਂ, ਕਲਾਕਾਰਾਂ, ਨਿਰਦੇਸ਼ਕਾਂ, ਅਦਾਕਾਰਾਂ, ਤਕਨੀਕੀ ਮਾਹਰਾਂ, ਸਿੱਖਿਆ ਸ਼ਾਸਤਰੀਆਂ ਅਤੇ ਸੱਭਿਆਚਾਰਕ ਸੰਸਥਾਵਾਂ ਦੀ ਸ਼ਮੂਲੀਅਤ ਯਕੀਨੀ ਬਣਾਈ ਜਾਵੇਗੀ।

ਉਨ੍ਹਾਂ ਕਿਹਾ ਕਿ ਇਹ ਫੈਸਟੀਵਲ ਕਲਾਕਾਰਾਂ, ਫਿਲਮਕਾਰਾਂ ਅਤੇ ਨੌਜਵਾਨ ਪ੍ਰਤਿਭਾਵਾਂ ਲਈ ਨਵੇਂ ਮੌਕਿਆਂ ਦੇ ਦਰਵਾਜ਼ੇ ਖੋਲ੍ਹੇਗਾ ਅਤੇ ਹਰਿਆਣਾ ਨੂੰ ਫਿਲਮ ਅਤੇ ਸੱਭਿਆਚਾਰ ਦੇ ਖੇਤਰ ਵਿੱਚ ਨਵੀਆਂ ਉਚਾਈਆਂ ਤੱਕ ਪਹੁੰਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ।

ਮੀਟਿੰਗ ਵਿੱਚ ਸੁਪਵਾ ਦੇ ਕੁਲਗੁਰੂ ਡਾ. ਅਮਿਤ ਆਰੀਆ, ਫਿਲਮਕਾਰ ਸ੍ਰੀ ਅਤੁਲ ਗੰਗਵਾਰ, ਵਧੀਕ ਨਿਰਦੇਸ਼ਕ ਸ੍ਰੀ ਵਿਵੇਕ ਕਾਲੀਆ, ਸੰਯੁਕਤ ਨਿਰਦੇਸ਼ਕ ਸ੍ਰੀ ਨੀਰਜ, ਪ੍ਰੋਜੈਕਟ ਡਾਇਰੈਕਟਰ ਡਾ. ਪਵਨ ਆਰੀਆ, ਸੁਪਵਾ ਦੀ ਰਜਿਸਟਰਾਰ ਡਾ. ਗੁੰਜਨ ਮਲਿਕ, ਫੈਕਲਟੀ ਸੁਸ਼੍ਰੀ ਦੀਪਤੀ ਖੁਰਾਣਾ, ਸ੍ਰੀ ਕੇਸ਼ਵ ਸਮੇਤ ਹੋਰ ਅਧਿਕਾਰੀ ਮੌਜੂਦ ਰਹੇ।

# ਪੁਲੀਸ ਮੁਕਾਬਲੇ ਦੌਰਾਨ ਚਾਰ ਗੈਂਗਸਟਰ ਕਾਬੂ, ਇੱਕ ਜ਼ਖ਼ਮੀ



**ਬਠਿੰਡਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਬਠਿੰਡਾ ਦੇ ਪਿੰਡ ਗੋਬਿੰਦਪੁਰਾ ਨੇੜੇ ਬਠਿੰਡਾ-ਸਰਹਿੰਦ ਨਹਿਰ ਕੋਲ ਮੰਗਲਵਾਰ ਨੂੰ ਏਜੀਟੀਐੱਫ (17"6) ਅਤੇ ਕਥਿਤ ਤੌਰ 'ਤੇ ਬੰਬੀਹਾ ਗਰੁੱਪ ਨਾਲ ਜੁੜੇ ਗੈਂਗਸਟਰਾਂ ਵਿਚਾਲੇ ਮੁਕਾਬਲਾ ਹੋਇਆ। ਮੁਕਾਬਲੇ ਦੌਰਾਨ ਇੱਕ ਮੁਲਜ਼ਮ ਗੁਰਵਿੰਦਰ ਸਿੰਘ ਗੋਲੀ ਲੱਗਣ ਕਾਰਨ ਜ਼ਖ਼ਮੀ ਹੋ ਗਿਆ, ਜਦਕਿ ਉਸ ਦੇ ਤਿੰਨ ਸਾਥੀਆਂ ਜਸ਼ਨ, ਸੁਖਚੈਨ ਅਤੇ ਗੁਰਦੀਪ ਨੂੰ ਪੁਲਿਸ ਨੇ ਮੌਕੇ ਤੋਂ ਕਾਬੂ ਕਰ ਲਿਆ। ਇਸ ਦੌਰਾਨ ਪੁਲੀਸ ਨੇ ਦੋਸ਼ੀਆਂ ਕੋਲੋਂ ਇੱਕ 9 ਐੱਮਐੱਮ ਗਲੌਕ ਪਿਸਤੌਲ ਅਤੇ ਇੱਕ .30 ਬੋਰ ਪਿਸਤੌਲ ਬਰਾਮਦ ਕਰਨ ਦਾ ਦਾਅਵਾ ਕੀਤਾ ਹੈ।

ਥਾਣਾ ਕੈਂਟ ਦੇ ਐੱਸਐੱਚਓ ਰਘਵੀਰ ਸਿੰਘ ਬੰਗੀ ਨੇ ਦੱਸਿਆ ਕਿ ਫੜੇ ਗਏ ਮੁਲਜ਼ਮਾਂ ਖ਼ਿਲਾਫ਼ ਕੁਝ ਦਿਨ ਪਹਿਲਾਂ ਥਾਣਾ ਭਗਤਾ ਭਾਈ ਕਾ ਵਿੱਚ ਗੁੰਡਾਗਰਦੀ ਅਤੇ ਫਾਇਰਿੰਗ ਦੇ ਦੋਸ਼ਾਂ ਹੇਠ ਐੱਫਆਈਆਰ ਦਰਜ ਕੀਤੀ ਗਈ ਸੀ। ਦੋਸ਼ ਹੈ ਕਿ ਮੁਲਜ਼ਮਾਂ ਨੇ ਇੱਕ ਪਿੰਡ ਵਿੱਚ ਜਾ ਕੇ ਨੌਜਵਾਨਾਂ 'ਤੇ ਗੋਲੀਆਂ ਚਲਾਈਆਂ, ਜਿਸ ਵਿੱਚ ਤਿੰਨ ਵਿਅਕਤੀ ਜ਼ਖ਼ਮੀ ਹੋਏ ਸਨ।

ਪੁਲੀਸ ਦੀਆਂ ਵੱਖ-ਵੱਖ ਟੀਮਾਂ ਉਨ੍ਹਾਂ ਦੀ ਭਾਲ ਕਰ ਰਹੀਆਂ ਸਨ। ਐੱਸਐੱਚਓ ਅਨੁਸਾਰ ਕਾਰਵਾਈ ਦੌਰਾਨ ਮੁਲਜ਼ਮਾਂ ਨੇ ਪੁਲੀਸ ਪਾਰਟੀ 'ਤੇ ਵੀ ਗੋਲੀਬਾਰੀ ਕੀਤੀ, ਜਿਸ ਦੇ ਜਵਾਬ ਵਿੱਚ ਕੀਤੀ ਗਈ

# ਟਰੈਕਟਰ ਦੀ ਲਪੇਟ 'ਚ ਆਉਣ ਨਾਲ ਇੱਕ ਮੋਟਰਸਾਈਕਲ ਚਾਲਕ ਦੀ ਮੌਤ

**ਤਰਨਤਾਰਨ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਕ ਸੜਕ ਹਾਦਸੇ ਵਿੱਚ ਇੱਕ ਮੋਟਰਸਾਈਕਲ ਚਾਲਕ ਦੀ ਮੌਤ ਹੋ ਗਈ।

ਮ੍ਰਿਤਕ ਦੀ ਸ਼ਨਾਖ਼ਤ ਗੁਰਿੰਦਰ ਸਿੰਘ ਉਰਫ਼ ਜੁਗਨੂੰ (40) ਵਾਸੀ ਕਲਸ ਦੇ ਤੌਰ 'ਤੇ ਕੀਤੀ ਗਈ ਹੈ।ਮਾਮਲੇ ਦੇ ਜਾਂਚ ਅਧਿਕਾਰੀ, ਥਾਣਾ ਸਰਾਏ ਅਮਾਨਤ ਖ਼ਾਂ ਦੇ ਏ.ਐੱਸ.ਆਈ. ਰਾਜਪਾਲ ਸਿੰਘ ਨੇ ਦੱਸਿਆ ਕਿ ਗੁਰਿੰਦਰ ਸਿੰਘ ਆਪਣੇ ਪਿੰਡ ਕਲਸ ਦੇ ਲਾਗੇ ਮੋਟਰਸਾਈਕਲ 'ਤੇ ਕਿਧਰੇ ਜਾ ਰਿਹਾ ਸੀ, ਤਾਂ ਉਸ ਨੂੰ ਇੱਕ ਤੇਜ਼ ਰਫ਼ਤਾਰ ਟਰੈਕਟਰ ਚਾਲਕ ਨੇ ਆਪਣੀ ਚਪੇਟ ਵਿੱਚ ਲੈ ਲਿਆ। ਗੁਰਿੰਦਰ ਸਿੰਘ ਨੂੰ ਗੰਭੀਰ ਜ਼ਖ਼ਮੀ ਹਾਲਤ ਵਿੱਚ ਅੰਮ੍ਰਿਤਸਰ ਦੇ ਇੱਕ ਪ੍ਰਾਈਵੇਟ ਹਸਪਤਾਲ ਵਿੱਚ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਦਾਖ਼ਲ ਕਰਨ ਤੋਂ ਪਹਿਲਾਂ ਹੀ ਮ੍ਰਿਤਕ ਕਰਾਰ ਦਿੱਤਾ।

ਮਾਮਲੇ ਦੇ ਜਾਂਚ ਅਧਿਕਾਰੀ ਏ.ਐੱਸ.ਆਈ. ਰਾਜਪਾਲ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਟਰੈਕਟਰ ਚਾਲਕ ਖ਼ਿਲਾਫ਼ ਥਾਣਾ ਸਰਾਏ ਅਮਾਨਤ ਖ਼ਾਂ ਦੀ ਪੁਲੀਸ ਨੇ ਬੀ.ਐੱਨ.ਐੱਸ. ਦੀ ਦਫ਼ਾ 281, 106 (1), 125, 32, 4 (3) ਅਧੀਨ ਇੱਕ ਕੇਸ ਦਰਜ ਕੀਤਾ ਹੈ। ਹਾਦਸੇ ਵਿੱਚ ਮ੍ਰਿਤਕ ਦੇ ਮੋਟਰਸਾਈਕਲ ਦਾ ਵੀ ਨੁਕਸਾਨ ਹੋਇਆ ਹੈ।

ਸ਼ਬਦੋ ਵਣਜਾਰਿਓ

# ਦਰਸ਼ਨ



ਪਰਮਜੀਤ ਢੀਂਗਰਾ
94173-58120

ਫ਼ਾਰਸੀ ਕੋਸ਼ ਵਿਚ ਦਰਸ਼ਨ ਅਥਵਾ ਫਲਸਫ਼ੇ ਦਾ ਅਰਥ ਹੈ-ਫੈਲਸੂਫ ਹੋਣਾ, ਦਰਸ਼ਨ, ਫਲਸਫ਼ੀ-ਫਲਸਫ਼ੇ ਦਾ ਮਾਹਿਰ, ਸਿਆਣਾ, ਚਿੰਤਕ। ਦਰਸ਼ਨ-ਅਰਥਾਤ ਦੇਖਣਾ, ਕਿਰਿਆ ਸੰਸਕ੍ਰਿਤ ਦੀ ਧਾਤੂ-ਦ੍ਰਸ਼ ਵਿੱਚੋਂ ਨਿਕਲੀ ਹੈ ਜਿਸ ਦਾ ਭਾਵ ਹੈ ਦੇਖਣਾ, ਗੂੜ੍ਹ ਨਿਗ੍ਹਾ ਨਾਲ ਦੇਖਣਾ। ਫਿਲਾਸਫੀ ਦੀ ਉਤਪਤੀ ਗਰੀਕ ਸ਼ਬਦ ਸ਼. ਜ਼+ਛ+ਸ਼.ਜ਼ ਤੋਂ ਹੋਈ ਹੈ ਜਿਸ ਦਾ ਭਾਵ ਹੈ-ਗਿਆਨ ਮਾਰਗ ਜਾਂ ਗਿਆਨ ਦੀ ਲਾਲਸਾ। ਗਰੀਕ ਵਿੱਚੋਂ ਸਫ਼ਰ ਕਰਦਾ ਇਹ ਲੈਟਿਨ ਵਿਚ ਗਿਆ ਤੇ ਓਥੋਂ ਪੁਰਾਤਨ ਫਰੈਂਚ ਵਿਚ ਇਹ ਬਣਿਆ-ਜ਼+ਛ+ਜ਼ਥ ਜੋ ਅੰਗਰੇਜ਼ੀ ਵਿਚ ਜਾ ਕੇ ਸ਼. ਜ਼+ਛ+ਸ਼.ਢ ਬਣਿਆ। ਸ਼.ਜ਼+ਦਾ ਅਰਥ ਹੈ-ਪ੍ਰੇਮ ਪੂਰਵਕ ਅਤੇ ਛ+ਸ਼.ਜ਼ਛ ਦਾ ਅਰਥ ਹੈ-ਗਿਆਨ। ਫਲਸਫ਼ਾ ਮੂਲ ਰੂਪ ਵਿਚ ਅਰਬੀ ਦਾ ਸ਼ਬਦ ਹੈ। ਅਰਬੀ ਵਿਚ ਇਹ ਗਰੀਕ ਰਾਹੀਂ ਗਿਆ ਹੈ। ਅਰਬ ਵਿਚ ਜਦੋਂ ਫਿਲਾਸਫੀਕਲ ਸਾਹਿਤ ਰਚਿਆ ਜਾਣ ਲੱਗਿਆ ਤਾਂ ਇਹ ਸ਼ਬਦ ਓਥੇ ਹਾਜ਼ਰ ਹੋਇਆ। ਦਰਸ਼ਨ ਵਿਚ ਦ੍ਰਿਸ਼ਟੀ ਦੇ ਨਾਲ -ਨਾਲ ਦ੍ਰਿਸ਼ਟੀਗੋਚਰ ਕਰਨਾ, ਸਿਖਣਾ, ਜਾਣਨ ਤੇ ਸਮਝਣ ਦੇ ਭਾਵ ਵੀ ਹਨ। ਲੋਕਾਂ ਨੂੰ ਰਸਤਾ ਦਿਖਾਉਣਾ, ਗਿਆਨ ਬੋਧ ਕਰਾਉਣਾ, ਸਿਧ ਕਰਨਾ ਸਾਰੇ ਦਰਸ਼ਨ ਦੇ ਘੇਰੇ ਦੇ ਸ਼ਬਦ ਹਨ। ਮਹਾਨ ਕੋਸ਼ ਅਨੁਸਾਰ-ਦਰਸ਼ਨ-ਦੇਖਣ ਦਾ ਸਾਧਨ, ਨੇਤਰ, ਦੀਦਾਰ। ਚਾਰ ਪ੍ਰਕਾਰ ਦੇ ਦਰਸ਼ਨ ਮੰਨੇ ਗਏ ਹਨ-(ੳ)ਸ੍ਰਵਣ ਦਰਸ਼ਨ ਪ੍ਰੀਤਮ ਦਾ ਗੁਣ ਰੂਪ ਸੁਣ ਕੇ ਉਸ ਦੇ ਹਿਰਦੇ ਵਿਚ ਦਰਸ਼ਨ ਕਰਨਾ। (ਅ) ਚਿੱਤਰ ਦਰਸ਼ਨ-ਪ੍ਰੀਤਮ ਦੀ ਮੂਰਤ ਦਾ ਦੀਦਾਰ। (ੲ) ਸੁਪਨ ਦਰਸ਼ਨ-ਪਿਆਰੇ ਨੂੰ ਸੁਪਨੇ ਵਿਚ ਦੇਖਣਾ। (ਸ) ਪ੍ਰਤਯਕ ਦਰਸ਼ਨ-ਪ੍ਰੇਮੀ ਦਾ ਸਾਕਾਰ ਦੀਦਾਰ ਕਰਨਾ। ਦਰਸ਼ਨੀ- ਸੋਹਣਾ ਸੁਨੱਖਾ, ਦਰਸ਼ਨੀ ਹੁੰਡੀ-ਜਿਸ ਨੂੰ ਦਿਖਾਂਦੇ ਸਾਰ ਰੁਪਏ ਮਿਲ ਜਾਣ; ਦਰਸ਼ਨੀ ਡਿਓੜੀ, ਦਰਵਾਜ਼ਾ, ਦੁਆਰ-ਮੰਦਰ ਦਾ ਮੁੱਖ ਦੁਆਰ। ਦਰਸ਼ਨ ਛੇ ਪ੍ਰਕਾਰ ਦੇ ਮੰਨੇ ਗਏ ਹਨ -1. ਨਿਆਂਏ ਦਰਸ਼ਨ, 2. ਵੈਸ਼ੇਵਿਕ ਦਰਸ਼ਨ, 3. ਸਾਂਖ ਦਰਸ਼ਨ, 4. ਯੋਗ ਦਰਸ਼ਨ, 5. ਪੂਰਵ ਮੀਮਾਂਸਾ, 6. ਉਤਰ-ਮੀਮਾਂਸਾ। ਪੰਜਾਬੀ ਕੋਸ਼ ਅਨੁਸਾਰ-ਵੇਖਣ ਦਾ ਭਾਵ, ਦੀਦਾਰ, ਕਿਸੇ ਦੇਵਤੇ, ਦੇਵ ਮੂਰਤੀ ਦੇ ਦਰਸ਼ਨ, ਮੇਲ ਮੁਲਾਕਾਤ, ਜੋਗੀਆਂ ਦੀਆਂ ਮੁੰਦਰਾਂ, ਹਿੰਦੂਆਂ ਦੀਆਂ ਬ੍ਰਾਹਮਣ ਸੰਨਿਆਸੀ ਤੇ ਜੋਗੀ, ਤਿੰਨ ਸਨਾਤਨੀ ਸੰਪਰਦਾਵਾਂ, ਦਰਸ਼ਨ ਅਭਿਲਾਸੀ- ਦਰਸ਼ਨਾਂ ਦੀ ਇੱਛਾ ਰੱਖਣ ਵਾਲਾ; ਦਰਸ਼ਨ ਸ਼ਾਸਤਰ-ਉਹ ਵਿੱਦਿਆ ਜੋ ਪ੍ਰਕਿਰਤੀ, ਆਤਮਾ ਤੇ ਪਰਮਾਤਮਾ ਦੇ ਅੰਤਮ ਟੀਚੇ ਦਾ ਵਰਣਨ ਕਰਦੀ ਹੈ। ਦਰਸ਼ਨ ਦੀਦਾਰ, ਦਰਸ਼ਨ-ਪਰਸਨ, ਦਰਸ਼ਨ ਭੇਦ, ਦਰਸ਼ਨਵੇਤਾ-ਸ਼ਾਸਤਰਾਂ ਦਾ ਗਿਆਤਾ; ਖਟ ਦਰਸ਼ਨ, ਝਰੋਖਾ ਦਰਸ਼ਨ, ਦੂਰ ਦਰਸ਼ਨ, ਫਤੇਦਰਸ਼ਨ, ਬੰਦਾ ਬਹਾਦਰ ਵੱਲੋਂ ਪ੍ਰਚਲਤ ਸਿੱਖਾਂ ਨੂੰ ਇਕ ਦੂਜੇ ਨਾਲ ਮਿਲਣ ਵੇਲੇ ਕਹੇ ਸ਼ਬਦ; ਦਰਸ਼ਨ ਨਾਥ-ਕੰਨਪਾਟੇ ਨਾਥ, ਦਰਸ਼ਨੀ ਭਲਵਾਨ, ਦਰਸਾਵਾ-ਦਰਸ਼ਨ ਕਰਨੇ; ਦਰਸੀ-ਵੇਖਣ ਵਾਲਾ। ਪੰਜਾਬੀ ਵਿਚ ਦਰਸ਼ਨ ਲਈ ਕਈ ਮੁਹਾਵਰੇ ਵੀ ਪ੍ਰਚਲਤ ਹਨ-ਦਰਸ਼ਨ ਕੀਤਿਆਂ ਭੁੱਖ ਲੱਥਣਾ-ਕਿਸੇ ਦੀ ਸੁੰਦਰਤਾ ਵੇਖ ਕੇ ਪ੍ਰਸੰਨ ਹੋਣਾ, ਦਰਸ਼ਨ ਦੁਰਲੱਭ ਹੋਣੇ; ਦਰਸ਼ਨ ਮਹਿੰਗੇ ਹੋਣੇ- ਦਰਸ਼ਨ ਘੱਟ ਹੋਣੇ। •

## ਕਵਿਤਾਵਾਂ



ਕੰਵਰਜੀਤ ਭੱਠਲ
93165-16951

### ਡਰੇ ਨਹੀਂ ਹਾਂ ਕਦੇ

ਡਰੇ ਨਹੀ ਹਾਂ ਕਦੇ!
ਡਰੇ ਨਹੀ ਹਾਂ ਕਦੇ!
ਕੋਠੇ ਚੜ੍ਹ ਕੇ ਪੂਰਨਮਾਸ਼ੀ ਦੇ ਚੰਦ ਨੂੰ
ਦੇਖਣ ਜੇਹਾ ਨਜ਼ਾਰਾ
ਕਦੀ ਅਸੀ ਵੀ ਕਰਾਂਗੇ
ਇਹ ਵੀ ਤਾਂ ਘੱਟ ਨਹੀ।

ਮੈਂ ਜ਼ਿੰਦਗੀ ਦੇ (ਜੋ ਸਿਰਫ਼ ਨਾਂ ਦੀ ਹੈ)
ਹਰ ਖ਼ੂਬਸੂਰਤ ਮੋੜ 'ਤੇ ਥੁੱਕਿਆ
ਤੇ ਕਬਰਸਤਾਨਾਂ ਦੀ
ਗੰਧ ਨੂੰ ਸਲਾਹਿਆ
ਮੈਂ ਜੰਗਲਾਂ ਦੀ ਸੈਰ ਕੀਤੀ
ਆਪਣੇ ਹੀ ਘਰ ਅੰਦਰ ਕੈਦ ਰਿਹਾ
ਡਰੇ ਨਹੀ ਹਾਂ ਕਦੇ
ਇਹ ਵੀ ਘੱਟ ਤਾਂ ਨਹੀ।

ਮੈਂ ਜ਼ਿੰਦਗੀ ਦੀ ਕੁੜੱਤਣ
ਬਿਨਾਂ ਥੁੱਕੇ ਪੀਤੀ
ਤੇ ਭਵਿੱਖ ਦੇ ਸੁਪਨਿਆਂ ਨੂੰ
ਅੰਮ੍ਰਿਤ ਵਾਂਗ ਪੀਤਾ
ਮੈਂ ਹਾਕਮ ਦੇ ਵਾਰ ਵੀ ਸਹੇ
ਤੇ ਪਰਜਾ ਦੇ ਤਾਅਨੇ ਵੀ
ਡਰੇ ਨਹੀ ਹਾਂ ਕਦੇ
ਇਹ ਵੀ ਘੱਟ ਤਾਂ ਨਹੀ।

ਉਹ ਵੀ ਦਿਨ ਆਉਣਗੇ
ਜਦ ਪਰਬਤਾਂ ਤੋਂ ਤਿਲਕ ਕੇ
ਬਰਫ਼ ਸਾਡੇ ਹੰਝੂ ਧੋਏਗੀ
ਉਹ ਵੀ ਦਿਨ ਆਉਣਗੇ
ਹਵਾਵਾਂ ਜਦ ਲਿਆਉਣਗੀਆਂ
ਜ਼ਿੰਦਗੀ ਦਾ ਸੁਨੇਹਾ
ਪਰ ਹਾਲੀ
ਨਾ ਤਾਂ ਬਰਫ਼ ਹੈ
ਨਾ ਯਾਰ ਤੇ ਨਾ ਹੀ ਜ਼ਿੰਦਗੀ।



ਅਰਤਿੰਦਰ ਸੰਧੂ
98153-02081

### ਆਈ ਸੈਂ ਜੇ ਜ਼ਿੰਦਗੀ

ਆਈ ਸੈਂ ਜੇ ਤੂੰ ਜ਼ਿੰਦਗੀ
ਲੈ ਆਉਂਦੀ ਕੁਝ ਸਮਾਨ ਵੀ
ਪੈਰਾਂ ਲਈ ਜ਼ਮੀਨ ਤੇ
ਸਿਰ ਵਾਸਤੇ ਅਸਮਾਨ ਵੀ।

ਪੈਰ ਤਾਂ ਕਰਦੇ ਰਹੇ
ਬੇਚੈਨ ਪੌਣਾਂ ਦਾ ਸਫ਼ਰ
ਖ਼ਬਰੇ ਕਿਹੜੇ ਅੰਬਰੋਂ
ਆਉਂਦੇ ਰਹੇ ਤੂਫ਼ਾਨ ਵੀ।

ਕੁਝ ਸ਼ਬਦ ਰੱਖਦੀ ਤਾਂ
ਸਾਡੇ ਜੀਣ ਵਿਚਲੀ ਪੀੜ ਲਈ
ਹੁੰਦਾ ਜਿਨ੍ਹਾਂ ਕੋਲ ਆਪਣੇ
ਅਰਥਾਂ ਦਾ ਸਾਮਾਨ ਵੀ।

ਬੇਮੇਚ ਚੱਲਦੇ ਵੇਲਿਆਂ ਦਾ
ਕੁਝ ਤਾਂ ਹੁੰਦਾ ਨਾਪ-ਤੋਲ
ਦਿਸਦਾ ਰਹਿੰਦਾ ਮੁੱਕਣੀ ਕਦ
ਵਾਟ ਇਹ ਬੇਜਾਨ ਵੀ।

ਕੁਝ ਤਾਂ ਸਮਰੱਥਾ ਵੀ ਹੁੰਦੀ
ਖ਼ੁਦ ਲਈ ਜੀਣ-ਥੀਣ ਦੀ
ਰਾਹੇ ਤਾਂ ਪੈਂਦੇ ਕਿਸੇ
ਅਹਿਸਾਸਾਂ ਦੇ ਅਰਮਾਨ ਵੀ।

ਲਿਪੀ ਦੇ ਕੇ ਸੂਝ ਦੇਂਦੀ
ਜਾਚ ਫਿਰ ਹੱਥਾਂ ਨੂੰ ਵੀ
ਲਿਖਣ ਦੀ ਇਸ ਸ਼ਹਿਰ ਵੱਸੀ
ਪੀੜ ਦਾ ਅਨੁਮਾਨ ਵੀ।

ਰਿਸ਼ਤਿਆਂ ਦੀਆਂ ਗੁੰਝਲਾਂ ਨੂੰ
ਦੱਸਦੀ ਕਿੰਜ ਖੋਲ੍ਹਣਾ
ਕਿਸ ਤਰ੍ਹਾਂ ਨੇ ਪਾਸ ਹੋਣੇ
ਆਏ ਇਮਤਿਹਾਨ ਵੀ।

ਸਾਹਾਂ 'ਚੋਂ ਰਿਸਦੀ ਪੀੜ 'ਚੋਂ
ਬਾਰਿਸ਼ ਦੇ ਕਤਰੇ ਜੋੜ ਕੇ
ਬੁਣਨਾ ਕਿਵੇਂ ਆਪਣੇ
ਹਿੱਸੇ ਦਾ ਆਸਮਾਨ ਵੀ।

ਚੀਸਾਂ ਦੀ ਵਹਿੰਦੀ ਭੀੜ ਨੂੰ
ਹੈ ਮੰਨਣਾ ਮੇਲਾ ਕਿਵੇਂ
ਆਪਣੇ ਟੋਟੇ ਵੇਚ ਕਿਵੇਂ
ਵਣਜਣੇ ਅਰਮਾਨ ਵੀ।

ਆਪਣੇ ਹੀ ਨਾਲ ਕਰ
ਸਮਝੌਤੇ ਆਪੇ ਤੋੜਨੇ
ਪੂਰਦੇ ਰਹਿਣਾ ਫਿਰ ਆਪੇ
ਕਰ ਲਏ ਨੁਕਸਾਨ ਵੀ।



ਬਲਜੀਤ ਤਲਵੰਡੀ
92177-68857

### ਚਿਹਰੇ

ਹੱਸ ਹੱਸ ਕਰਦੇ ਮੁਸਕਰਾਉਂਦੇ ਚਿਹਰੇ।
ਕਿੰਨੇ ਦਰਦ ਲੁਕਾਉਂਦੇ ਚਿਹਰੇ।

ਰੰਗਲੀ ਦੁਨੀਆ ਦੀ ਮਸਤੀ ਵਿਚ,
ਅੰਦਰੀ ਪੀੜ ਦਬਾਉਂਦੇ ਚਿਹਰੇ।

ਇਕ ਦੂਜੇ ਨੂੰ ਕਹਿਣ ਤੋਂ ਡਰਦੇ,
ਨਕਲੀ ਹੱਸ ਵਿਖਾਉਂਦੇ ਚਿਹਰੇ।

ਅੰਦਰੋ-ਅੰਦਰ ਘੁੱਟ ਘੁੱਟ ਪੀੜਾਂ ਡੱਕਦੇ,
ਮਿੱਠੀਆਂ ਬਾਤਾਂ ਪਾਉਂਦੇ ਚਿਹਰੇ।

ਕਦੀ ਸਮੇਂ ਦੀ ਕਮੀ ਖਾ ਗਈ,
ਕਦੀ ਇਕ ਦੂਜੇ ਤੋਂ ਕਤਰਾਉਂਦੇ ਚਿਹਰੇ।

ਅੰਦਰੋਂ ਸ਼ੱਕ ਹੱਡਾਂ ਨੂੰ ਲੂਹੀ ਜਾਵੇ,
ਕਿਉਂ ਭੱਠੀ ਵਾਂਗ ਤਪਾਉਂਦੇ ਚਿਹਰੇ।

## ਪ੍ਰਾਪਤ ਪੁਸਤਕਾਂ

1
ਪੁਸਤਕ : ਦੋਸ਼ੀ ਕੌਣ ?
ਲੇਖਕ : ਬੂਟਾ ਖਾਨ ਸੁੱਖੀ
ਪੰਨੇ : 84 ਮੁੱਲ : 195/-
ਪ੍ਰਕਾਸ਼ਕ : ਲੋਕਗੀਤ ਪ੍ਰਕਾਸ਼ਨ, ਮੋਹਾਲੀ।

2
ਪੁਸਤਕ : ਵੀਰਾਂ
ਲੇਖਿਕਾ : ਹਰਨੇਕ ਸਿੰਘ ਬੱਧਣੀ
ਪੰਨੇ : 112 ਮੁੱਲ : 150/-
ਪ੍ਰਕਾਸ਼ਕ : ਤਰਕਭਾਰਤੀ ਪ੍ਰਕਾਸ਼ਨ, ਬਰਨਾਲਾ।

## ਗ਼ਜ਼ਲਾਂ



ਜਗਜੀਤ ਸਿੰਘ ਨੂਰ
93166-03510

ਸ਼ਿਵ ਤੂੰ ਰਚ ਗਿਆ ਏਂ ਐਸਾ
ਇਤਿਹਾਸ ਓ ਸਜਣਾ।
ਉਲਫ਼ਤ ਦਾ ਕਰਵਾ ਗਿਆ
ਏਂ ਅਹਿਸਾਸ ਓ ਸਜਣਾ।

ਤੇਰੇ ਗੀਤਾਂ 'ਚੋਂ ਛਿੜਦੀ ਸੀ
ਸਰਗਮ ਜਦ ਵੀ,
ਤਾਂ ਮਿਲਦਾ ਸੀ ਹਰ ਦਿਲ ਨੂੰ
ਧਰਵਾਸ ਓ ਸਜਣਾ।

ਤੇਰੇ ਬੋਲਾਂ 'ਚੋਂ ਕਿਰਦੇ ਸੀ
ਅਨਮੋਲ ਮੋਤੀ,
ਜੋ ਭਰਦੇ ਸੀ ਹਰ ਦਿਲ ਵਿਚ
ਮਿਠਾਸ ਓ ਸਜਣਾ।

ਤੇਰੇ ਗੀਤਾਂ ਨੂੰ ਸੁਣ ਮਸਤ
ਹੁੰਦੇ ਸੀ ਲੋਕੀਂ,
ਜੋ ਕਰਦੇ ਸੀ ਨਿੱਤ ਦਿਲਾਂ
ਵਿਚ ਵਾਸ ਓ ਸਜਣਾ।

ਸੂਰਜ ਕਿਰਨਾਂ ਦਾ ਕਾਫ਼ਲਾ
ਏ 'ਲੂਣਾ' ਤੇਰੀ,
ਜਿਸ ਚਿੱਤਰਿਆ ਔਰਤ ਦਾ
ਰੂਪ ਖ਼ਾਸ ਓ ਸਜਣਾ।

ਸ਼ਿਵ, ਇਕ ਸ਼ਿਕਰਾ ਯਾਰ
ਬਣਾਇਆ ਸੀ ਤੂੰ ਯਾਰਾ,
ਜਿਸ ਨੂੰ ਖਵਾਇਆ ਅਪਣੇ
ਦਿਲ ਦਾ ਮਾਸ ਓ ਸਜਣਾ।

ਜਿੰਨ੍ਹਾਂ ਨੇ ਖਾਧੀਆਂ ਬਿਰਹਾ
ਦੀਆਂ ਚੋਟਾਂ,
ਤੇਰੇ ਗੀਤ ਬੁਝਾਉਣ ਉਨ੍ਹਾਂ
ਦੀ ਪਿਆਸ ਓ ਸਜਣਾ।

ਯਾਰਾ ਬਿਰਹਾ ਦੇ ਸੁਲਤਾਨ ਦੀ
ਤੂੰ ਪਾ ਪਦਵੀ,
ਸੱਚੇ ਪ੍ਰੇਮ 'ਚ ਭਰਿਆ ਈ
ਵਿਸ਼ਵਾਸ ਓ ਸਜਣਾ।

ਰਹਿੰਦੀ ਦੁਨੀਆ ਤਕ ਹੀ
ਚਮਕੇਗਾ 'ਨੂਰ' ਤੇਰਾ,
ਹਰ ਗੀਤ 'ਚੋਂ ਆਊਗੀ
ਖ਼ੁਸ਼ਬੂ ਖ਼ਾਸ ਓ ਸਜਣਾ।



ਰਾਜ਼ ਗੁਰਦਾਸਪੁਰੀ
97803-13308

ਮੈਂ ਨਹੀ ਆਇਆ ਤੇਰੇ ਦਰ
'ਤੇ ਸਿਆਸਤ ਵਾਸਤੇ।
ਸੀਸ ਮੇਰਾ ਝੁਕ ਗਿਆ ਤੇਰੀ
ਇਬਾਦਤ ਵਾਸਤੇ।

ਖ਼ੁਸ਼ਨੁਮਾ ਉਸ ਦੀ ਤਬੀਅਤ
ਸਾਰਿਆਂ ਦੇ ਮਨ ਭਾਵੇ,
ਕੋਲ ਮੇਰੇ ਆ ਗਿਆ ਨਟਖਟ
ਸ਼ਰਾਰਤ ਵਾਸਤੇ।

ਝੂਠ ਹਨ ਸਭ ਸਾਕ ਸਾਰੇ,
ਝੂਠ ਰਿਸ਼ਤੇਦਾਰੀਆਂ,
ਜੇ ਸਬੰਧੀ ਹੈ ਕਿਸੇ ਦਾ, ਹੈ
ਜ਼ਰੂਰਤ ਵਾਸਤੇ।

ਕੀ ਭਰੋਸਾ ਸ਼ਾਮ ਤਕ, ਘਰ ਹੋ
ਨਾ ਪਾਏ ਵਾਪਸੀ,
ਜੇਬ ਅੰਦਰ ਰੱਖ ਲਿਆ,
ਪੱਤਰ ਸ਼ਨਾਖ਼ਤ ਵਾਸਤੇ।

ਕੀ ਕਰੇਗਾ ਮਸਤੀਆਂ ਵਿਚ
ਮੁਸ਼ਕਿਲਾਂ ਦਾ ਟਾਕਰਾ,
ਪੇਟ ਦੀ ਭੁੱਖ ਵੀ ਜ਼ਰੂਰੀ ਹੈ
ਬਗ਼ਾਵਤ ਵਾਸਤੇ।

ਉਹ ਇਕੱਲਾ ਆਦਮੀ
ਦੁਨੀਆ 'ਚ ਜੀਵੇ ਕਿਸ ਤਰ੍ਹਾਂ,
ਲੋੜ ਹੈ ਬੰਦੇ ਨੂੰ, ਬੰਦੇ ਦੀ
ਮੁਹੱਬਤ ਵਾਸਤੇ।

ਚਾਰੇ ਪਾਸੇ ਘੁੰਮ ਰਹੇ, ਅੱਜ
ਕੱਲ੍ਹ ਲੁਟੇਰੇ ਹੁਸਨ ਦੇ,
ਗਾੜ ਰੱਖ ਲੈ 'ਰਾਜ਼' ਨੂੰ
ਅਪਨੀ ਹਿਫ਼ਾਜ਼ਤ ਵਾਸਤੇ।



ਪ੍ਰੋ. ਸੁਲੱਖਣ ਮੀਤ
94633-29939

ਜਦ ਮੈਂ ਤੇਰਾ ਚਿਹਰਾ ਤੱਕਿਆ,
ਕੁਝ ਕੁਝ ਹੋਇਆ।
ਜਦ ਮੈਂ ਤੈਨੂੰ ਪੱਤਰ ਲਿਖਿਆ,
ਕੁਝ-ਕੁਝ ਹੋਇਆ।

ਤੂੰ ਮਿਲਿਆ ਤਾਂ ਕੁਝ ਨਾ
ਹੋਇਆ, ਮੇਰੇ ਦਿਲਬਰ,
ਜਦ ਤੂੰ ਮੈਨੂੰ ਪੱਤਰ ਲਿਖਿਆ,
ਕੁਝ-ਕੁਝ ਹੋਇਆ।

ਉਹ ਮਿਲਿਆ ਤਾਂ ਕੁਝ ਨਾ
ਹੋਇਆ, ਬੋਲ ਨਾ ਹੋਇਆ,
ਮੇਰਾ ਦਿਲ ਜਦ ਉਸ ਨੇ
ਛੂਹਿਆ, ਕੁਝ-ਕੁਝ ਹੋਇਆ।

ਫੇਰੇ ਪੜ੍ਹਨ ਤੋਂ ਪਹਿਲਾਂ
ਡਰਿਆ, ਮੀਤ ਅਸਾਡਾ,
ਨਾਲ ਬੈਠ ਕੇ ਜਦ ਉਸ
ਛਕਿਆ ਕੁਝ-ਕੁਝ ਹੋਇਆ।

ਉਸ ਦੇ ਬਿਨ ਤਾਂ ਮੇਰੇ ਘਰ
ਵਿਚ ਨ੍ਹੇਰਾ ਵੱਸਿਆ,
ਆ ਕੇ ਜਾਂ ਉਸ ਦੀਪ
ਜਗਾਇਆ, ਕੁਝ-ਕੁਝ ਹੋਇਆ।



ਜਸਵਿੰਦਰ ਸਿੰਘ ਜੱਸੀ
99155-19156

ਝੂਠ ਦਾ ਪ੍ਰਚਾਰ ਸੀ ਪਿਛਲੇ ਦਿਨੀਂ।
ਸੱਚ ਤਾਂ ਬਿਮਾਰ ਸੀ ਪਿਛਲੇ ਦਿਨੀਂ।

ਕੋਲ ਬਹਿ ਗ਼ੈਰਾਂ ਦੇ ਜੋ ਹੱਸਦਾ ਪਿਐ,
ਉਹ ਮੇਰਾ ਦਿਲਦਾਰ ਸੀ ਪਿਛਲੇ ਦਿਨੀਂ।

ਸ਼ੁਕਰ ਹੈ ਕਿ ਕੁਝ ਤਾਂ ਹੁਣ ਰਾਹਤ ਮਿਲੀ,
ਜੀਣ ਹੀ ਦੁਸ਼ਵਾਰ ਸੀ ਪਿਛਲੇ ਦਿਨੀਂ।

ਵੇਚ ਕੇ ਲੋਕੀਂ ਜ਼ਮੀਰਾਂ ਖਾ ਗਏ,
ਗਿਰ ਗਿਆ ਕਿਰਦਾਰ ਸੀ ਪਿਛਲੇ ਦਿਨੀਂ।

ਪੱਛਮੀ 'ਵਾ ਨਾਲ ਦੂਸ਼ਿਤ ਹੋ ਗਿਆ,
ਸਾਫ਼ ਸੱਭਿਆਚਾਰ ਸੀ ਪਿਛਲੇ ਦਿਨੀਂ।

ਹੋ ਗਏ ਆਖਿਰ ਪਿਆਸੇ ਖ਼ੂਨ ਦੇ,
ਜੋ ਜੋ ਜਿਗਰੀ ਯਾਰ ਸੀ ਪਿਛਲੇ ਦਿਨੀਂ।

ਢਹਿ ਗਈ ਆਖਿਰ ਇਮਾਰਤ ਢਹਿ ਗਈ,
ਜਗ ਦਾ ਜੋ ਸ਼ਿੰਗਾਰ ਸੀ ਪਿਛਲੇ ਦਿਨੀਂ।

ਝੂਠ ਨੇ ਆਖਿਰ ਉਨ੍ਹੰ ਭਰਮਾ ਲਿਆ,
ਸੱਚ ਦੀ ਜੋ ਤਲਵਾਰ ਸੀ ਪਿਛਲੇ ਦਿਨੀਂ।

ਇਕ ਬਨਾਉਟੀ ਲੀਕ ਨਫ਼ਰਤ ਦੇ ਗਈ,
ਮਰ ਗਿਆ ਕਿਰਦਾਰ ਸੀ ਪਿਛਲੇ ਦਿਨੀਂ।

ਹੁਣ ਰਿਹਾ 'ਜੱਸੀ' ਨਾ ਖ਼ੁਦ 'ਤੇ ਵੀ ਯਕੀਨ,
ਗ਼ੈਰ 'ਤੇ ਇਤਬਾਰ ਸੀ ਪਿਛਲੇ ਦਿਨੀਂ.

ਮਿੰਨੀ ਕਹਾਣੀ



### ਸਮੇਂ ਦਾ ਅੰਤਰ

ਬਚਪਨ ਬੀਤਣ ਤੋਂ ਬਾਅਦ ਜਿਉਂ ਹੀ ਸੁਰਤ ਸੰਭਾਲੀ, ਮਾਂ ਵੱਲੋਂ ਤਾਂ ਲਾਡ-ਪਿਆਰ ਜਾਰੀ ਰਿਹਾ ਪਰ ਪਿਤਾ ਵੱਲੋਂ ਡਰ ਪੱਲੇ ਪੈ ਗਿਆ। ਕੋਈ ਗ਼ਲਤੀ ਹੋ ਜਾਂਦੀ, ਅੱਜ ਖ਼ੈਰ ਨਹੀ, ਸ਼ਿਕਾਇਤ ਲੱਗੇਗੀ, ਮਾਰ ਪਵੇਗੀ। ਪਿਤਾ ਜੀ ਦੇ ਮੱਥੇ 'ਤੇ ਤਿਊੜੀ ਵੇਖ ਅੱਖਾਂ ਆਪੇ ਹੀ ਨੀਵੀਆਂ ਪੈ ਜਾਂਦੀਆਂ। ਡਾਂਟ ਪੈਂਦੀ, ਚੁੱਪ-ਚਾਪ ਸੁਣੀ ਜਾਂਦਾ, ਸਰੀਰ ਕੰਬਦਾ ਰਹਿੰਦਾ। ਸਫ਼ਾਈ 'ਚ ਬੋਲੋ ਤਾਂ ਪਿਤਾ ਜੀ ਦਾ ਪਾਰਾ ਹੋਰ ਚੜ੍ਹ ਜਾਂਦਾ, ਕੁੱਟ ਖਾਣੀ ਪੈਂਦੀ। ਆਖ਼ਰ, ਮੁੜ ਇਦਾਂ ਦੀ ਗ਼ਲਤੀ ਫਿਰ ਨਹੀ ਕਰੂੰਗਾ, ਕਹਿ ਕੇ ਛੁਟਕਾਰਾ ਮਿਲ ਜਾਂਦਾ ਸੀ। ਦਹਾਕੇ ਬੀਤ ਗਏ ਹਨ। ਪਿਤਾ ਜੀ ਵੀ ਨਹੀਂ ਰਹੇ। ਅੱਜ ਸਾਹਮਣੇ ਪੁੱਤਰ ਖੜ੍ਹਾ ਹੈ। ਵਿਆਹ ਕੇ ਆਪਣੇ ਵੱਲੋਂ ਕਬੀਲਦਾਰੀ ਦਾ ਭਾਰ ਲਾਹ ਬੈਠਾ ਹਾਂ ਪ੍ਰੰਤੂ ਅੱਜ ਵੀ ਅੱਖਾਂ ਨੀਵੀਆਂ ਹਨ। ਪਿਤਾ ਜੀ ਦੀ ਘੂਰੀ ਨਾਲੋਂ ਪੁੱਤਰ ਦੀ ਘੂਰੀ ਜ਼ਿਆਦਾ ਜ਼ਹਿਰਲੀ ਹੈ। ਸਵੇਰੇ, ਸ਼ਾਮੀ ਸੁਣਨਾ ਪੈਂਦਾ ਹੈ। 'ਵਿਹਲੜ ਬੈਠਾ ਜ਼ੁਬਾਨ ਚਲਾਉਂਦਾ ਰਹਿੰਦਾ ਹੈ, ਵੈਰੀ ਅਨਾਜ ਦਾ, ਖਾ ਪੀ ਲਿਆ, ਘੁੰਮ ਫਿਰ...। ਬਸ ਇਹੀ ਸਭ ਹਰ ਰੋਜ਼ ਹੁੰਦਾ ਸੀ।

• ਹਰਜਿੰਦਰ ਸਿੰਘ ਧਾਮੀ, 98144-32347

# ਉਰਦੂ ਤੇ ਪੰਜਾਬੀ ਦੀ ਸ਼ਾਇਰਾ ਸੁਲਤਾਨਾ ਬੇਗਮ



ਸਤਨਾਮ ਚੌਹਾਨ
98886-15531

ਪਟਿਆਲਾ ਸ਼ਹਿਰ ਲੇਖਕਾਂ ਦਾ ਗੜ੍ਹ ਹੈ। ਦਲੀਪ ਕੌਰ ਟਿਵਾਣਾ, ਪ੍ਰੋ. ਨਰਿੰਦਰ ਕਪੂਰ, ਪ੍ਰੋ. ਕ੍ਰਿਪਾਲ ਕਜ਼ਾਕ, ਡਾ. ਦਰਸ਼ਨ ਆਸਟ, ਡਾ. ਅਮਰਜੀਤ ਕੌਂਕੇ ਤੇ ਹੋਰ ਬਹੁਤ ਸਾਰੇ ਨਾਮਵਰ ਲੇਖਕਾਂ ਦੀ ਵਸਣ ਗਾਹ ਹੈ ਪਟਿਆਲਾ ਸ਼ਹਿਰ। ਇੱਥੋਂ ਦੇ ਸਿਰ ਕੱਢ ਲੇਖਿਕਾਂ ਵਿੱਚੋਂ ਇਕ ਨਾਂ ਡਾ. ਸੁਲਤਾਨਾ ਬੇਗਮ ਦਾ ਹੈ।

ਡਾ. ਸੁਲਤਾਨਾ ਬੇਗਮ ਉਰਦੂ ਅਤੇ ਪੰਜਾਬੀ, ਦੋਹਾਂ ਭਾਸ਼ਾਵਾਂ ਵਿਚ ਲਿਖਦੀ ਹੈ। ਉਸ ਦੇ ਜਨਮ ਦੀ ਕਹਾਣੀ ਵੀ ਬੜੀ ਗੁੰਝਲਦਾਰ ਹੈ। ਜਦੋਂ 1947 ਵਿਚ ਭਾਰਤ-ਪਾਕਿ ਵੰਡ ਹੋਈ ਤਾਂ ਸੁਲਤਾਨਾ ਬੇਗਮ ਦੇ ਅੱਬਾ ਮਿਰਜ਼ਾ ਸਦੀਕ ਬੇਗ ਓਦੋਂ ਪਟਿਆਲੇ ਸੇਠ ਚਰਨ ਦਾਸ ਦੇ ਸਿਨੇਮਿਆਂ ਵਿਚ ਕੰਮ ਕਰਦੇ ਸਨ ਅਤੇ ਹੱਲਿਆਂ ਸਮੇਂ ਉਹ ਆਪਣੇ ਪਰਿਵਾਰ ਨਾਲ ਪਾਕਿਸਤਾਨ ਚਲੇ ਗਏ। ਸੁਲਤਾਨਾ ਦੀ ਮਾਂ ਇੱਧਰ ਹੀ ਰਹਿ ਗਈ। 1948 ਵਿਚ ਉਸ ਦੀ ਅੰਮੀ ਪਾਕਿਸਤਾਨ ਚਲੀ ਗਈ। ਉਦੋਂ ਅਜੇ ਵੀਜ਼ਾ ਲੈਣ ਦੀ ਲੋੜ ਨਹੀਂ ਸੀ। ਪਟਿਆਲੇ ਵਾਲੇ ਸੇਠ ਚਰਨਦਾਸ ਦਾ ਇਕ ਸਿਨੇਮਾ ਲਾਹੌਰ ਵਿਚ ਵੀ ਸੀ ਜਿੱਥੇ ਉਨ੍ਹਾਂ ਦੇ ਅੱਬਾ ਨੂੰ ਨੌਕਰੀ ਮਿਲ ਗਈ ਸੀ। ਜਦੋਂ ਬੇਗਮ ਦੀ ਅੰਮੀ 1948 ਵਿਚ ਲਾਹੌਰ ਗਈ ਤਾਂ ਉਸ ਦੇ ਅੱਬਾ ਨੇ ਅੰਮੀ ਨੂੰ ਤਾਂ ਰੱਖਿਆ ਪਰ ਆਪਣੇ ਦੂਜੇ ਪਰਿਵਾਰ ਬਾਰੇ ਕੁਝ ਨਾ ਦੱਸਿਆ। ਬੇਗਮ ਦੇ ਅੱਬਾ ਕਈ-ਕਈ ਦਿਨ ਘਰੋਂ ਬਾਹਰ ਰਹਿੰਦੇ। ਆਖ਼ਿਰ ਬੇਗਮ ਦੀ ਅੰਮੀ ਨੂੰ ਅਸਲੀਅਤ ਪਤਾ ਲੱਗ ਗਈ ਤੇ ਉਹ ਵਾਪਸ ਪਟਿਆਲੇ ਆ ਗਈ। ਉਸ ਸਮੇਂ ਬੇਗਮ ਮਾਂ ਦੇ ਪੇਟ ਵਿਚ ਸੀ। ਇਨ੍ਹਾਂ ਪਟਿਆਲੇ ਰਹਿੰਦੇ ਰਿਸ਼ਤੇਦਾਰਾਂ ਵਿੱਚੋਂ ਕਿਸੇ ਨੇ ਵੀ ਗਰਭਵਤੀ ਭੈਣ ਨੂੰ ਨਾ ਝੱਲਿਆ। ਉਸ ਦੀ ਅੰਮੀ ਹੋਰ ਮੁਸ਼ਕਿਲ ਵਿਚ ਆ ਗਏ ਫਿਰ ਨਾਨਕੇ ਪਰਿਵਾਰ ਦੇ ਦੋਸਤ ਚਰੰਜੀ ਲਾਲ ਨੇ, ਜੋ ਪੁਲਿਸ ਵਿਚ ਸਨ ਤੇ ਉਨ੍ਹਾਂ ਦੇ ਕੋਈ ਬੱਚਾ ਨਹੀਂ ਸੀ, ਬੇਗਮ ਨੂੰ ਗੋਦ ਲੈਣ ਦਾ ਵਾਅਦਾ ਉਸ ਦੀ ਮਾਂ ਨਾਲ ਕੀਤਾ। 15 ਅਕਤੂਬਰ 1949 ਨੂੰ ਸੁਲਤਾਨਾ ਦਾ ਜਨਮ ਹੋਇਆ ਤਾਂ ਇਕ ਦਿਨ ਦੀ ਧੀ ਚਰੰਜੀ ਲਾਲ ਨੇ ਆਪਣੀ ਝੋਲੀ ਪਾ ਲਈ। ਸੁਲਤਾਨਾ ਬੇਗਮ 1992 ਵਿਚ ਇਕ ਜਥੇ ਨਾਲ ਪਾਕਿਸਤਾਨ ਗਈ ਪਰ ਉੱਥੇ ਉਸ ਨੂੰ ਕੋਈ ਆਪਣਾ ਨਾ ਮਿਲਿਆ।

ਸੁਲਤਾਨਾ ਬੇਗਮ ਦੇ ਵਿਆਹ ਦੀ ਗੱਲ ਵੀ ਬੜੀ ਦਿਲਚਸਪ ਹੈ। ਉਹ ਇੰਡੀਅਨ ਥੀਏਟਰ ਦੇ ਡਿਪਲੋਮੇ ਤੋਂ ਬਾਅਦ ਪਟਿਆਲੇ ਨਹੀਂ ਜਾਣਾ ਚਾਹੁੰਦੀ ਸੀ ਪਰ ਕੋਈ ਨੌਕਰੀ ਨਹੀਂ ਸੀ ਤੇ ਨਾ ਹੀ ਰਹਿਣ ਦਾ ਟਿਕਾਣਾ। ਇਕ ਦਿਨ ਯੂਨੀਵਰਸਿਟੀ ਕਾਫ਼ੀ ਹਾਊਸ ਬੈਠੇ ਡਾ. ਜਗਤਾਰ ਵੀ ਬੈਠੇ ਸਨ ਕਿ ਅਵਤਾਰ ਸਿੰਘ ਤਾਰੀ ਵੀ ਉੱਤੇ ਆ ਆ ਗਿਆ ਉਹ ਸੁਲਤਾਨਾ ਨੂੰ ਕਹਿਣ ਲੱਗੇ, 'ਤੂੰ ਵਿਆਹ ਕਿਉਂ ਨਹੀਂ ਕਰ ਲੈਂਦੀ? ਡਾ. ਜਗਤਾਰ, ਅਵਤਾਰ ਸਿੰਘ ਨੂੰ ਕਹਿੰਦੇ ਤੂੰ ਕਰੇਗਾ ਵਿਆਹ। ਹਾਂ, ਜੇ ਸੁਲਤਾਨਾ ਬੇਗਮ ਨੂੰ ਇਤਰਾਜ਼ ਨਾ ਹੋਵੇ। ਚਾਰ ਦਿਨਾਂ ਵਿਚ ਗੁਰਦੁਆਰੇ ਲਾਵਾਂ ਨਾਲ ਵਿਆਹ ਹੋ ਗਿਆ। ਅਵਤਾਰ ਸਿੰਘ ਨੌਕਰੀ ਕਰਦੇ ਸੀ ਤੇ ਇਵਨਿੰਗ ਕਾਲਜ ਦੇ ਵਿਦਿਆਰਥੀ ਸਨ।



*ਪਟਿਆਲੇ ਦੀ ਧਰਤੀ ਨਾਮਵਰ ਲੇਖਕਾਂ ਦਾ ਗੜ੍ਹ ਹੈ। ਇੱਥੋਂ ਦੇ ਸਿਰਕੱਢ ਲੇਖਕਾਂ ਵਿੱਚੋਂ ਇਕ ਨਾਂ ਸੁਲਤਾਨਾ ਬੇਗਮ ਦਾ ਵੀ ਹੈ। ਉਹ ਉਰਦੂ ਅਤੇ ਪੰਜਾਬੀ, ਦੋਹਾਂ ਭਾਸ਼ਾਵਾਂ ਵਿਚ ਲਿਖਦੀ ਹੈ...*

1975 ਵਿਚ ਡਾ. ਬੇਗਮ ਦੀ ਨੌਕਰੀ ਵੀ ਲੱਗ ਗਈ। ਸਹੁਰਿਆਂ ਨਾਲ ਥੋੜ੍ਹੇ ਜਿਹੇ ਰੋਸ ਤੋਂ ਬਾਅਦ ਫਿਰ ਸਭ ਠੀਕ ਹੋ ਗਿਆ। ਬੇਗਮ ਨੇ ਐੱਮਏ ਪੰਜਾਬੀ, ਉਰਦੂ ਦੀ ਪੀਐੱਚਡੀ, ਡਿਪਲੋਮਾ ਇਨ ਇੰਡੀਅਨ ਥਿਏਟਰ ਤੇ ਹੋਰ ਡਿਪਲੋਮੇ ਵੀ ਕੀਤੇ। ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਡਿਪਟੀ ਡਾਇਰੈਕਟਰ ਰਿਟਾਇਰ ਹੋਏ। ਸੁਲਤਾਨਾ ਬੇਗਮ ਨੇ ਰੁਸਵਾਈਆਂ, ਗੁਲਜ਼ਾਰਾਂ ਲੋਕ ਕਾਵਿ, ਸਗੂਫ਼ੇ ਅਦਬੀ ਵਿਅੰਗ, ਹੋਰ ਤੱਕ ਦਾ ਲਿਪਾਂਤਰ (ਉਰਦੂ ਤੋਂ ਪੰਜਾਬੀ), ਬਹਾਰਾਂ (ਸੂਫ਼ੀ ਕਾਵਿ) ਇਸ ਤੋਂ ਇਲਾਵਾ ਪੰਜਾਬੀ, ਉਰਦੂ ਦੇ ਕੈਦੇ ਤੋਂ ਲੈ ਕੇ ਬਾਰਵੀਂ ਜਮਾਤ ਤਕ ਦੀ ਪਾਠ ਪੁਸਤਕਾਂ ਬਣਾਈਆਂ। ਸੁਲਤਾਨਾ ਅਤੇ ਅਵਤਾਰ ਆਪਸ ਵਿਚ ਵਿਆਹ ਕਰਵਾਕੇ ਮਜ਼੍ਹਬਾਂ ਦੀ ਲਕੀਰ ਮਿਟਾ ਦਿੱਤੀ। ਅੱਜ ਸੁਲਤਾਨਾ ਦੇ ਘਰ ਈਦ ਵੀ ਮਨਾਈ ਜਾਂਦੀ ਤੇ ਦੀਵਾਲੀ ਦੇ ਦੀਵੇ ਵੀ ਬਾਲੇ ਜਾਂਦੇ ਹਨ। •

# ਟੁੱਟ-ਭੱਜ 'ਚੋਂ ਉਪਜਿਆ ਰਣਜੀਤ ਸਰਾਂਵਾਲੀ



ਬੂਟਾ ਸਿੰਘ ਚੌਹਾਨ
98143-80749

ਕਵਿਤਾ ਦੇ ਖੇਤਰ 'ਚ ਬਹੁਤ ਸਾਰੇ ਨਵੇਂ ਕਵੀ ਆ ਰਹੇ ਹਨ, ਜੋ ਖੁੱਲ੍ਹੀ ਕਵਿਤਾ ਲਿਖਦੇ ਨੇ। ਕੋਈ-ਕੋਈ ਛੰਦ-ਬੰਦ ਕਵਿਤਾ ਵੀ। ਪਰ ਗ਼ਜ਼ਲ ਦੇ ਖੇਤਰ 'ਚ ਅਜਿਹਾ ਨਹੀਂ ਹੋ ਰਿਹਾ। ਇਸ ਦਾ ਕਾਰਨ ਗ਼ਜ਼ਲ ਲਿਖਣ ਵੇਲੇ ਅਪਣਾਈਆਂ ਜਾਣ ਵਾਲੀਆਂ ਬਹੁਤ ਸਾਰੀਆਂ ਬੰਦਿਸ਼ਾਂ ਹਨ। ਇਸ ਲਈ ਗ਼ਜ਼ਲ ਲਿਖਣ ਵੇਲੇ ਅਨੁਸ਼ਾਸ਼ਨ 'ਚ ਰਹਿਣਾ ਪੈਂਦਾ ਹੈ।

ਰਣਜੀਤ ਸਰਾਂਵਾਲੀ ਨੂੰ ਭਾਵੇਂ ਗ਼ਜ਼ਲ ਦੇ ਖੇਤਰ 'ਚ ਪ੍ਰਵੇਸ਼ ਕਰਿਆਂ ਇਕ ਦਹਾਕਾ ਵੀ ਨਹੀ ਹੋਇਆ ਪਰ ਉਸ ਨੇ ਜਿੰਨਿਆਂ ਕੁ ਬਹਿਰਾਂ ਦੀ ਵਰਤੋਂ ਆਪਣੀਆਂ ਗ਼ਜ਼ਲਾਂ 'ਚ ਕੀਤੀ ਹੈ, ਉਨ੍ਹਾਂ 'ਚ ਗ਼ਜ਼ਲ ਦੀਆਂ ਨਿਰਧਾਰਤ ਬੰਦਿਸ਼ਾਂ ਨੂੰ ਨਿਭਾਉਣ ਦਾ ਯਤਨ ਕੀਤਾ ਹੈ। ਤਦੇ ਉਸ ਨੂੰ ਨਵੇਂ ਸ਼ਾਇਰਾਂ ਦੇ ਪਰਿਪੇਖ 'ਚ ਨਹੀਂ ਵੇਖਿਆ ਜਾ ਸਕਦਾ। ਉਹ ਆਪਣੇ ਵਿਚਾਰਾਂ ਨੂੰ ਪ੍ਰਗਟ ਕਰਨ ਵੇਲੇ ਬਹਿਰ ਵਜ਼ਨ, ਕਾਫ਼ੀਏ ਅਤੇ ਰਦੀਫ਼ ਦਾ ਮੁਹਤਾਜ ਨਹੀਂ ਰਹਿੰਦਾ।

ਕਈ ਸਾਲ ਪਹਿਲਾਂ ਸਰਾਂਵਾਲੀ ਮੇਰੇ ਮਿੱਤਰ-ਘੇਰੇ 'ਚ ਆਇਆ। ਉਦੋਂ ਉਹ ਟਰਾਈਡੈਂਟ ਗਰੁੱਪ ਬਰਨਾਲਾ 'ਚ ਨੌਕਰੀ ਕਰਦਾ ਸੀ। ਉਦੋਂ ਉਸ ਨੇ ਕੁਝ ਚਰਚਿਤ ਸ਼ਾਇਰਾਂ ਦੇ ਗ਼ਜ਼ਲ ਸੰਗ੍ਰਹਿ ਵੀ ਪੜ੍ਹੇ। ਉਸ ਦਾ ਮੇਰੇ ਕੋਲ ਕਾਫ਼ੀ ਆਉਣ-ਜਾਣ ਸੀ। ਗ਼ਜ਼ਲ ਸਬੰਧੀ ਉਹ ਮੇਰੇ ਨਾਲ ਲੰਬੇ ਸੰਵਾਦ ਰਚਾਉਂਦਾ। ਆਪਣਾ ਵਿਹਲਾ ਸਮਾਂ ਗ਼ਜ਼ਲ ਦੇ ਲੇਖੇ ਲਾਉਂਦਾ। ਇਹੋ ਗੱਲ ਉਸ ਨੂੰ ਆਪਣੇ ਦੋਸਤਾਂ ਨਾਲੋਂ ਨਿਖੇੜਦੀ ਸੀ। ਉਦੋਂ ਉਸ ਕੋਲ ਜ਼ਿੰਦਗੀ ਦੀ ਬਹੁਤ ਸਾਰੀ ਟੁੱਟ ਭੱਜ ਸੀ, ਜਿਸ ਨੇ ਉਸ ਨੂੰ ਬੁਰੀ ਤਰ੍ਹਾਂ ਖਿਲਾਰਿਆ ਹੋਇਆ ਸੀ। ਉਹ ਮੇਰੇ ਕੋਲ ਆਉਂਦਾ। ਹਰ ਵਾਰੀ ਮੇਰਾ ਯਤਨ ਹੁੰਦਾ, ਉਸ ਦਾ ਕੁਝ ਮਾਨਸਿਕ ਖਿਲਾਰਾ ਘਟੇ। ਉਹ ਮੈਨੂੰ ਆਪਣੇ ਤਾਜ਼ੇ ਸ਼ੇਅਰ ਸੁਣਾਉਂਦਾ। ਮੈਂ ਉਹਨੂੰ ਕਹਿਣਾ ਇਸ ਗ਼ਜ਼ਲ ਦੇ ਇੰਨੇ ਸ਼ੇਅਰ ਹੋਰ ਲਿਖ।

"ਉਹ ਕਿਉਂ?" ਉਸ ਨੇ ਆਖਣਾ।"

"ਉਹ ਇਸ ਲਈ ਕਿ ਤੈਨੂੰ ਪਤਾ ਲੱਗ ਸਕੇ ਕਿ ਦਸ ਸ਼ੇਅਰਾਂ 'ਚੋਂ ਪੰਜ ਕਿਹੜੇ ਵਧੀਆ ਨੇ।"

ਮੈਂ ਦਿਲੋਂ ਚਾਹੁੰਦਾ ਸੀ ਕਿ ਉਸ ਨੂੰ ਪਤਾ ਲੱਗ ਸਕੇ ਕਿ ਚੰਗੇ ਸ਼ਿਅਰ ਦੇ ਗੁਣ ਕੀ ਹੁੰਦੇ ਨੇ ਤੇ ਔਗੁਣ ਕੀ?

ਮੈਂ ਇਸ ਗੱਲ ਦਾ ਧਾਰਨੀ ਹਾਂ ਕਿ ਕਿਸੇ ਨੂੰ ਸ਼ਾਇਰੀ ਨਹੀ ਸਿਖਾਈ ਜਾ ਸਕਦੀ ਪਰ ਜੇ ਸ਼ਾਇਰੀ ਦੇ ਮੁੱਢਲੇ ਪੜਾਅ 'ਤੇ ਤੁਰੇ ਸ਼ਾਇਰ 'ਚ ਹੌਲੀ-ਹੌਲੀ ਇਹ ਖ਼ੂਬੀ ਪੈਦਾ ਕਰ ਦਿੱਤੀ ਜਾਵੇ ਕਿ ਔਗਣ ਰਹਿਤ ਸ਼ਿਅਰ ਕਿਹੜਾ ਹੁੰਦਾ ਹੈ ਤਾਂ ਉਹ ਔਗਣ ਰਹਿਤ ਸ਼ਿਅਰ ਕਹਿਣ ਵੀ ਲੱਗ ਪੈਂਦਾ ਹੈ।

ਉਸ ਦਾ ਬਚਪਨ ਪਿੰਡ ਸਰਾਂਵਾਲੀ 'ਚ ਬੀਤਿਆ। ਪੇਂਡੂ ਵਾਤਾਵਰਨ ਉਸ ਦੇ ਦਿਲ 'ਚ ਸਮਾਇਆ ਹੋਇਆ ਹੈ। ਉਸ ਨੇ ਮੌਸਮ ਪਿੰਡੇ 'ਤੇ ਹੰਢਾਏ ਨੇ। ਉਸ ਨੂੰ ਪਤਾ ਹੈ ਕਿ ਬਹੁਤੇ ਖੇਤਾਂ 'ਚ ਉਮੀਦਾਂ ਬੀਜੀਆਂ ਜਾਂਦੀਆਂ ਨੇ ਪਰ ਹਰੀਆਂ ਬੇਵਸੀਆਂ ਹੁੰਦੀਆਂ ਨੇ। ਖੇਤਾਂ ਨੂੰ ਜਾਣ ਵਾਲੀਆਂ ਪਹੀਆਂ ਦੇ ਰੁਦਨ ਉਸ ਨੇ ਸੁਣੇ ਨੇ। ਉਹ ਲਹਿਰਾਉਂਦੇ ਹੋਏ ਖੇਤ ਵੀ ਵੇਖਦਾ ਰਿਹਾ ਹੈ ਅਤੇ ਆਪਣੀ ਤੀਜੀ ਅੱਖ ਨਾਲ ਖੇਤ-ਵਿਹੂਣੇ ਲੋਕਾਂ ਦੀਆਂ ਹੋਣੀਆਂ ਵੀ। ਉਹ ਭਾਵੇਂ ਰੋਜ਼ਗਾਰ ਦੇ ਧੱਕੇ ਚੜ੍ਹਿਆ ਮੋਗੇ ਰਹਿ ਰਿਹਾ ਹੈ ਪਰ ਸ਼ਹਿਰ ਦੀ ਮਾਨਸਿਕਤਾ ਦਾ ਅਜੇ ਅੰਗ ਨਹੀ ਬਣਿਆ। ਉਸ ਦੀਆਂ ਜੜ੍ਹਾਂ ਆਪਣੇ ਪਿੰਡ ਦੀ ਮਿੱਟੀ 'ਚ ਨੇ :

*ਬੁਝੇ ਦੀਵੇ, ਝੜੇ ਪੱਤੇ*
*ਤੇ ਤਿੜਕੇ ਆਇਨੇ ਦੱਸਣ*
*ਹਵਾ ਕਿੰਨੀ ਤੁਹਾਡੇ ਸ਼ਹਿਰ ਦੀ*
*ਮਗ਼ਰੂਰ ਹੈ ਅੱਜ ਕੱਲ੍ਹ*

ਲੋਕ-ਜੀਵਨ ਅਤੇ ਕਿਤਾਬੀ ਅਧਿਐਨ ਨੇ ਉਸ ਨੂੰ ਇਕ ਆਧਾਰ ਤੇ ਦ੍ਰਿਸ਼ਟੀ ਦੇ ਦਿੱਤੀ ਹੈ, ਜਿਸ 'ਤੇ ਉਹ

ਆਪਣੇ ਜੀਵਨ 'ਚ ਆਏ ਮਨੁੱਖਾਂ ਨੂੰ ਪਰਖਣ ਲੱਗ ਪਿਆ ਹੈ। ਉਸ ਦੇ ਕੰਨੀ ਜੋ ਪੈਂਦਾ ਹੈ, ਉਸ 'ਚ ਅਣਸੁਣਿਆ ਕੀ ਹੈ? ਉਸ ਨੂੰ ਜੋ ਆਖਿਆ ਜਾ ਰਿਹਾ ਹੈ, ਉਸ ਰਾਹੀ ਅਸਲ 'ਚ ਉਸ ਨੂੰ ਕੀ ਆਖਿਆ ਜਾ ਰਿਹਾ ਹੈ? ਉਹ ਰੁੱਖਾਂ ਦੇ ਪੱਤੇ ਵੀ ਦੇਖਦਾ ਹੈ ਤੇ ਪੱਤਿਆਂ ਦਾ ਜੜ੍ਹਾਂ ਨਾਲ ਕੀ ਰਿਸ਼ਤਾ ਹੈ? ਉਸ ਨੂੰ ਪਤਾ ਲੱਗਣ ਲੱਗ ਪਿਆ ਹੈ।

ਜਦੋਂ ਉਹ ਮੈਨੂੰ ਮਿਲਿਆ ਸੀ, ਉਸ ਵਿਚ ਮੈਨੂੰ ਇਹ ਵਿਸ਼ੇਸ਼ਤਾ ਲੱਗੀ ਸੀ ਕਿ ਉਹ ਜਿਸ ਤਰ੍ਹਾਂ ਮਹਿਸੂਸ ਕਰਦਾ ਹੈ, ਉਸ ਨੂੰ ਆਪਣੇ ਸ਼ਿਅਰਾਂ 'ਚ ਢਾਲ ਰਿਹਾ ਹੈ। ਉਦੋਂ ਉਸ ਕੋਲ ਬਹੁਤ ਸਾਰੇ ਸਵਾਲ ਸਨ। ਉਨ੍ਹਾਂ ਦੇ ਜਵਾਬ ਉਸ ਨੇ ਮੈਥੋਂ ਵੀ ਲਏ ਤੇ ਬਹੁਤੇ ਸਵਾਲਾਂ ਦੇ ਜਵਾਬ ਪੁਸਤਕਾਂ ਦੇ ਅਧਿਐਨ 'ਚੋਂ ਪੜਚੋਲੇ। ਮੈਂ ਕਾਫ਼ੀ ਸਮੇਂ ਤੋਂ ਉਸ 'ਚ ਇਕ ਤਬਦੀਲੀ ਵੇਖ ਰਿਹਾ ਹਾਂ। ਹੁਣ ਉਸ ਦੀਆਂ ਗੱਲਾਂ 'ਚ ਸਮਾਜਿਕ ਗੱਲਾਂ ਨਹੀ ਹੁੰਦੀਆਂ, ਸਗੋਂ ਸਾਹਿਤਕ ਗੱਲਾਂ ਹੁੰਦੀਆਂ ਹਨ। ਨਵੀਆਂ ਪੜ੍ਹੀਆਂ ਗ਼ਜ਼ਲਾਂ ਬਾਰੇ, ਨਵੀਆਂ ਪੜ੍ਹੀਆਂ ਕਿਤਾਬਾਂ ਬਾਰੇ, ਨਵੇਂ ਬਣੇ ਸਾਹਿਤਕ ਮਿੱਤਰਾ ਬਾਰੇ। ਉਸ ਦੀਆਂ ਇਹ ਗੱਲਾਂ ਸੁਣ ਕੇ ਤਸੱਲੀ ਹੁੰਦੀ ਹੈ। ਉਸ ਨੇ ਸ਼ਾਇਰਾਂ ਵਾਂਗ ਸਾਹਿਤਕ ਸੁਭਾਅ ਬਣਾ ਲਿਆ ਹੈ।

*ਆਖ਼ਰ ਅਸ਼ਾਂਤ ਮਨ ਨੂੰ*
*ਹਰਫ਼ਾਂ 'ਚੋਂ ਮਿਲ ਪਈ ਉਹ*
*ਰੰਗਾਂ ਸੁਗੰਧਾਂ ਵਿੱਚੋਂ*
*ਜਿਹੜੀ ਸ਼ੈਅ ਭਾਲੀ ਜਾਵਾਂ।*

ਰੰਗ ਅਤੇ ਸੁਗੰਧ ਜ਼ਿੰਦਗੀ ਦੇ ਦੋ ਧੁਰੇ ਨੇ। ਰੰਗ ਨਾ ਹੋਣ ਤਾਂ ਜ਼ਿੰਦਗੀ ਫਿੱਕੀ ਹੈ। ਮਨ ਦੇ ਵਿਹੜੇ 'ਚ ਖ਼ੁਸ਼ੀ ਦੇ ਪੈਰ ਨਹੀਂ ਲੱਗਦੇ। ਸੁਗੰਧ ਨਾਲ ਸਾਹ ਸੁਰੀਲੇ ਬਣਦੇ ਨੇ। ਪੈਰਾਂ 'ਚ ਥਿਰਕਣ ਪੈਦਾ ਹੁੰਦੀ ਹੈ। ਸਾਹਾਂ ਦੀ ਸੁਗੰਧ ਅੱਖਾਂ ਰਾਹੀ ਡੁੱਲ੍ਹ-ਡੁੱਲ੍ਹ ਆਲੇ-ਦੁਆਲੇ ਨੂੰ ਆਪਣੇ ਰੰਗ 'ਚ ਰੰਗ ਦੀ ਹੈ ਤੇ ਰੰਗਾਂ-ਸੁਗੰਧਾਂ 'ਚ ਗੁਆਚੀ ਸ਼ੈਅ ਭਾਲਣੀ ਮ੍ਰਿਗ ਤ੍ਰਿਸ਼ਨਾ ਕਹੀ ਜਾ ਸਕਦੀ ਹੈ ਪਰ ਜੇਕਰ ਮ੍ਰਿਗ ਤ੍ਰਿਸ਼ਨਾ ਸ਼ੇਅਰਾਂ 'ਚ ਢਾਲ ਲਈ ਜਾਵੇ ਤਾਂ ਉਹ ਮ੍ਰਿਗ ਤ੍ਰਿਸ਼ਨਾ ਘਟਾਉਂਦੀ ਹੈ। ਆਲਾ-ਦੁਆਲਾ ਜਿਊਣ ਯੋਗ ਨਹੀ ਹੈ। ਉਸ ਵਿਚਲੇ ਮਨੁੱਖੀ ਜੀਵਨ 'ਤੇ ਇਕ ਅਧਿਕਾਰਤ ਢਾਂਚਾ ਹੈ। ਉਸ ਨੇ ਉਸ ਨੂੰ ਆਪਣੇ ਢੰਗ ਨਾਲ ਚਲਾਉਣਾ ਹੁੰਦਾ ਹੈ। ਇਸ ਨੂੰ ਵੇਖਦਾ ਹੋਇਆ ਉਹ ਕਹਿੰਦਾ ਹੈ :

*ਜ਼ਿੰਦਗੀ ਐਸੀ ਗ਼ਜ਼ਲ ਦੇ ਵਾਂਗ ਹੈ,*
*ਨਾ ਜਿਦ੍ਹਾ ਕੋਈ ਵਜ਼ਨ ਹੈ,*
*ਨਾ ਬਹਿਰ ਹੈ।*

ਉਹ ਇਸ ਸਮਾਜਿਕ ਵਿਵਸਥਾ ਨੂੰ ਰੱਦ ਕਰਦਾ ਹੈ। ਉਹ ਇਸ 'ਚ ਤਰਤੀਬ ਚਾਹੁੰਦਾ ਹੈ। ਇਕਸਾਰਤਾ ਚਾਹੁੰਦਾ ਹੈ। ਉਸ ਵਿਚਲੀਆਂ ਉਕਤਾਈਆਂ ਉਸ ਨੂੰ ਚੁਭ ਰਹੀਆਂ ਹਨ। ਇਹ ਚੋਣ ਹੀ ਉਸ ਦੀ ਸ਼ਾਇਰੀ ਦੇ ਮੂਲ ਬੀਜ ਨੇ। ਇਸ ਵਿੱਚੋਂ ਹੀ ਉਸ ਨੇ ਆਪਣੀ ਮੰਜ਼ਿਲ ਲੱਭਣੀ ਹੈ ਅਤੇ ਆਪਣੀ ਸੋਚ ਦੇ ਹਾਮੀਆਂ 'ਚ ਵਾਧਾ ਕਰਨਾ ਹੈ। ਸਾਹਿਤ ਅਕਾਦਮੀ ਦਾ ਯੁਵਾ ਪੁਰਸਕਾਰ ਉਸ ਦੀ ਝੋਲੀ ਪੈ ਚੁੱਕਿਆ ਹੈ। ਉਸ ਦੇ ਗ਼ਜ਼ਲ ਸੰਗ੍ਰਹਿ 'ਪਾਣੀ ਉੱਤੇ ਮੀਨਾਕਾਰੀ' ਦੇ ਦੋ ਐਡੀਸ਼ਨ ਛਪ ਚੁੱਕੇ ਨੇ ਤੇ ਲਗਪਗ ਸਾਰੇ ਛਪਣ ਜ਼ਰੀਏ ਉਸ ਨੂੰ ਥਾਂ ਦੇ ਚੁੱਕੇ ਨੇ। ਆਪਣਾ ਇਕ ਸ਼ੇਅਰ ਕਹਿ ਕੇ ਮੈਂ ਆਪਣੀ ਗੱਲ ਖ਼ਤਮ ਕਰਦਾ ਹਾਂ :

*ਮੌਸਮ ਤੇਰੇ ਹੱਕ 'ਚ ਭੁਗਤੇ*
*ਦੁਆ ਮੇਰੀ।*
*ਪੌਣ ਵੀ ਤੈਥੋਂ ਪੁੱਛਕੇ ਰੁਮਕੇ*
*ਦੁਆ ਮੇਰੀ।* •



*ਰਣਜੀਤ ਨੂੰ ਗ਼ਜ਼ਲ ਖੇਤਰ 'ਚ ਆਇਆਂ ਭਾਵੇਂ ਇਕ ਦਹਾਕਾ ਵੀ ਨਹੀਂ ਹੋਇਆ। ਉਸ ਨੇ ਜਿੰਨਿਆਂ ਕੁ ਬਹਿਰਾਂ ਦੀ ਵਰਤੋਂ ਆਪਣੀਆਂ ਗ਼ਜ਼ਲਾਂ 'ਚ ਕੀਤੀ ਹੈ, ਉਨ੍ਹਾਂ 'ਚ ਗ਼ਜ਼ਲ ਦੀਆਂ ਨਿਰਧਾਰਤ ਬੰਦਿਸ਼ਾਂ ਨੂੰ ਨਿਭਾਉਣ ਦਾ ਯਤਨ ਕੀਤਾ ਹੈ...*

ਕਹਾਣੀ

# ਨਸ਼ੇ ਦੀ ਲਤ

• ਕੁਲਵਿੰਦਰ ਕੌਰ ਮਹਿਕ

ਚੰਨਣ ਸਿੰਘ ਦੀ ਉਮਰ ਹੋ ਗਈ ਸੀ ਪਰ ਉਸ ਦੇ ਚਿਹਰੇ ਦੀ ਰੌਣਕ ਤੇ ਖ਼ੁਸ਼ੀ ਤੋਂ ਉਸ ਦੀ ਉਮਰ ਦਾ ਅੰਦਾਜ਼ਾ ਨਹੀਂ ਸੀ ਲਾਇਆ ਜਾ ਸਕਦਾ। ਮਿਲਣਸਾਰ ਤੇ ਨਰਮ ਸੁਭਾਅ ਦਾ ਹੋਣ ਕਾਰਨ ਸਾਰਾ ਪਿੰਡ ਉਸ ਦੀ ਇੱਜ਼ਤ ਕਰਦਾ ਸੀ। ਉਸ ਦਾ ਆਪਣੀ ਪਤਨੀ ਨਿੰਦਰ ਨਾਲ ਵੀ ਬਹੁਤ ਪਿਆਰ ਸੀ ਪਰ ਪੁਰਾਣੇ ਵਿਚਾਰਾਂ ਦੇ ਹੋਣ ਕਾਰਨ ਪੁੱਤਰ ਦੀ ਉਮੀਦ ਵਿਚ ਉਸ ਦੀ ਪਤਨੀ ਨੇ ਪੰਜ ਧੀਆਂ ਨੂੰ ਜਨਮ ਦੇ ਦਿੱਤਾ। ਆਖ਼ਿਰਕਾਰ ਪਰਮਾਤਮਾ ਨੇ ਉਸ ਦੀ ਬੇਨਤੀ ਸੁਣ ਲਈ ਤੇ ਉਸ ਦੇ ਘਰ ਪੁੱਤਰ ਦਾ ਜਨਮ ਹੋਇਆ। ਘਰ ਵਿਚ ਖ਼ੁਸ਼ੀਆਂ ਭਰਿਆ ਮਾਹੌਲ ਬਣ ਗਿਆ। ਸਾਰੇ ਖ਼ੁਸ਼ੀ-ਖ਼ੁਸ਼ੀ ਉਸ ਨੂੰ ਵਧਾਈਆਂ ਦੇਣ ਲੱਗੇ। ਉਸ ਦੇ ਪੈਰ ਧਰਤੀ 'ਤੇ ਨਹੀਂ ਸਨ ਲੱਗਦੇ।

ਲਾਡ-ਚਾਅ ਅਤੇ ਪਿਆਰ ਵਿਚ ਬੱਚੇ ਦਾ ਨਾਂ ਕਰਮਾ ਰਖਿਆ। ਕਰਮੇ ਨੂੰ ਬੜੀਆਂ ਰੀਝਾਂ ਤੇ ਚਾਵਾਂ ਨਾਲ ਪਾਲਿਆ ਗਿਆ। ਬਾਰ੍ਹਵੀ ਤਕ ਉਹ ਪਿੰਡ ਦੇ ਸਕੂਲ ਵਿਚ ਪੜ੍ਹਿਆ ਅਤੇ ਅੱਗੇ ਪੜ੍ਹਨ ਲਈ ਉਸ ਨੂੰ ਸ਼ਹਿਰ ਕਾਲਜ ਵਿਚ ਭੇਜ ਦਿੱਤਾ ਗਿਆ। ਭਾਵੇਂ ਕਰਮਾ ਪੜ੍ਹਨ ਵਿਚ ਹੁਸ਼ਿਆਰ ਸੀ ਪਰ ਘਰਦਿਆਂ ਦੇ ਲਾਡ-ਪਿਆਰ ਨੇ ਉਸ ਨੂੰ ਸਿਆਣਾ ਅਤੇ ਅਕਲਮੰਦ ਬਣਨ ਦਾ ਮੌਕਾ ਨਾ ਦਿੱਤਾ। ਸ਼ਹਿਰ ਜਾ ਕੇ ਉਸ ਦੀ ਦੋਸਤੀ ਸ਼ਰਾਰਤੀ ਬੱਚਿਆਂ ਨਾਲ ਪੈ ਗਈ। ਉਹ ਪਿਆਰ-ਪਿਆਰ ਵਿਚ ਉਸ ਨੂੰ ਆਪਣੇ ਅਨੁਸਾਰ ਢਾਲਣ ਵਿਚ ਕਾਮਯਾਬ ਹੋ ਗਏ। ਬਸ, ਫਿਰ ਕੀ ਸੀ, ਕਰਮਾ ਉਨ੍ਹਾਂ ਦੀਆਂ ਗੱਲਾਂ ਵਿਚ ਆ ਕੇ ਚੰਨਣ ਸਿੰਘ ਨੂੰ ਪਰੇਸ਼ਾਨ ਕਰਨ ਲੱਗਾ। ਉਹ ਨਿੱਤ ਦਿਨ ਪੈਸੇ ਮੰਗਦਾ ਤੇ ਕਾਲਜ ਦੇ ਹੋਸਟਲ ਵਿਚ ਆਪਣੇ ਦੋਸਤਾਂ ਨਾਲ ਰਹਿਣ ਦੀ ਜ਼ਿਦ ਵੀ ਕਰਦਾ। ਭਾਵੇਂ ਚੰਨਣ ਸਿੰਘ ਨੂੰ ਕਰਮੇ ਦੇ ਹੋਸਟਲ ਵਿਚ ਰਹਿਣ ਵਾਲੀ ਗੱਲ ਉੱਕਾ ਹੀ ਚੰਗੀ ਨਹੀਂ ਸੀ ਲੱਗ ਦੀ ਪਰ ਪਤਨੀ ਦੀ ਜ਼ਿਦ ਕਾਰਨ ਉਸ ਨੂੰ ਕੌੜਾ ਘੁੱਟ ਭਰਨਾ ਪਿਆ। ਉਸ ਦੀ ਪਤਨੀ ਨਿੰਦਰ ਨੇ ਚੰਨਣ ਨੂੰ ਇਹ ਗੱਲ ਕਹਿਕੇ ਮਨਾ ਲਿਆ ਕਿ ਕਰਮੇ ਨੂੰ ਸ਼ਹਿਰੋਂ ਘਰ ਆਉਂਦੇ ਨੂੰ ਕਈ ਵਾਰ ਹਨੇਰ-ਸਨੇਰ ਹੋ ਜਾਂਦੀ ਹੈ, ਮਾਹੌਲ ਠੀਕ ਨਹੀਂ, ਕੋਈ ਵੀ ਵਾਰਦਾਤ ਹੋ ਸਕਦੀ ਹੈ। ਇਸ ਲਈ ਬਿਹਤਰ ਇਹੀ ਹੈ ਕਿ ਕਰਮੇ ਨੂੰ ਹੋਸਟਲ ਰਹਿਣ ਦਿੱਤਾ ਜਾਵੇ।'

ਉਸ ਦੇ ਸਾਰੇ ਦੋਸਤ ਉਹ ਪੜ੍ਹਨ ਵਿਚ ਭਾਵੇਂ ਕਮਜ਼ੋਰ ਸਨ ਪਰ ਚੰਗੇ ਘਰਾਂ ਦੇ ਹੋਣ ਕਾਰਨ ਕਾਲਜ ਵਿਚ ਉਨ੍ਹਾਂ ਦੀ ਅਲੱਗ ਪਛਾਣ ਸੀ। ਉਨ੍ਹਾਂ ਦੀਆਂ ਗੱਲਾਂ ਵਿਚ ਆ ਕੇ ਕਰਮੇ ਨੇ ਵੀ ਨਸ਼ਾ ਕਰਨਾ ਸ਼ੁਰੂ ਕਰ ਦਿੱਤਾ। ਉਹ ਸਾਰੇ ਨਸ਼ੇ ਇਸਤੇਮਾਲ ਕਰਨ ਦਾ ਆਦੀ ਹੋ ਗਿਆ। ਹੁਣ ਉਹ ਨਸ਼ੇ ਦੀ ਆਦਤ ਦੀ ਪੂਰਤੀ ਲਈ ਕਿਤਾਬਾਂ-ਕਾਪੀਆਂ ਅਤੇ ਫ਼ੀਸਾਂ ਆਦਿ ਦੇ ਆਨੇ-ਬਹਾਨੇ ਪਿਤਾ ਕੋਲੋਂ ਜ਼ਬਰਦਸਤੀ ਪੈਸੇ ਦੀ ਮੰਗ ਕਰਦਾ ਤਾਂ ਉਸ ਦਾ ਪਿਤਾ ਰੋਜ਼-ਰੋਜ਼ ਪੈਸਿਆਂ ਦਾ ਪ੍ਰਬੰਧ ਕਰਦਾ ਤੰਗ ਆ ਗਿਆ। ਚੰਨਣ ਨੂੰ ਉਸ ਦੀਆਂ ਆਦਤਾਂ 'ਤੇ ਗੁੱਸਾ ਆਉਂਦਾ। ਜਦੋਂ ਉਹ ਕੰਮਕਾਰ ਤੋਂ ਵਿਹਲਾ ਹੁੰਦਾ ਤਾਂ ਪਤਨੀ ਨਿੰਦਰ ਨੂੰ ਕਰਮੇ ਦੀਆਂ ਵਧੀਕੀਆਂ ਬਾਰੇ ਕੋਸਦਾ ਹੋਇਆ ਕਹਿੰਦਾ, 'ਭਾਗਵਾਨੇ ਅਸੀਂ ਤਾਂ ਮੁੰਡਾ ਸ਼ਹਿਰ ਪੜ੍ਹਨੇ ਪਾ ਕੇ ਮੁਸੀਬਤ ਹੀ ਮੁੱਲ ਲੈ ਲਈ ਹੈ। ਇਕ ਤਾਂ ਮੁੰਡਾ ਸਾਡੇ ਤੋਂ ਦੂਰ ਹੋ ਗਿਆ, ਦੂਜਾ ਖ਼ਰਚੇ ਉਸ ਨੇ ਇੰਨੇ ਵਧਾ ਲਏ ਹਨ ਕਿ ਉਸ ਦੀ ਵਜ੍ਹਾ ਕਾਰਨ ਮੈਨੂੰ ਦੋ ਵਾਰ ਕਰਜ਼ਾ ਚੁੱਕਣ ਪਿਆ ਹੈ। ਘਰ ਵਿਚ ਪੰਜ ਧੀਆਂ ਵੀ ਹਨ। ਇਨ੍ਹਾਂ ਨੂੰ ਵੀ ਕਿੱਧਰੇ ਵਿਆਹੁਣਾ ਵੀ ਹੈ। ਇੰਨੇ ਖ਼ਰਚੇ ਮੈਂ ਇਕੱਲਾ ਕਿਵੇਂ ਸਾਂਭ ਸਕਦਾਂ। ਅੱਗੋਂ ਪਤਨੀ ਹੱਸ ਕੇ ਆਖ ਛੱਡਦੀ, 'ਕੋਈ ਗੱਲ ਨਹੀ ਜੀ, ਪੜ੍ਹ-ਲਿਖ ਕੇ ਜਦੋਂ ਮੇਰਾ ਪੁੱਤਰ ਕਮਾਉਣ ਲੱਗ ਜਾਊ ਤਾਂ ਆਪੇ ਸਾਰੇ ਕਰਜ਼ੇ ਲਹਿ ਜਾਣਗੇ।

ਨਸ਼ੇ ਦਾ ਆਦੀ ਹੋਣ ਕਾਰਨ ਕਰਮਾ ਦਿਨ-ਬ-ਦਿਨ ਕਮਜ਼ੋਰ ਹੋਣ ਲੱਗਿਆ। ਉਸ ਦਾ ਖਾਣ-ਪੀਣ ਵੱਲ ਧਿਆਨ ਘਟਣ ਲੱਗਿਆ। ਬਸ ਨਸ਼ਾ ਹੀ ਉਸ ਦੀ ਖ਼ੁਰਾਕ ਬਣ ਕੇ ਰਹਿ ਗਿਆ ਸੀ। ਹੁਣ ਉਹ ਪਿੰਡ ਵੀ ਦੇਰ ਪਿੱਛੋਂ ਚੱਕਰ ਮਾਰਦਾ। ਇਹ ਸਾਰਾ ਕੁਝ ਦੇਖਕੇ ਉਸ ਦੀ ਮਾਂ ਤੋਂ ਬਰਦਾਸ਼ਤ ਨਾ ਹੋਇਆ। ਉਸ ਨੇ ਇਕ ਦਿਨ ਚੰਨਣ ਸਿੰਘ ਨੂੰ ਸ਼ਹਿਰ ਜਾ ਕੇ ਪੁੱਤਰ ਨੂੰ ਮਿਲ ਕੇ ਆਉਣ ਲਈ ਆਖਿਆ। ਚੰਨਣ ਨੇ ਵੈਸੇ ਵੀ ਸ਼ਹਿਰੋਂ ਕੁਝ ਸਮਾਨ ਲੈਣ ਜਾਣਾ ਹੀ ਸੀ। ਇਸੇ ਬਹਾਨੇ ਉਹ ਕਰਮੇ ਦੇ ਹੋਸਟਲ ਵੱਲ ਵੀ ਉਸ ਨੂੰ ਮਿਲਣ ਗਿਆ। ਬਾਪੂ ਨੂੰ ਆਪਣੇ ਵੱਲ ਆਉਂਦਾ ਦੇਖਕੇ ਕਰਮਾ ਹੱਕਾ-ਬੱਕਾ ਰਹਿ ਗਿਆ। ਉਸ ਨੇ ਓਦੋਂ ਨਸ਼ਾ ਕੀਤਾ ਹੋਇਆ ਸੀ। ਜ਼ਮੀਨ ਉੱਤੇ ਉਸ ਦੇ ਪੈਰ ਥਿੜਕ ਰਹੇ ਸਨ ਅਤੇ ਜ਼ੁਬਾਨ ਵੀ ਥਥਲਾ ਰਹੀ ਸੀ। ਪੁੱਤਰ ਦੀ ਡਾਵਾਂ-ਡੋਲ ਹਾਲਤ ਦੇਖਕੇ ਚੰਨਣ ਜਿਵੇਂ ਮਿੱਟੀ ਦੀ ਢੇਰੀ ਹੀ ਹੋ ਗਿਆ। ਜਦੋਂ ਉਸ ਨੇ ਪ੍ਰਿੰਸੀਪਲ ਕੋਲੋਂ ਕਰਮੇ ਦੀ ਹਾਲਤ ਬਾਰੇ ਪੁੱਛਿਆ ਤਾਂ ਪ੍ਰਿੰਸੀਪਲ ਨੇ ਆਖਿਆ, 'ਸਾਨੂੰ ਥੋੜ੍ਹੇ ਸਮੇਂ ਤੋਂ ਪਤਾ ਲੱਗਾ ਹੈ ਇਸ ਦੇ ਨਸ਼ੇ ਕਰਨ ਦਾ। ਜਦੋਂ ਸਾਨੂੰ ਪਤਾ ਲੱਗਿਆ ਤਾਂ ਅਸੀਂ ਕਰਮੇ ਤੋਂ ਘਰ ਦੇ ਫੋਨ ਨੰਬਰ ਬਾਰੇ ਪੁੱਛਿਆ ਤਾਂ ਜੋ ਤੁਹਾਡੇ ਨੋਟਿਸ ਵਿਚ ਲਿਆਂਦਾ ਜਾਵੇ ਪਰ ਇਸ ਨੇ ਕਿਹਾ ਕਿ ਘਰ ਟੈਲੀਫੋਨ ਨਹੀਂ ਹੈ। ਮੈਂ ਆਪ ਖ਼ੁਦ ਹੀ ਬਾਪੂ ਜੀ ਨੂੰ ਬੁਲਾ ਕੇ ਮਿਲਵਾ ਦਿਆਂਗਾ ਤੁਹਾਨੂੰ।' ਪ੍ਰਿੰਸੀਪਲ ਦੀਆਂ ਖ਼ਰੀਆਂ-ਖ਼ਰੀਆਂ ਸੁਣ ਕੇ ਗੁੱਸੇ ਨਾਲ ਚੰਨਣ ਸਿੰਘ ਕਰਮੇ ਨੂੰ ਜ਼ਬਰਦਸਤੀ ਘਰ ਲੈ ਆਇਆ। ਉਸ ਨੇ ਪਤਨੀ ਨੂੰ ਅੱਖੀ ਡਿੱਠਾ ਤੇ ਕੰਨੀ ਸੁਣਿਆ ਸਾਰਾ ਹਾਲ ਆ ਸੁਣਾਇਆ। ਸਾਰਾ ਕੁਝ ਸੁਣ ਕੇ ਇਕ ਬਾਰ ਤਾਂ ਨਿੰਦਰ ਨੂੰ ਇੰਝ ਜਾਪਿਆ ਜਿਓਂ ਉਸ ਦੀ ਦੁਨੀਆ ਉਜੜ ਗਈ ਹੋਵੇ ਪਰ ਫਿਰ ਹੌਲੀ-ਹੌਲੀ ਸਬਰ ਕਰ ਕੇ ਉਸ ਨੇ ਆਪਣਾ ਮਨ ਸਮਝਾ ਲਿਆ।

ਕਰਮੇ ਨੂੰ ਵੀ ਸ਼ਹਿਰ ਤੋਂ ਆਇਆਂ ਹੁਣ ਹਫ਼ਤਾ ਹੋ ਗਿਆ ਸੀ। ਉਹ ਸਾਰਾ ਦਿਨ ਮੰਜੇ ਤੇ ਪਿਆ ਰਹਿੰਦਾ। ਨਸ਼ੇ ਦੀ ਲੱਗੀ ਲਤ ਕਾਰਨ ਉਸ ਦਾ ਸਰੀਰ ਉੱਠਣ ਯੋਗਾ ਨਹੀ ਸੀ ਰਿਹਾ। ਜਿਹੜਾ ਨਸ਼ਾ ਉਹ ਕਰਦਾ ਸੀ ਉਹ ਪਿੰਡ ਵਿੱਚੋਂ ਮਿਲਦਾ ਨਹੀਂ ਸੀ। ਉਹ ਨਸ਼ਾ ਲੱਭਣ ਲਈ ਇੱਧਰ-ਉੱਧਰ ਘੁੰਮਦਾ ਰਹਿੰਦਾ ਪਰ ਕਿਸੇ ਪਾਸੀਓਂ ਵੀ ਉਸ ਨੂੰ ਨਸ਼ਾ ਨਾ ਮਿਲਦਾ। ਉਹ ਹੁਣ ਬੇਚੈਨ ਰਹਿਣ ਲੱਗਾ ਅਤੇ ਉਸ ਦੇ ਅੱਖਾਂ ਵਿੱਚੋਂ ਹਰ ਵਕਤ ਹੰਝੂ ਡਿੱਗਦੇ ਰਹਿੰਦੇ। ਉਸ ਦੀ ਹਾਲਤ ਬਿਮਾਰਾ ਵਰਗੀ ਹੋ ਗਈ ਸੀ। ਇਕ ਦਿਨ ਉਹ ਬਹੁਤ ਪਰੇਸ਼ਾਨ ਸੀ। ਜਦੋਂ ਮਾਂ ਨੇ ਉਸ ਦੀ ਹਾਲਤ ਦੇਖੀ ਤਾਂ ਉਸ ਨੇ ਦੌੜ ਕੇ ਆਪਣੇ ਪੁੱਤਰ ਨੂੰ ਬੁੱਕਲ ਵਿਚ ਲੈ ਲਿਆ ਤੇ ਰੋਂਦੀ ਹੋਈ ਕਹਿਣ ਲੱਗੀ, 'ਪੁੱਤਰ ਤੂੰ ਉਦਾਸ ਨਾ ਹੋ, ਮੈਂ ਤੇਰੇ ਦੁੱਖ ਨੂੰ ਚੰਗੀ ਤਰ੍ਹਾਂ ਸਮਝਦੀ ਹਾਂ। ਤੇਰੀਆਂ ਤਾਂ ਮੈਂ ਅਜੇ ਸੁੱਖਾਂ ਵੀ ਪੂਰੀਆਂ ਨਹੀਂ ਕੀਤੀਆਂ ਤੇ ਨਾ ਤੈਨੂੰ ਜਵਾਨ ਹੁੰਦਿਆਂ ਰੀਝਾਂ ਨਾਲ ਤੱਕਿਆ ਹੈ। ਬੋਲ ਪੁੱਤ ! ਤੂੰ ਬੋਲਦਾ ਕਿਉਂ ਨਹੀਂ?' ਜਦੋਂ ਮਾਂ ਨੇ ਕਰਮੇ ਨੂੰ ਬੈਠਣ ਲਈ ਕਿਹਾ ਤਾਂ ਉਹ ਉਸ ਦੀਆਂ ਬਾਹਾਂ ਵਿਚ ਹੀ ਲੁੜਕ ਕੇ ਦਮ ਤੋੜ ਗਿਆ। ਨਿੰਦਰ ਉੱਚੀ-ਉੱਚੀ ਰੋਂਦੀ ਚੰਨਣ ਸਿੰਘ ਨੂੰ ਆਵਾਜ਼ਾਂ ਮਾਰਨ ਲੱਗੀ। ਇੰਨੇ ਨੂੰ ਚੰਨਣ ਸਿੰਘ ਵੀ ਖੇਤਾਂ ਵਿੱਚੋਂ ਆ ਗਿਆ। ਉਹ ਆਪਣੇ ਘਰ ਲੋਕਾਂ ਦਾ ਇੰਨਾ ਵੱਡਾ ਇਕੱਠ ਦੇਖਕੇ ਘਬਰਾ ਗਿਆ। ਵਿਹੜੇ ਵਿਚ ਅਗਾਹ ਨੂੰ ਆਇਆ ਤਾਂ ਅੰਦਰ ਉਸ ਦੀ ਪਤਨੀ ਵਿਰਲਾਪ ਕਰ ਰਹੀ ਸੀ। ਇਹ ਦੇਖਕੇ ਉਹ ਵੀ ਭੁੱਬਾਂ ਮਾਰ-ਮਾਰ ਰੋਣ ਲੱਗਿਆ ਅਤੇ ਪੁੱਤਰ ਨੂੰ ਆਵਾਜ਼ਾਂ ਮਾਰਦਿਆਂ ਕਹਿਣ ਲੱਗਿਆ, 'ਪੁੱਤਰ ਕਰਮੇ, ਜੇ ਤੈਨੂੰ ਸਾਡੇ ਤੋਂ ਜ਼ਿਆਦਾ ਪਿਆਰਾ ਨਸ਼ਾ ਹੋ ਗਿਆ ਸੀ ਤਾਂ ਸਾਨੂੰ ਪਹਿਲਾਂ ਕਿਉਂ ਨਹੀ ਮਾਰ ਦਿੱਤਾ! ਕਿੱਥੋਂ ਲਾ ਲਿਆ ਤੂੰ ਨਸ਼ੇ ਦਾ ਚੰਦਰਾ ਰੋਗ! ਕਿੱਥੋਂ ਲਾ ਲਈ ਤੂੰ ਨਸ਼ੇ ਦੀ ਭੈੜੀ ਬਿਮਾਰੀ, ਜੋ ਤੈਨੂੰ ਆਪਣੇ ਨਾਲ ਹੀ ਲੈ ਗਈ, ਇਸ ਦੁਨੀਆ 'ਚੋਂ। •



*ਉਸ ਨੇ ਦੌੜ ਕੇ ਪੁੱਤਰ ਨੂੰ ਬੁੱਕਲ ਵਿਚ ਲੈ ਲਿਆ ਤੇ ਰੋਂਦੀ ਹੋਈ ਕਹਿਣ ਲੱਗੀ, 'ਪੁੱਤਰ ਤੂੰ ਉਦਾਸ ਨਾ ਹੋ, ਮੈਂ ਤੇਰੇ ਦੁੱਖ ਨੂੰ ਚੰਗੀ ਤਰ੍ਹਾਂ ਸਮਝਦੀ ਹਾਂ। ਬੋਲ ਪੁੱਤ ! ਤੂੰ ਬੋਲਦਾ ਕਿਉਂ ਨਹੀਂ?' ਪਰ ਉਹ ਉਸ ਦੀਆਂ ਬਾਹਾਂ ਵਿਚ ਹੀ ਲੁੜਕ ਕੇ ਦਮ ਤੋੜ ਗਿਆ...*

# ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ ਸੰਦੇਸ਼ ਪੰਜਾਬ ਦੇ ਕੋਨੇ-ਕੋਨੇ ਤੱਕ ਪਹੁੰਚੇਗਾ; ਭਗਵੰਤ ਸਿੰਘ ਮਾਨ ਨੇ ਡਾਕੂਮੈਂਟਰੀ ਵੈਨਾਂ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ

**➢ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ ਸੰਦੇਸ਼ ਪੰਜਾਬ ਦੇ 23 ਜ਼ਿਲ੍ਹਿਆਂ ਦੇ 13,000 ਪਿੰਡਾਂ ਤੱਕ ਪਹੁੰਚਾਉਣ ਲਈ 50 ਡਾਕੂਮੈਂਟਰੀ ਵੈਨਾਂ ਨੂੰ ਇਕੋ ਸਮੇਂ ਦਿਖਾਈ ਹਰੀ ਝੰਡੀ ➢12 ਫੁੱਟ ਗ 8 ਫੁੱਟ ਦੀਆਂ ਐਲ.ਈ.ਡੀ. ਸਕਰੀਨਾਂ ’ਤੇ ਦਿਖਾਈ ਜਾਵੇਗੀ 30 ਮਿੰਟ ਦੀ ਦਸਤਾਵੇਜ਼ੀ: ਮੁੱਖ ਮੰਤਰੀ ਭਗਵੰਤ ਸਿੰਘ ਮਾਨ**

ਸੰਗਰੂਰ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਇਤਿਹਾਸਕ ਅਤੇ ਸ਼ਰਧਾ ਪੂਰਵਕ ਮਨਾਉਣ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 50 ਮੋਬਾਈਲ ਡਾਕੂਮੈਂਟਰੀ ਵੈਨਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਹ ਵੈਨਾਂ ਗੁਰੂ ਜੀ ਦੇ ਬਰਾਬਰੀ, ਸਮਾਜਿਕ ਨਿਆਂ, ਸ਼ਰਧਾ ਅਤੇ ਵਿਸ਼ਵਵਿਆਪੀ ਸਾਂਝੀਵਾਲਤਾ ਦੇ ਸਦੀਵੀ ਸੰਦੇਸ਼ ਨੂੰ ਸੂਬੇ ਦੇ ਕੋਨੇ-ਕੋਨੇ ਤੱਕ ਪਹੁੰਚਾਉਣਗੀਆਂ। ਇਸ ਵਿਸ਼ੇਸ਼ ਤੌਰ ’ਤੇ ਤਿਆਰ ਕੀਤੀ ਗਈ ਮੁਹਿੰਮ ਤਹਿਤ ਐਲ.ਈ.ਡੀ. ਨਾਲ ਲੈਸ ਮੋਬਾਈਲ ਵੈਨਾਂ ਰਾਹੀਂ ਪੰਜਾਬ ਦੇ ਸਾਰੇ 23 ਜ਼ਿਲ੍ਹਿਆਂ ਦੇ ਲਗਪਗ 13,000 ਪਿੰਡਾਂ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫੇ ਅਤੇ ਪਵਿੱਤਰ ਸਿੱਖਿਆਵਾਂ ’ਤੇ ਆਧਾਰਤ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਜਾਵੇਗੀ। ਇਸ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਹਰ ਘਰ, ਖਾਸ ਕਰਕੇ ਨੌਜਵਾਨ ਪੀੜ੍ਹੀ, ਗੁਰੂ ਜੀ ਦੇ ਭੇਦਭਾਵ ਰਹਿਤ ਬਰਾਬਰੀ ਵਾਲੇ ਸਮਾਜ ਦੀ ਸੇਧ ਤੋਂ ਪ੍ਰੇਰਿਤ ਹੋ ਸਕੇ।

ਇਹ ਪਹਿਲਕਦਮੀ ਭਗਵੰਤ ਮਾਨ ਸਰਕਾਰ ਵੱਲੋਂ 650ਵੇਂ ਪ੍ਰਕਾਸ਼ ਪੁਰਬ ਲਈ ਉਲੀਕੇ ਗਏ ਸਾਲ ਭਰ ਦੇ ਪ੍ਰੋਗਰਾਮਾਂ ਦਾ ਅਹਿਮ ਹਿੱਸਾ ਹੈ, ਜਿਸ ਲਈ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀ ਸਦੀਵੀ ਵਿਰਾਸਤ ਦੇ ਸਨਮਾਨ ਤੇ ਸਤਿਕਾਰ ਅਤੇ ਉਨ੍ਹਾਂ ਦੇ ਸੰਦੇਸ਼ ਦੇ ਵੱਧ ਤੋਂ ਵੱਧ ਪਾਸਾਰ ਲਈ ਸਮਾਗਮਾਂ ਦੀ ਲੜੀ ਵਾਸਤੇ 100 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ।

ਇਸ ਮੌਕੇ ਨੂੰ ਬੇਹੱਦ ਮਾਣ ਵਾਲੀ ਗੱਲ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਇੱਕ ਹੋਰ ਅਜਿਹੀ ਨੇਕ ਪਹਿਲਕਦਮੀ ਹੈ ਜੋ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਪ੍ਰਤੀ ਸੂਬੇ ਦੀ ਸ਼ਰਧਾ ਅਤੇ ਸਤਿਕਾਰ ਨੂੰ ਦਰਸਾਉਂਦੀ ਹੈ। ਮੁੱਖ ਮੰਤਰੀ ਨੇ ਕਿਹਾ, ÷ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਪ੍ਰਤੀ ਆਪਣੀ ਸ਼ਰਧਾ ਅਤੇ ਸਤਿਕਾਰ ਦੇ ਪ੍ਰਤੀਕ ਵਜੋਂ ਇੱਕ ਹੋਰ ਨੇਕ ਪਹਿਲਕਦਮੀ ਦੀ ਸ਼ੁਰੂਆਤ ਕਰਨਾ ਸਾਡੇ ਸਾਰਿਆਂ ਲਈ ਬਹੁਤ ਮਾਣ ਵਾਲੀ ਗੱਲ ਹੈ। ਮੈਂ ਖ਼ੁਸ਼ਕਿਸਮਤ ਹਾਂ ਕਿ ਮੈਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਅਤੇ ਹੁਣ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਮਨਾਉਣ ਦਾ ਸੁਭਾਗ ਮਿਲ ਰਿਹਾ ਹੈ।

ਇਨ੍ਹਾਂ ਸਮਾਗਮਾਂ ਪ੍ਰਤੀ ਆਪਣੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਮੁੱਖ ਮੰਤਰੀ ਨੇ ਕਿਹਾ, ਸੂਬਾ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਹੈ ਅਤੇ ਇਸ ਨੇਕ ਕਾਰਜ ਲਈ 100 ਕਰੋੜ ਰੁਪਏ ਦਾ ਬਜਟ ਰਾਖਵਾਂ ਰੱਖਿਆ ਗਿਆ ਹੈ। ਗੁਰੂ ਜੀ ਦੇ ਸੰਦੇਸ਼ ਨੂੰ ਵਿਸ਼ਵ ਭਰ ਵਿੱਚ ਫੈਲਾਉਣਾ ਸਾਡਾ ਸਾਰਿਆਂ ਦਾ ਸਾਂਝਾ ਫ਼ਰਜ਼ ਹੈ।



ਮੌਜੂਦਾ ਸਮੇਂ ਵਿੱਚ ਗੁਰੂ ਜੀ ਦੀਆਂ ਸਿੱਖਿਆਵਾਂ ਦੀ ਪ੍ਰਸੰਗਿਕਤਾ ’ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੇ ਸਮੁੱਚੀ ਮਨੁੱਖਤਾ ਦੇ ਭਲੇ ਅਤੇ ਸਮਾਜ ਦੇ ਸਾਰੇ ਵਰਗਾਂ ਵਿੱਚ ਬਰਾਬਰੀ ਦਾ ਸੰਦੇਸ਼ ਦਿੱਤਾ, ਜਿਸ ਨਾਲ ਬਰਾਬਰੀ ਦੇ ਮੁੱਲਾਂ ’ਤੇ ਆਧਾਰਤ ਸਮਾਜ ਦੀ ਸਿਰਜਣਾ ਹੋਈ। ਉਨ੍ਹਾਂ ਨੇ ਇੱਕ ਅਜਿਹੇ ਆਦਰਸ਼ ਸਮਾਜ ਦਾ ਸੰਕਲਪ ਦਿੱਤਾ, ਜਿੱਥੇ ਕਿਸੇ ਨੂੰ ਵੀ ਕੋਈ ਦੁੱਖ-ਤਕਲੀਫ਼ ਨਾ ਹੋਵੇ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਅਤੇ ਫਲਸਫੇ ਤੋਂ ਪ੍ਰੇਰਿਤ ਸਮਾਜ ਦੀ ਸਿਰਜਣਾ ਲਈ ਵਚਨਬੱਧ ਹੈ।

ਉਨ੍ਹਾਂ ਕਿਹਾ, ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਇੱਕ ਮਹਾਨ ਅਧਿਆਤਮਿਕ ਰਹਿਬਰ ਅਤੇ ਗਰੀਬਾਂ ਤੇ ਦੱਬੇ-ਕੁਚਲੇ ਲੋਕਾਂ ਦੇ ਮਸੀਹਾ ਸਨ, ਜਿਨ੍ਹਾਂ ਨੇ ਸਾਨੂੰ ਨੇਕ ਅਤੇ ਸੱਚਾ ਜੀਵਨ ਜਿਉਣ ਦੀ ਸਿੱਖਿਆ ਦਿੱਤੀ। ਇਹ ਪ੍ਰਕਾਸ਼ ਪੁਰਬ ਸਾਡੇ ਲਈ ਆਪਣੇ ਆਪ ਨੂੰ ਇੱਕ ਅਜਿਹੇ ਸਮਾਜ ਦੀ ਸਿਰਜਣਾ ਲਈ ਮੁੜ ਸਮਰਪਿਤ ਕਰਨ ਦਾ ਮੌਕਾ ਹੈ, ਜਿੱਥੇ ਹਰ ਇਨਸਾਨ ਬਿਨਾਂ ਕਿਸੇ ਵਿਤਕਰੇ ਦੇ ਸਵੈ-ਮਾਣ ਅਤੇ ਮਾਣ-ਸਤਿਕਾਰ ਨਾਲ ਆਪਣਾ ਜੀਵਨ ਬਤੀਤ ਕਰ ਸਕੇ।

ਇਸ ਪਹਿਲਕਦਮੀ ਦੇ ਵੇਰਵੇ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫਲਸਫੇ ਅਤੇ ਪਵਿੱਤਰ ਸਿੱਖਿਆਵਾਂ ਨੂੰ ਪੰਜਾਬ ਦੇ ਹਰ ਘਰ ਤੱਕ ਪਹੁੰਚਾਉਣ ਲਈ ਇੱਕ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਦੱਸਿਆ, ਅੱਜ 50 ਮੋਬਾਈਲ ਡਾਕੂਮੈਂਟਰੀ ਵੈਨਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਜਾ ਰਿਹਾ ਹੈ, ਜੋ ਪਿੰਡ-ਪਿੰਡ ਜਾ ਕੇ ਇਹ ਡਾਕੂਮੈਂਟਰੀ ਦਿਖਾਉਣਗੀਆਂ। ਇਹ ਵੈਨਾਂ ਪੰਜਾਬ ਦੇ ਸਾਰੇ 23 ਜ਼ਿਲ੍ਹਿਆਂ ਦੇ ਲਗਪਗ 13,000 ਪਿੰਡਾਂ ਨੂੰ ਕਵਰ ਕਰਨਗੀਆਂ ਅਤੇ ਹਰ ਵੈਨ ’ਤੇ 12 ਫੁੱਟ ਗ 8 ਫੁੱਟ ਦੀ ਵੱਡੀ ਐਲ.ਈ.ਡੀ. ਸਕਰੀਨ ਲਗਾਈ ਗਈ ਹੈ। ਇਹ 30 ਮਿੰਟ ਦੀ ਦਸਤਾਵੇਜ਼ੀ ਸੰਖੇਪ, ਅਰਥਪੂਰਨ ਅਤੇ ਬਹੁਤ ਪ੍ਰਭਾਵਸ਼ਾਲੀ ਹੈ, ਜੋ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਨੂੰ ਲੋਕਾਂ ਤੱਕ ਪਹੁੰਚਾਏਗੀ।

ਮੁਹਿੰਮ ਦੇ ਉਦੇਸ਼ ’ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਗੁਰੂ ਸਾਹਿਬ ਦੇ ਸਮਾਜਿਕ ਬਰਾਬਰੀ ਅਤੇ ਪ੍ਰਭੂ ਭਗਤੀ ਦੇ ਸਦੀਵੀ ਸੰਦੇਸ਼ ਨੂੰ ਹਰ ਘਰ ਤੱਕ ਪਹੁੰਚਾਉਣਾ ਹੈ।

ਇਸ ਡਾਕੂਮੈਂਟਰੀ ਰਾਹੀਂ ਸੂਬਾ ਸਰਕਾਰ ਦਾ ਮਕਸਦ ਨੌਜਵਾਨ ਪੀੜ੍ਹੀ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਨੇਕ ਸਿੱਖਿਆਵਾਂ ਨਾਲ ਜੋੜਨਾ ਹੈ ਤਾਂ ਜੋ ਉਹ ਇੱਕ ਬਰਾਬਰੀ ਵਾਲੇ ਅਤੇ ਸਦਭਾਵਨਾ ਪੂਰਨ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾ ਸਕਣ। ਇਹ ਡਾਕੂਮੈਂਟਰੀ ਸ੍ਰੀ ਗੁਰੂ ਰਵਿਦਾਸ ਜੀ ਨੂੰ ਸੱਚੀ ਸ਼ਰਧਾਂਜਲੀ ਹੈ, ਜਿਨ੍ਹਾਂ ਨੇ ਆਪਣਾ ਸਾਰਾ ਜੀਵਨ ਜਾਤ-ਪਾਤ ਦੇ ਭੇਦਭਾਵ ਅਤੇ ਸਮਾਜਿਕ ਅਸਮਾਨਤਾ ਵਰਗੀਆਂ ਕੁਰੀਤੀਆਂ ਨੂੰ ਖ਼ਤਮ ਕਰਨ ਲਈ ਸਮਰਪਿਤ ਕਰ ਦਿੱਤਾ।

ਇਸ ਮੌਕੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਅਤੇ ਤਰੁਨਪ੍ਰੀਤ ਸਿੰਘ ਸੌਂਦ ਵੀ ਮੌਜੂਦ ਸਨ।

## ਮਾਂ ਸਰਸਵਤੀ ਕਾਲਜ ਅਬੋਹਰ ਅਤੇ ਸੀਡ ਫਾਰਮ ਪੱਕਾ ਵਿਖੇ ਸਪੈਸ਼ਲ ਇੰਟੈਂਸਿਵ ਰਵੀਜਨ ਸਬੰਧੀ ਕੀਤਾ ਜਾਗਰੂਕ



ਅਬੋਹਰ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਚੋਣ ਅਫ਼ਸਰ ਪੰਜਾਬ ਦੇ ਦਿਸ਼ਾ ਨਿਰਦੇਸ਼ ਅਧੀਨ ਅਤੇ ਜਿਲ੍ਹਾ ਚੋਣ ਅਫਸਰ ਸ਼੍ਰੀਮਤੀ ਅਮਰਪ੍ਰੀਤ ਕੌਰ ਸੰਧੂ ਦੀ ਅਗਵਾਈ ਹੇਠ ਐਸ. ਡੀ. ਐਮ ਅਬੋਹਰ ਸ਼੍ਰੀ ਕ੍ਰਿਪਾਲ ਵੀਰ ਸਿੰਘ ਦੀ ਰਹਿਨੁਮਾਈ ਤਹਿਤ ਈਆਰਓ 081-ਅਬੋਹਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਹਲਕਾ ਅਬੋਹਰ ਦੇ ਸਵੀਪ ਨੋਡਲ ਸ਼੍ਰੀ ਅਜੇ ਛਾਬੜਾ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਮਾਂ ਸਰਸਵਤੀ ਕਾਲਜ ਅਬੋਹਰ ਵਿਖੇ ਪ੍ਰਿੰਸੀਪਲ ਸ਼੍ਰੀ ਭੁਵਨੇਸ਼ ਦੇ ਸਹਿਯੋਗ ਨਾਲ ਐਸ. ਆਈ. ਆਰ. 2026 ਸਬੰਧੀ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਗਿਆ।

ਇਸ ਤਹਿਤ ਕਾਲਜ ਦੇ ਵਿਦਿਆਰਥੀਆਂ ਨੂੰ ਚੋਣ ਕਮਿਸ਼ਨ ਦੁਆਰਾ ਕੀਤੀ ਜਾ ਰਹੀ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ ਅਤੇ ਨਾਲ ਹੀ ਉਨ੍ਹਾਂ ਨੂੰ ਇਸ ਸਬੰਧੀ ਫੀਲਡ ਵਿੱਚ ਕੰਮ ਕਰ ਰਹੇ ਬੀ.ਐਲ.ਓ. ਨੂੰ ਪੂਰਨ ਸਹਿਯੋਗ ਕਰਨ ਦੀ ਪ੍ਰੇਰਿਤ ਕੀਤਾ ਗਿਆ।ਇਸੇ ਤਰ੍ਹਾਂ ਸੀਡ ਫਾਰਮ ਪੱਕਾ ਦੇ ਬੂਥ ਨੰਬਰ 3 ਅਤੇ 4 ਵਿਖੇ ਸੁਪਰਵਾਈਜ਼ਰ ਅਤੇ ਸਮੂਹ ਬੀ. ਐਲ. ਓਜ਼. ਦੀ ਹਾਜ਼ਰੀ ਵਿੱਚ ਪਿੰਡ ਵਾਸੀਆਂ ਨੂੰ ਐਸ. ਆਈ. ਆਰ. 2026 ਬਾਰੇ ਜਾਗਰੂਕ ਕੀਤਾ ਅਤੇ ਇਸ ਕਾਰਜ ਨੂੰ ਪੂਰਾ ਕਰਨ ਵਿੱਚ ਪ੍ਰਸ਼ਾਸਨ ਦੀ ਮੱਦਦ ਦੀ ਅਪੀਲ ਕੀਤੀ ਗਈ ਤਾਂ ਜੋ ਸਾਫ਼ ਸੁਥਰੀ ਵੋਟਰ ਸੂਚੀ ਤਿਆਰ ਹੋ ਸਕੇ। ਮੌਕੇ ਤੇ ਮੌਜੂਦ ਪਿੰਡ ਵਾਸੀਆਂ ਨੂੰ ਬੀ ਐਲ ਓ ਦੀ ਸਹਾਇਤਾ ਲਈ ਪ੍ਰੇਰਿਤ ਕੀਤਾ ਅਤੇ ਆਪਣੇ ਆਲੇ ਦੁਆਲੇ ਵਿੱਚ ਐਸ. ਆਈ. ਆਰ. 2026 ਦੇ ਸਬੰਧ ਵਿੱਚ ਚੱਲ ਰਹੇ ਭਰਮ-ਭੁਲੇਖੇ ਦੂਰ ਕਰਨ ਲਈ ਅੱਗੇ ਆਉਣ ਦਾ ਆਹਵਾਨ ਵੀ ਕੀਤਾ ਗਿਆ। ਇਥੇ ਇਹ ਜ਼ਿਕਰਯੋਗ ਹੈ ਕਿ ਐਸ. ਆਈ. ਆਰ. 2026 ਦੀ ਸ਼ੁਰੂਆਤ ਹੋ ਚੁੱਕੀ ਹੈ ਅਤੇ ਮਾਨਯੋਗ ਐੱਸ ਡੀ ਐਮ ਅਬੋਹਰ ਵੱਲੋਂ ਲੋਕਾਂ ਨੂੰ ਇਸ ਪ੍ਰਤੀ ਜਾਗਰੂਕ ਕਰਦੇ ਹੋਏ ਆਪਣਾ ਬਣਦਾ ਯੋਗਦਾਨ ਪਾਉਣ ਦਾ ਸੰਦੇਸ਼ ਵੀ ਦਿੱਤਾ ਗਿਆ ਹੈ ਅਤੇ ਚੰਗੀ ਸਾਫ-ਸੁਥਰੀ ਵੋਟਰ ਸੂਚੀ ਤਿਆਰ ਕਰਨ ਵਿੱਚ ਭਰਪੂਰ ਸਹਿਯੋਗ ਦੀ ਅਪੀਲ ਕੀਤੀ।

## ਸੁੰਦਰ ਸਿਟੀ ਕਲੋਨੀ ਸੁਨਾਮ ਦੇ ਵਾਸੀਆਂ ਵੱਲੋਂ ਵਾਰਡ ਨੰਬਰ 2 ਦੇ ਕੌਂਸਲਰ ਗੁਰਤੇਗ ਸਿੰਘ ਨਿੱਕਾ ਦਾ ਸਨਮਾਨ



ਸੁਨਾਮ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਸਥਾਨਕ ਵਾਰਡ ਨੰਬਰ 2 ਦੇ ਕੌਂਸਲਰ ਗੁਰਤੇਗ ਸਿੰਘ ਨਿੱਕਾ ਨੂੰ ਸੁੰਦਰ ਸਿਟੀ ਕਲੋਨੀ ਦੇ ਵਾਸੀਆਂ ਵੱਲੋਂ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਲੋਨੀ ਵਾਸੀਆਂ ਨੇ ਗੁਰਤੇਗ ਸਿੰਘ ਨਿੱਕਾ ਨੂੰ ਸਿਰੋਪਾ ਪਾ ਕੇ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਉਨ੍ਹਾਂ ਦਾ ਸਨਮਾਨ ਕੀਤਾ।

ਕਲੋਨੀ ਵਾਸੀਆਂ ਨੇ ਕਿਹਾ ਕਿ ਗੁਰਤੇਗ ਸਿੰਘ ਨਿੱਕਾ ਹਮੇਸ਼ਾ ਲੋਕਾਂ ਦੀਆਂ ਸਮੱਸਿਆਵਾਂ ਨੂੰ ਤਰਜੀਹ ਦੇ ਕੇ ਹੱਲ ਕਰਵਾਉਣ ਲਈ ਯਤਨਸ਼ੀਲ ਰਹਿੰਦੇ ਹਨ ਅਤੇ ਇਲਾਕੇ ਦੇ ਵਿਕਾਸ ਲਈ ਲਗਾਤਾਰ ਕੰਮ ਕਰ ਰਹੇ ਹਨ। ਉਨ੍ਹਾਂ ਦੀ ਲੋਕ-ਪੱਖੀ ਕਾਰਗੁਜ਼ਾਰੀ ਅਤੇ ਸੇਵਾਭਾਵ ਨੂੰ ਦੇਖਦਿਆਂ ਇਹ ਸਨਮਾਨ ਸਮਾਰੋਹ ਕਰਵਾਇਆ ਗਿਆ।

ਸੰਬੋਧਨ ਦੌਰਾਨ ਕੌਂਸਲਰ ਗੁਰਤੇਗ ਸਿੰਘ ਨਿੱਕਾ ਨੇ ਕਲੋਨੀ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਨਮਾਨ ਉਨ੍ਹਾਂ ਲਈ ਹੋਰ ਵੱਧ ਸਮਰਪਣ ਨਾਲ ਲੋਕਾਂ ਦੀ ਸੇਵਾ ਕਰਨ ਦੀ ਪ੍ਰੇਰਣਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਵਾਰਡ ਦੇ ਵਿਕਾਸ ਅਤੇ ਲੋਕ ਭਲਾਈ ਦੇ ਕੰਮ ਪਹਿਲਾਂ ਵਾਂਗ ਨਿਰੰਤਰ ਜਾਰੀ ਰਹਿਣਗੇ। ਇਸ ਮੌਕੇ ਸੁੰਦਰ ਸਿਟੀ ਕਲੋਨੀ ਦੇ ਵੱਡੀ ਗਿਣਤੀ ਵਿੱਚ ਵਾਸੀ ਅਤੇ ਪਤਵੰਤੇ ਹਾਜ਼ਰ ਸਨ।

# ਤੀਜੀ ਭਾਸ਼ਾ ਦਾ ਨਿਯਮ ਇਸ ਵੇਲੇ ਦਸਵੀਂ ਕਰ ਰਹੇ ਵਿਦਿਆਰਥੀਆਂ ’ਤੇ ਲਾਗੂ ਨਹੀਂ ਹੋਵੇਗਾ: ਸੀ ਬੀ ਐੱਸ ਈ

**ਸੱਤਵੀਂ, ਅੱਠਵੀਂ ਅਤੇ ਨੌਵੀਂ ਜਮਾਤ ਕਰ ਰਹੇ ਵਿਦਿਆਰਥੀਆਂ ਲਈ ਵਿਸ਼ੇਸ਼ ਛੋਟ; ਤੀਜੀ ਭਾਸ਼ਾ ਦੀ ਬੋਰਡ ਪ੍ਰੀਖਿਆ ਨਹੀਂ ਹੋਵੇਗੀ**

ਚੰਡੀਗੜ੍ਹ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਸੈਂਟਰਲ ਬੋਰਡ ਆਫ ਸੈਕੰਡਰੀ ਐਜੂਕੇਸ਼ਨ (ਸੀ ਬੀ ਐੱਸ ਈ) ਨੇ ਅੱਜ ਭਾਸ਼ਾ ਨੀਤੀ ਨੂੰ ਲੈ ਕੇ ਵਿਦਿਆਰਥੀਆਂ ਨੂੰ ਰਾਹਤ ਦਿੱਤੀ ਹੈ। ਬੋਰਡ ਨੇ ਸਪਸ਼ਟ ਕੀਤਾ ਹੈ ਕਿ ਸਾਲ 2026-27 ਦੌਰਾਨ ਦਸਵੀਂ ਜਮਾਤ ਵਿੱਚ ਪੜ੍ਹ ਰਹੇ ਵਿਦਿਆਰਥੀਆਂ ’ਤੇ ਨਵੀਂ ਤਿੰਨ-ਭਾਸ਼ਾ ਨੀਤੀ ਲਾਗੂ ਨਹੀਂ ਹੋਵੇਗੀ। ਇਹ ਵਿਦਿਆਰਥੀ ਪਹਿਲਾਂ ਵਾਂਗ ਸਿਰਫ਼ ਦੋ ਭਾਸ਼ਾਵਾਂ ਨਾਲ ਹੀ ਆਪਣੀ ਬੋਰਡ ਪ੍ਰੀਖਿਆ ਦੇਣਗੇ ਅਤੇ ਉਨ੍ਹਾਂ ਲਈ ਤੀਜੀ ਭਾਸ਼ਾ ਲਾਜ਼ਮੀ ਨਹੀਂ ਹੋਵੇਗੀ।

ਸੀਬੀਐੱਸਈ ਨੇ ਇਹ ਵੀ ਐਲਾਨ ਕੀਤਾ ਹੈ ਕਿ ਮੌਜੂਦਾ ਸਮੇਂ ਸੱਤਵੀਂ, ਅੱਠਵੀਂ ਅਤੇ ਨੌਵੀਂ ਜਮਾਤ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਵੀ ਇਕ ਵਾਰ ਦੀ ਵਿਸ਼ੇਸ਼ ਛੋਟ ਦਿੱਤੀ ਜਾ ਰਹੀ ਹੈ। ਜਦੋਂ ਇਹ ਵਿਦਿਆਰਥੀ ਦਸਵੀਂ ਵਿੱਚ ਪਹੁੰਚਣਗੇ ਤਾਂ ਤੀਜੀ ਭਾਸ਼ਾ ਦੀ ਕੋਈ ਬੋਰਡ ਪ੍ਰੀਖਿਆ ਨਹੀਂ ਹੋਵੇਗੀ। ਇਸ ਭਾਸ਼ਾ ਦਾ ਮੁਲਾਂਕਣ ਸਿਰਫ਼ ਸਕੂਲ ਵੱਲੋਂ ਅੰਦਰੂਨੀ ਪ੍ਰੀਖਿਆ ਰਾਹੀਂ ਕੀਤਾ ਜਾਵੇਗਾ। ਕੌਮੀ ਸਿੱਖਿਆ ਨੀਤੀ (ਐੱਨਈਪੀ) 2020 ਅਨੁਸਾਰ ਹਰ ਵਿਦਿਆਰਥੀ ਨੂੰ ਤਿੰਨ ਭਾਸ਼ਾਵਾਂ ਪੜ੍ਹਨੀਆਂ ਹੋਣਗੀਆਂ ਜਿਨ੍ਹਾਂ ਵਿੱਚੋਂ ਘੱਟੋ-ਘੱਟ ਦੋ ਭਾਰਤੀ ਭਾਸ਼ਾਵਾਂ ਹੋਣੀਆਂ ਲਾਜ਼ਮੀ ਹਨ। ਜੇਕਰ ਦੋ ਭਾਸ਼ਾਵਾਂ ਭਾਰਤੀ ਹਨ ਤਾਂ ਤੀਜੀ ਭਾਸ਼ਾ ਵਜੋਂ ਅੰਗਰੇਜ਼ੀ ਜਾਂ ਫਰੈਂਚ ਵਰਗੀ ਗੈਰ-ਭਾਰਤੀ ਭਾਸ਼ਾ ਵੀ ਚੁਣੀ ਜਾ ਸਕਦੀ ਹੈ।

ਬੋਰਡ ਨੇ ਸਪੱਸ਼ਟ ਕੀਤਾ ਹੈ ਕਿ ਸਾਲ 2026-27 ਦੌਰਾਨ ਨੌਵੀਂ ਜਮਾਤ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਲਈ ਇੱਕ ਵਾਰ ਦੀ ਵਿਸ਼ੇਸ਼ ਰਾਹਤ ਦਿੱਤੀ ਗਈ ਹੈ। ਜੇਕਰ ਕੋਈ ਵਿਦਿਆਰਥੀ ਪਹਿਲਾਂ ਹੀ ਦੋ ਹੋਰ ਭਾਰਤੀ ਭਾਸ਼ਾਵਾਂ ਪੜ੍ਹ ਰਿਹਾ ਹੈ ਤਾਂ ਉਸ ਨੂੰ ਸਿਰਫ਼ ਇੱਕ ਵਾਧੂ ਭਾਰਤੀ ਭਾਸ਼ਾ ਸ਼ਾਮਲ ਕਰਨੀ ਹੋਵੇਗੀ।



ਬੋਰਡ ਨੇ ਕਿਹਾ ਹੈ ਕਿ ਮੌਜੂਦਾ ਸੱਤਵੀਂ ਅਤੇ ਅੱਠਵੀਂ ਜਮਾਤ ਦੇ ਵਿਦਿਆਰਥੀ ਵੀ ਤਿੰਨ ਭਾਸ਼ਾਵਾਂ ਦੀ ਪੜ੍ਹਾਈ ਜਾਰੀ ਰੱਖਣਗੇ, ਜਿਨ੍ਹਾਂ ਵਿੱਚੋਂ ਦੋ ਭਾਰਤੀ ਭਾਸ਼ਾਵਾਂ ਹੋਣੀਆਂ ਲਾਜ਼ਮੀ ਹਨ। ਜੇਕਰ ਇਨ੍ਹਾਂ ਵਿਦਿਆਰਥੀਆਂ ਨੇ ਪਹਿਲਾਂ ਹੀ ਦੋ ਗੈਰ-ਭਾਰਤੀ ਭਾਸ਼ਾਵਾਂ ਚੁਣੀਆਂ ਹੋਈਆਂ ਹਨ ਤਾਂ ਉਨ੍ਹਾਂ ਨੂੰ ਇੱਕ ਵਾਧੂ ਭਾਰਤੀ ਭਾਸ਼ਾ ਪੜ੍ਹਨੀ ਹੋਵੇਗੀ। ਇਸ ਤੀਜੀ ਭਾਸ਼ਾ ਦੀ ਵੀ ਸਿਰਫ਼ ਸਕੂਲ ਪੱਧਰ ’ਤੇ ਅੰਦਰੂਨੀ ਪ੍ਰੀਖਿਆ ਹੋਵੇਗੀ ਅਤੇ ਦਸਵੀਂ ਵਿੱਚ ਇਸ ਦਾ ਕੋਈ ਬੋਰਡ ਪੇਪਰ ਨਹੀਂ ਹੋਵੇਗਾ।

ਵਿਦਿਆਰਥੀਆਂ ਦੇ ਮਾਪਿਆਂ ਦਾ ਤਬਾਦਲਾ ਹੋਣ ’ਤੇ ਸਕੂਲ ਕਰਨਗੇ ਤੀਜੀ ਭਾਸ਼ਾ ਦੀ ਪੜ੍ਹਾਈ ਦੇ ਪ੍ਰਬੰਧ

ਸੀ ਬੀ ਐੱਸ ਈ ਨੇ ਕਿਹਾ ਹੈ ਕਿ ਜੇਕਰ ਕਿਸੇ ਵਿਦਿਆਰਥੀ ਦੇ ਮਾਪਿਆਂ ਦਾ ਤਬਾਦਲਾ ਕਿਸੇ ਹੋਰ ਰਾਜ ਵਿੱਚ ਹੋ ਜਾਂਦਾ ਹੈ ਤਾਂ ਵਿਦਿਆਰਥੀ ਪਹਿਲਾਂ ਚੁਣੀ ਗਈ ਤੀਜੀ ਭਾਸ਼ਾ (ਆਰ-3) ਨੂੰ ਨੌਵੀਂ ਜਮਾਤ ਵਿੱਚ ਵੀ ਜਾਰੀ ਰੱਖ ਸਕਣਗੇ। ਅਜਿਹੇ ਮਾਮਲਿਆਂ ਵਿੱਚ ਸਕੂਲਾਂ ਦੀ ਜ਼ਿੰਮੇਵਾਰੀ ਹੋਵੇਗੀ ਕਿ ਉਹ ਵਿਦਿਆਰਥੀਆਂ ਦੀ ਚੁਣੀ ਹੋਈ ਭਾਸ਼ਾ ਦੀ ਪੜ੍ਹਾਈ ਲਈ ਲੋੜੀਂਦੇ ਸਾਰੇ ਪ੍ਰਬੰਧ ਯਕੀਨੀ ਬਣਾਉਣ।

ਹੁਣ ਛੇਵੀਂ ਜਮਾਤ ਵਿਚ ਪੜ੍ਹ ਰਹੇ ਵਿਦਿਆਰਥੀ ਦਸਵੀਂ ਵਿਚ ਦੇਣਗੇ ਤੀਜੀ ਭਾਸ਼ਾ ਦੀ ਬੋਰਡ ਪ੍ਰੀਖਿਆ

ਹਾਲਾਂਕਿ ਮੌਜੂਦਾ ਛੇਵੀਂ ਜਮਾਤ ਦੇ ਵਿਦਿਆਰਥੀਆਂ ਲਈ ਇਹ ਛੋਟ ਲਾਗੂ ਨਹੀਂ ਹੋਵੇਗੀ। ਜਦੋਂ ਇਹ ਵਿਦਿਆਰਥੀ ਦਸਵੀਂ ਵਿੱਚ ਪਹੁੰਚਣਗੇ ਤਾਂ ਉਨ੍ਹਾਂ ਨੂੰ ਤੀਜੀ ਭਾਸ਼ਾ ਦੀ ਬੋਰਡ ਪ੍ਰੀਖਿਆ ਦੇਣੀ ਹੋਵੇਗੀ। ਇਸ ਬੈਚ ਅਤੇ ਅਗਲੇ ਸਾਰੇ ਬੈਚਾਂ ਲਈ ਤਿੰਨ ਭਾਸ਼ਾਵਾਂ ਵਿੱਚੋਂ ਦੋ ਭਾਰਤੀ ਭਾਸ਼ਾਵਾਂ ਲਾਜ਼ਮੀ ਰਹਿਣਗੀਆਂ। ਸੀਬੀਐੱਸਈ ਨੇ ਇਹ ਵੀ ਦੱਸਿਆ ਹੈ ਕਿ ਛੇਵੀਂ ਜਮਾਤ ਲਈ ਸੰਵਿਧਾਨ ਦੀ ਅੱਠਵੀਂ ਅਨੁਸੂਚੀ ਵਿੱਚ ਦਰਜ 22 ਭਾਰਤੀ ਭਾਸ਼ਾਵਾਂ ਦੀਆਂ ਨਵੀਆਂ ਪਾਠ ਪੁਸਤਕਾਂ ਵੀ ਉਪਲਬਧ ਕਰਵਾਈਆਂ ਜਾਣਗੀਆਂ।

ਵਿਦੇਸ਼ ਵਿਚ ਰਹਿਣ ਵਾਲਿਆਂ ਨੂੰ ਤੀਜੀ ਭਾਸ਼ਾ ਪੜ੍ਹਨੀ ਲਾਜ਼ਮੀ ਨਹੀਂ

ਸੀ ਬੀ ਐਸ ਈ ਨੇ ਵਿਦੇਸ਼ਾਂ ਵਿੱਚ ਸਥਿਤ ਸੀਬੀਐੱਸਈ ਸਕੂਲਾਂ ਲਈ ਪੂਰੀ ਛੋਟ ਦਿੱਤੀ ਹੈ। ਇਨ੍ਹਾਂ ਸਕੂਲਾਂ ਦੇ ਵਿਦਿਆਰਥੀਆਂ ਲਈ ਤੀਜੀ ਭਾਸ਼ਾ ਵਜੋਂ ਭਾਰਤੀ ਭਾਸ਼ਾ ਪੜ੍ਹਨਾ ਲਾਜ਼ਮੀ ਨਹੀਂ ਹੋਵੇਗਾ। ਇਸੇ ਤਰ੍ਹਾਂ ਵਿਦੇਸ਼ ਤੋਂ ਵਾਪਸ ਭਾਰਤ ਆਉਣ ਵਾਲੇ ਵਿਦਿਆਰਥੀਆਂ ਨੂੰ ਵੀ ਤੀਜੀ ਭਾਸ਼ਾ ਵਜੋਂ ਭਾਰਤੀ ਭਾਸ਼ਾ ਪੜ੍ਹਨ ਤੋਂ ਛੋਟ ਦਿੱਤੀ ਗਈ ਹੈ।

## ਕੰਟਰੈਕਟ ਕਾਮਿਆਂ ਵੱਲੋਂ ਮਸਲੇ ਹੱਲ ਨਾ ਹੋਣ ’ਤੇ ਰੈਲੀ; ਮੰਨੀਆਂ ਮੰਗਾਂ ਨੂੰ ਤੁਰੰਤ ਲਾਗੂ ਕਰਨ ਦੀ ਮੰਗ



ਭਵਾਨੀਗੜ੍ਹ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਪੈਪਸੀਕੋ ਇੰਡੀਆ ਕੰਟਰੈਕਟ ਵਰਕਰਜ਼ ਯੂਨੀਅਨ ਚੰਨੋਂ ਨੇ ਮੈਨੇਜਮੈਂਟ ਅਤੇ ਠੇਕੇਦਾਰਾਂ ਵੱਲੋਂ ਮੰਨੀਆਂ ਗਈਆਂ ਮੰਗਾਂ ਨੂੰ ਲਾਗੂ ਨਾ ਕਰਨ ਦੇ ਰੋਸ ਵਜੋਂ ਅੱਜ ਬਠਿੰਡਾ-ਚੰਡੀਗੜ੍ਹ ਨੈਸ਼ਨਲ ਹਾਈਵੇਅ ’ਤੇ ਟੋਲ ਪਲਾਜ਼ਾ ਕਾਲਾਝਾੜ ’ਤੇ ਰੈਲੀ ਕੀਤੀ ਗਈ।

ਰੈਲੀ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਪ੍ਰਧਾਨ ਕਸ਼ਮੀਰ ਸਿੰਘ ਅਤੇ ਮੀਤ ਪ੍ਰਧਾਨ ਪ੍ਰਦੀਪ ਸਿੰਘ ਨੇ ਦੱਸਿਆ ਕਿ ਪੈਪਸੀਕੋ ਦੇ ਪ੍ਰਬੰਧਕਾਂ ?/ ਸਮੂਹ ਠੇਕੇਦਾਰਾਂ ਨੇ ਪੁਲੀਸ ਪ੍ਰਸ਼ਾਸਨਕ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਕਾਮਿਆਂ ਨੂੰ ? 26 ਦਿਨ ਕੰਮ ਦੇਣ, ਕੰਮ ਦਾ ਲੋਡ ਘਟਾਉਣ, ਮਹਿੰਗਾਈ ਮੁਤਾਬਕ ਤਨਖਾਹਾਂ ਵਿੱਚ ਵਾਧਾ ਕਰਨ, ਸਰਵਿਸ ਵਿੱਚ ਬ੍ਰੇਕ ਸਿਸਟਮ ਖਤਮ ਕਰਨ ਅਤੇ ਡਿਊਟੀ ਲਈ ਟਰਾਂਸਪੋਰਟ ਦੀ ਸੇਵਾ ਦੇਣ ? ਆਦਿ ਮੰਗਾਂ ਸਬੰਧੀ ਸਾਂਝੀ ਮੀਟਿੰਗ ਵਿੱਚ ਵਿਚਾਰ ਕੇ ਹੱਲ ਕਰਨ ਦਾ ਸਮਝੌਤਾ ਸੀ ਪ੍ਰੰਤੂ ਕੰਪਨੀ ਪ੍ਰਬੰਧਕਾਂ ਤੇ ਠੇਕੇਦਾਰਾਂ ਵੱਲੋਂ ਡਿਊਟੀ ਕਾਮਿਆਂ ਦੀ ਜਬਰੀ ਬ੍ਰੇਕ ਪਾਈ ਜਾ ਰਹੀ ਹੈ, ਜੋ ਕਿ ਨਵੀਂ ਭਰਤੀ ਸ਼ੁਰੂ ਕਰਕੇ ਪਹਿਲੇ ਕੰਟਰੈਕਟ ਮਜ਼ਦੂਰਾਂ ? ਨੂੰ ਬੇਰੁਜ਼ਗਾਰ ਕਰਨ ਦੀ ਸਾਜ਼ਿਸ਼ ਹੈ।

ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਹਰਜੀਤ ਸਿੰਘ ਸਿੰਘ ਮਹਿਲਾਂ , ਬਲਵਿੰਦਰ ਸਿੰਘ ਘਨੌੜ ਜੱਟਾਂ, ਸਾਬਕਾ ? ਸੈਨਿਕ ਕ੍ਰਾਂਤੀਕਾਰੀ ਯੂਨੀਅਨ ਪੰਜਾਬ ਦੇ ਪ੍ਰਧਾਨ ਪ੍ਰਗਟ ਸਿੰਘ ?, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਪੰਜਾਬ ?ਦੇ ਪ੍ਰਧਾਨ ਮੁਕੇਸ਼ ਮਲੌਦ, ਮੋਲਡਰ ਐਂਡ ਸਟੀਲ ਵਰਕਰਜ਼ ਯੂਨੀਅਨ ਲੁਧਿਆਣਾ ਪ੍ਰਧਾਨ ਹਰਜਿੰਦਰ ਸਿੰਘ ?, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ? ਯੂਨੀਅਨ ਦੇ ਪ੍ਰਧਾਨ ਲਖਵੀਰ ਸਿੰਘ ? ਲੌਂਗੋਵਾਲ, ਟੋਲ ਪਲਾਜ਼ਾ ਯੂਨੀਅਨ ਪੰਜਾਬ ਪ੍ਰਧਾਨ ਲਾਡੀ ਸਿੰਘ ਆਦਿ ਨੇ ਮਜ਼ਦੂਰ ਮਸਲਿਆਂ ਸਬੰਧੀ ਚੱਲ ਰਹੇ ਸੰਘਰਸ਼ ’ਚ ਹਰ ਪੱਖੋਂ ਮੱਦਦ ਕਰਨ ਦਾ ਭਰੋਸਾ ਦਿੱਤਾ।

ਮੈਨੇਜਮੈਂਟ ਦੇ ਨੁਮਾਇੰਦਿਆਂ ਨੇ ਦੱਸਿਆ ਕਿ ਕੰਪਨੀ ਵੱਲੋਂ ਹਰ ਮਸਲੇ ਨੂੰ ਗੱਲਬਾਤ ਰਾਹੀਂ ਹੱਲ ਕਰਨ ਨੂੰ ਤਰਜੀਹ ਦਿੱਤੀ ਜਾਂਦੀ ਹੈ।

# ਭਾਜਪਾ ਪੂਰੀ ਤਾਕਤ ਨਾਲ ਮੈਦਾਨ ’ਚ ਉਤਰੇਗੀ: ਹਰਪਾਲਪੁਰ

**ਮਹਾਰਾਜਾ ਰਣਜੀਤ ਸਿੰਘ ਦੇ ਰਾਜ ਤੋਂ ਪ੍ਰੇਰਣਾ ਲੈ ਕੇ ਪੰਜਾਬ ਨੂੰ ਤਰੱਕੀ ਦੇ ਰਾਹ ’ਤੇ ਲਿਆਂਦਾ ਜਾਵੇਗਾ**

ਰਾਜਪੁਰਾ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਹਲਕਾ ਘਨੌਰ ਤੋਂ ਭਾਜਪਾ ਆਗੂ ਹਰਵਿੰਦਰ ਸਿੰਘ ਹਰਪਾਲਪੁਰ ਨੇ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਲਾਈ ਗਈ ਠੰਢੇ ਮਿੱਠੇ ਜਲ ਦੀ ਛਬੀਲ ਦੀ ਸਮਾਪਤੀ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਪੰਜਾਬ ਵਿੱਚ ਆਗਾਮੀ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ ਸਰਕਾਰ ਬਣਾਉਣ ਲਈ ਪੂਰੀ ਤਾਕਤ ਨਾਲ ਮੈਦਾਨ ਵਿੱਚ ਉਤਰੇਗੀ। ਉਨ੍ਹਾਂ ਕਿਹਾ ਕਿ ਪੰਜਾਬ ਇਸ ਸਮੇਂ ਅਮਨ-ਕਾਨੂੰਨ, ਬੇਰੁਜ਼ਗਾਰੀ, ਸਿਹਤ ਅਤੇ ਸਿੱਖਿਆ ਸਮੇਤ ਕਈ ਖੇਤਰਾਂ ਵਿੱਚ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਸੂਬੇ ਦੇ ਵਿਕਾਸ ਲਈ ਕੇਂਦਰ ਸਰਕਾਰ ਨਾਲ ਮਜ਼ਬੂਤ ਤਾਲਮੇਲ ਬਹੁਤ ਜ਼ਰੂਰੀ ਹੁੰਦਾ ਹੈ ਤਾਂ ਜੋ ਲੋਕ ਭਲਾਈ ਦੀਆਂ ਯੋਜਨਾਵਾਂ ਦਾ ਲਾਭ ਹਰ ਲੋੜਵੰਦ ਤੱਕ ਪਹੁੰਚ ਸਕੇ।



ਉਨ੍ਹਾਂ ਦਾਅਵਾ ਕੀਤਾ ਕਿ ਭਾਜਪਾ ਮਹਾਰਾਜਾ ਰਣਜੀਤ ਸਿੰਘ ਦੇ ਸੁਸ਼ਾਸਨ ਤੋਂ ਪ੍ਰੇਰਣਾ ਲੈ ਕੇ ਪੰਜਾਬ ਵਿੱਚ ਵਿਕਾਸ ਅਤੇ ਇਨਸਾਫ਼ ਆਧਾਰਿਤ ਰਾਜ ਕਾਇਮ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੇ ਰਾਜ ਵਿੱਚ ਕਿਸੇ ਨਾਲ ਧੱਕਾ ਜਾਂ ਵਿਤਕਰਾ ਨਹੀਂ ਹੋਵੇਗਾ, ਨਾਜਾਇਜ਼ ਪਰਚਿਆਂ ਦੀ ਪ੍ਰਥਾ ਨੂੰ ਖ਼ਤਮ ਕੀਤਾ ਜਾਵੇਗਾ ਅਤੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਸੂਬੇ ਦੇ ਹਰ ਵਰਗ ਦੀ ਤਰੱਕੀ ਨੂੰ ਪਹਿਲ ਦਿੱਤੀ ਜਾਵੇਗੀ। ਇਸ ਮੌਕੇ ਗੁਰਸੇਵਕ ਸਿੰਘ ਭੱਟਮਾਜਰਾ, ਰਾਜਵੀਰ ਸਿੰਘ ਚੱਪੜ, ਬਲਜਿੰਦਰ ਸਿੰਘ ਚੱਪੜ, ਸੁਖਵਿੰਦਰ ਸਿੰਘ ਬੱਤੀ, ਹਰਮਨਦੀਪ ਸਿੰਘ, ਹਰਦੀਪ ਸ਼ਰਮਾ ਅਤੇ ਤਰਨਦੀਪ ਸਿੰਘ ਸਮੇਤ ਕਈ ਆਗੂ ਹਾਜ਼ਰ ਸਨ।

## ਕਿਸਾਨਾਂ ਨੇ ਗਰਿੱਡਾਂ ਅੱਗੇ ਰੋਸ ਪ੍ਰਗਟਾਇਆ; ਬਿਜਲੀ ਸਪਲਾਈ ਦਾ ਮਾੜਾ ਹਾਲ

ਸੰਗਰੂਰ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਇਤਿਹਾਸਕ ਅਤੇ ਸ਼ਰਧਾ ਪੂਰਵਕ ਮਨਾਉਣ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 50 ਮੋਬਾਈਲ ਡਾਕੂਮੈਂਟਰੀ ਵੈਨਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਹ ਵੈਨਾਂ ਗੁਰੂ ਜੀ ਦੇ ਬਰਾਬਰੀ, ਸਮਾਜਿਕ ਨਿਆਂ, ਸ਼ਰਧਾ ਅਤੇ ਵਿਸ਼ਵਵਿਆਪੀ ਸਾਂਝੀਵਾਲਤਾ ਦੇ ਸਦੀਵੀ ਸੰਦੇਸ਼ ਨੂੰ ਸੂਬੇ ਦੇ ਕੋਨੇ-ਕੋਨੇ ਤੱਕ ਪਹੁੰਚਾਉਣਗੀਆਂ। ਇਸ ਵਿਸ਼ੇਸ਼ ਤੌਰ ’ਤੇ ਤਿਆਰ ਕੀਤੀ ਗਈ ਮੁਹਿੰਮ ਤਹਿਤ ਐਲ.ਈ.ਡੀ. ਨਾਲ ਲੈਸ ਮੋਬਾਈਲ ਵੈਨਾਂ ਰਾਹੀਂ ਪੰਜਾਬ ਦੇ ਸਾਰੇ 23 ਜ਼ਿਲ੍ਹਿਆਂ ਦੇ ਲਗਪਗ 13,000 ਪਿੰਡਾਂ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫੇ ਅਤੇ ਪਵਿੱਤਰ ਸਿੱਖਿਆਵਾਂ ’ਤੇ ਆਧਾਰਤ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਜਾਵੇਗੀ। ਇਸ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਹਰ ਘਰ, ਖਾਸ ਕਰਕੇ ਨੌਜਵਾਨ ਪੀੜ੍ਹੀ, ਗੁਰੂ ਜੀ ਦੇ ਭੇਦਭਾਵ ਰਹਿਤ ਬਰਾਬਰੀ ਵਾਲੇ ਸਮਾਜ ਦੀ ਸੇਧ ਤੋਂ ਪ੍ਰੇਰਿਤ ਹੋ ਸਕੇ।

ਇਹ ਪਹਿਲਕਦਮੀ ਭਗਵੰਤ ਮਾਨ ਸਰਕਾਰ ਵੱਲੋਂ 650ਵੇਂ ਪ੍ਰਕਾਸ਼ ਪੁਰਬ ਲਈ ਉਲੀਕੇ ਗਏ ਸਾਲ ਭਰ ਦੇ ਪ੍ਰੋਗਰਾਮਾਂ ਦਾ ਅਹਿਮ ਹਿੱਸਾ ਹੈ, ਜਿਸ ਲਈ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀ ਸਦੀਵੀ ਵਿਰਾਸਤ ਦੇ ਸਨਮਾਨ ਤੇ ਸਤਿਕਾਰ ਅਤੇ ਉਨ੍ਹਾਂ ਦੇ ਸੰਦੇਸ਼ ਦੇ ਵੱਧ ਤੋਂ ਵੱਧ ਪਾਸਾਰ ਲਈ ਸਮਾਗਮਾਂ ਦੀ ਲੜੀ ਵਾਸਤੇ 100 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ।

ਇਸ ਮੌਕੇ ਨੂੰ ਬੇਹੱਦ ਮਾਣ ਵਾਲੀ ਗੱਲ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਇੱਕ ਹੋਰ ਅਜਿਹੀ ਨੇਕ ਪਹਿਲਕਦਮੀ ਹੈ ਜੋ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਪ੍ਰਤੀ ਸੂਬੇ ਦੀ ਸ਼ਰਧਾ ਅਤੇ ਸਤਿਕਾਰ ਨੂੰ ਦਰਸਾਉਂਦੀ ਹੈ। ਮੁੱਖ ਮੰਤਰੀ ਨੇ ਕਿਹਾ, ÷ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਪ੍ਰਤੀ ਆਪਣੀ ਸ਼ਰਧਾ ਅਤੇ ਸਤਿਕਾਰ ਦੇ ਪ੍ਰਤੀਕ ਵਜੋਂ ਇੱਕ ਹੋਰ ਨੇਕ ਪਹਿਲਕਦਮੀ ਦੀ ਸ਼ੁਰੂਆਤ ਕਰਨਾ ਸਾਡੇ ਸਾਰਿਆਂ ਲਈ ਬਹੁਤ ਮਾਣ ਵਾਲੀ ਗੱਲ ਹੈ।

## ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਵੱਲੋਂ ਮਾੜੀ ਬਿਜਲੀ ਸਪਲਾਈ ਵਿਰੁੱਧ ਘੁਲਾਲ ਵਿਖੇ ਦਿੱਤਾ ਧਰਨਾ

ਸਮਰਾਲਾ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਨੇ ਸੱਤਾ ਸੰਭਾਲਣ ਮੌਕੇ ਕਿਸਾਨਾਂ ਦਾ ਵਾਅਦਾ ਕੀਤਾ ਸੀ ਕਿ ਪੰਜਾਬ ਕੋਲ ਵਾਧੂ ਬਿਜਲੀ ਹੈ, ਇਸ ਲਈ ਪੰਜਾਬ ਦੇ ਆਮ ਲੋਕਾਂ ਅਤੇ ਖੇਤਾਂ ਵਿੱਚ ਕਿਸਾਨਾਂ ਨੂੰ ਬਿਜਲੀ ਸਪਲਾਈ ਦੀ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਹੀਂ ਕਰਨਾ ਪਵੇਗਾ।

ਕਿਸਾਨਾਂ ਨੂੰ ਝੋਨੇ ਦੇ ਸੀਜਨ ਦੌਰਾਨ 8 ਘੰਟੇ ਨਿਰਵਿਘਨ ਬਿਜਲੀ ਸਪਲਾਈ ਮਿਲੇਗੀ, ਪ੍ਰੰਤੂ ਮੁੱਖ ਮੰਤਰੀ ਵੱਲੋਂ ਕੀਤੇ ਝੂਠੇ ਸਿਆਸੀ ਵਾਅਦਿਆਂ ਦੀ ਫੂਕ ਨਿਕਲ ਚੁੱਕੀ ਹੈ, ਪੰਜਾਬ ਦੇ ਲੋਕ ਲੰਬੇ ਲੰਬੇ ਬਿਜਲੀ ਕੱਟਾਂ ਦਾ ਸਾਹਮਣਾ ਕਰਕੇ, ਅੱਤ ਦੀ ਗਰਮੀ ਵਿੱਚ ਸੜ ਰਹੇ ਹਨ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੇ ਸੂਬਾ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਭੱਟੀਆਂ ਦੀ ਅਗਵਾਈ ਹੇਠ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਸਬ ਡਵੀਜਨ ਘੁਲਾਲ ਵਿਖੇ ਐਕਸੀਅਨ ਦੇ ਦਫਤਰ ਅੱਗੇ ਯੂਨੀਅਨ ਵੱਲੋਂ ਬਿਜਲੀ ਕੱਟਾਂ ਦੇ ਵਿਰੋਧ ਵਿੱਚ ਲੱਗ ਰਹੇ ਲੰਬੇ ਕੱਟਾਂ ਦੇ ਵਿਰੋਧ ਵਿੱਚ ਲਗਾਏ ਧਰਨੇ ਨੂੰ ਸੰਬੋਧਨ ਕਰਦੇ ਹੋਏ।

ਉਨ੍ਹਾਂ ਅੱਗੇ ਕਿਹਾ ਕਿ ਝੋਨੇ ਦੀ ਸੀਜਨ ਪੂਰੇ ਜੋਰ ਤੇ ਹੋਣ ਕਾਰਨ ਕਿਸਾਨਾਂ ਨੂੰ ਰੋਜਾਨਾਂ ਘੱਟੋ-ਘੱਟ ਅੱਠ ਘੰਟੇ ਨਿਰਵਿਘਨ ਬਿਜਲੀ ਸਪਲਾਈ ਦੀ ਬਹੁਤ ਜਿਆਦਾ ਜਰੂਰਤ ਹੈ, ਪ੍ਰੰਤੂ ਮੌਜੂਦਾ ਸਰਕਾਰ ਨੇ ਕਿਸਾਨਾਂ ਨੂੰ 8 ਘੰਟੇ ਬਿਜਲੀ ਸਪਲਾਈ ਤਾਂ ਕੀ ਦੇਣੀ ਹੈ, ਸਗੋਂ ਘਰਾਂ ਨੂੰ ਮਿਲ ਰਹੀ 24 ਘੰਟੇ ਬਿਜਲੀ ਸਪਲਾਈ ਨੂੰ ਵੀ ਲੰਬੇ ਲੰਬੇ ਕੱਟ ਲਗਾਏ ਜਾ ਰਹੇ ਹਨ, ਜਿਸ ਕਾਰਨ ਅੱਤ ਦੀ ਪੈ ਰਹੀ ਗਰਮੀ ਕਾਰਨ ਲੋਕ ਬਹੁਤ ਜਿਆਦਾ ਪਰੇਸ਼ਾਨ ਹਨ। ਇਸ ਮੌਕੇ ਬਲਾਕ ਪ੍ਰਧਾਨ ਕੁਲਵਿੰਦਰ ਸਿੰਘ ਪੂਰਬਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਝੋਨੇ ਦੇ ਸੀਜਨ ਦੌਰਾਨ ਲੱਗ ਰਹੇ ਵੱਡੇ ਵੱਡੇ ਬਿਜਲੀ ਕੱਟਾਂ ਨੇ ਕਿਸਾਨਾਂ ਦੀ ਆਰਥਿਕਤਾ ਨੂੰ ਕਾਫੀ ਖੋਰਾ ਲਾਇਆ ਹੈ, ਉਨ੍ਹਾਂ ਬਿਜਲੀ ਨਾ ਆਉਣ ਕਾਰਨ ਮਹਿੰਗੇ ਭਾਅ ਡੀਜ਼ਲ ਬਾਲ ਕੇ ਝੋਨਾ ਪਾਲਣਾ ਪੈ ਰਿਹਾ।

ਧਰਨੇ ਦੌਰਾਨ ਯੂਨੀਅਨ ਵੱਲੋਂ ਲੱਗ ਰਹੇ ਬਿਜਲੀ ਕੱਟਾਂ ਸਬੰਧੀ ਐਕਸੀਅਨ ਕੰਵਲਪ੍ਰੀਤ ਸਿੰਘ ਸਿੱਧੂ ਨੂੰ ਨਿਰਵਿਘਨ ਬਿਜਲੀ ਸਪਲਾਈ ਸਬੰਧੀ ਮੰਗ ਪੱਤਰ ਦਿੱਤਾ ਗਿਆ। ਮੰਗ ਪੱਤਰ ਪ੍ਰਾਪਤ ਕਰਕੇ ਐਕਸੀਅਨ ਨੇ ਭਰੋਸਾ ਦਿਵਾਇਆ ਕਿ ਇਸ ਸਬੰਧੀ ਉੱਚ ਅਧਿਕਾਰੀਆਂ ਨੂੰ ਭੇਜ ਕੇ ਜਲਦੀ ਹੀ ਉਨ੍ਹਾਂ ਦੇ ਮਸਲੇ ਦਾ ਹੱਲ ਕੀਤਾ ਜਾਵੇਗਾ।

ਧਰਨੇ ਮੌਕੇ ਉਪਰੋਕਤ ਤੋਂ ਇਲਾਵਾ ਕਰਮਜੀਤ ਸਿੰਘ, ਜੁਗਰਾਜ ਸਿੰਘ ਰਾਜਾ ਬਲਾਕ ਪ੍ਰਧਾਨ ਮਾਂਗਟ, ਕਰਮਜੀਤ ਸਿੰਘ ਬਲਾਕ ਮਾਛੀਵਾੜਾ ਸਾਹਿਬਠ ਮਾਛੀਵਾੜਾ ਸਾਹਿਬ, ਗੁਰਪ੍ਰੀਤ ਸਿੰਘ ਊਰਨਾ ਸਟੇਜ ਸੈਕਟਰੀ, ਜਗਦੇਵ ਸਿੰਘ ਮੁੱਤੋਂ, ਬਲਿਹਾਰ ਦੀਵਾਲਾ, ਘੋਲੀ ਬਾਬਾ ਦੀਵਾਲਾ, ਮਨਮੋਹਣ ਸਿੰਘ ਉਟਾਲਾਂ, ਬਿੱਲੂ ਉਟਾਲਾ, ਰਣਜੀਤ ਸਿੰਘ ਕਾਹਲੋ, ਮੁਖਤਿਆਰ ਸਿੰਘ ਸਰਵਰਪੁਰ, ਗੁਰਦੀਪ ਸਿੰਘ, ਬੰਤ ਬਾਬਾ ਮਾਛੀਵਾੜਾ ਸਾਹਿਬ, ਮਨਜੀਤ ਸਿੰਘ ਪਵਾਤ, ਅਵਤਾਰ ਸਿੰਘ ਘਰਖਣਾ, ਚਰਨ ਸਿੰਘ ਬਰਮਾ, ਅਮਨਦੀਪ ਸਿੰਘ ਸਰਪੰਚ, ਸੁਖਦਰਸ਼ਨ ਸਿੰਘ ਭੱਟੀਆ, ਜਸਵੀਰ ਸਿੰਘ ਗੜੀ, ਜਸਵਿੰਦਰ ਸਿੰਘ ਮੇਹਲੋਂ, ਪਰਮਜੀਤ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਯੂਨੀਅਨ ਦੇ ਵਰਕਰ ਹਾਜ਼ਰ ਸਨ।

# ਪੰਜਾਬ ਦੇ ਮੁੱਖ ਮਨਰੇਗਾ ਮਜ਼ਦੂਰਾਂ ਵੱਲੋਂ ਐਸ.ਡੀ.ਐਮ. ਰਾਹੀਂ ਮੁੱਖ ਮੰਤਰੀ ਅਤੇ ਕੇਂਦਰੀ ਲੇਬਰ ਮੰਤਰੀ ਨੂੰ ਭੇਜਿਆ ਮੰਗ ਪੱਤਰ

ਸਮਰਾਲਾ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਮਾਨਤਾ ਪ੍ਰਾਪਤ ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨ (ਸੀਟੂ) ਨਾਲ ਸਬੰਧਤ ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਪੇਂਡੂ ਅਤੇ ਖੇਤ ਮਜ਼ਦੂਰਾਂ ਦੇ ਸਾਂਝੇ ਮੰਚ ਦੇ ਸੱਦੇ ਉੱਤੇ ਐਸ.ਡੀ.ਐਮ. ਗੁਰਸਿਮਰਨਜੀਤ ਕੌਰ ਰਾਹੀਂ ਮੁੱਖ ਮੰਤਰੀ ਪੰਜਾਬ ਸਰਕਾਰ ਅਤੇ ਕੇਂਦਰੀ ਲੇਬਰ ਮੰਤਰੀ ਨੂੰ ਮਨਰੇਗਾ ਮਜ਼ਦੂਰ ਯੂਨੀਅਨ ਦੇ ਸੂਬਾਈ ਜਨਰਲ ਸਕੱਤਰ ਸਾਥੀ ਅਮਰਨਾਥ ਕੂੰਮ ਕਲਾਂ, ਸੀਟੂ ਦੇ ਸੂਬਾਈ ਮੀਤ ਪ੍ਰਧਾਨ ਪਰਮਜੀਤ ਸਿੰਘ ਨੀਲੋਂ, ਜਿਲਾ ਸਕੱਤਰ ਹਨੂੰਮਾਨ ਪ੍ਰਸ਼ਾਦਿ ਦੂਬੇ, ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ ਦੇ ਸਕੱਤਰ ਬੀਬੀ ਗੁਰਮੀਤ ਕੌਰ ਰੂਪਾ, ਕਰਮਜੀਤ ਭੌਰਲਾ, ਹਰੀ ਰਾਮ ਭੱਟੀ, ਭਜਨ ਸਿੰਘ ਸਾਬਕਾ ਪ੍ਰਧਾਨ ਨਗਰ ਕੌਂਸਲ ਸਮਰਾਲਾ ਦੀ ਅਗਵਾਈ ਵਿੱਚ ਮੰਗ ਪੱਤਰ ਭੇਜਿਆ ਗਿਆ। ਮਨਰੇਗਾ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂਆਂ ਨੇ ਮੰਗ ਕੀਤੀ ਕਿ ਮਨਰੇਗਾ ਕਾਨੂੰਨ 2005 ਬਹਾਲ ਕੀਤਾ ਜਾਵੇ, ਵੀ.ਬੀ. ਜੀ.ਰਾਮ.ਜੀ ਰੱਦ ਕੀਤਾ ਜਾਵੇ, ਮਨਰੇਗਾ ਮਜ਼ਦੂਰਾਂ ਨੂੰ ਸਾਲ ਵਿੱਚ ਘੱਟੋ- ਘੱਟ 200 ਦਿਨ ਕੰਮ ਦਿੱਤਾ ਜਾਵੇ, 700 ਰੁਪਏ ਦਿਹਾੜੀ ਦਿੱਤੀ ਜਾਵੇ, ਪਿਛਲੇ ਸਮੇਂ ਦੌਰਾਨ ਮਜ਼ਦੂਰਾਂ ਵੱਲੋਂ ਕੀਤੇ ਕੰਮਾਂ ਦਾ ਬਕਾਇਆ ਤੁਰੰਤ ਅਦਾ ਕੀਤਾ ਜਾਵੇ, ਸ਼ਹਿਰਾਂ ਵਿੱਚ ਵੀ ਮਨਰੇਗਾ ਵਰਗਾ ਕਾਨੂੰਨ ਬਣਾ ਕੇ ਮਜ਼ਦੂਰਾਂ ਨੂੰ ਕੰਮ ਦਿੱਤਾ ਜਾਵੇ। ਪੇਂਡੂ, ਮਨਰੇਗਾ, ਖੇਤ ਮਜ਼ਦੂਰਾਂ ਨੂੰ 10,000 ਹਜ਼ਾਰ ਰੁਪਏ ਪੈਨਸ਼ਨ ਦਿੱਤੀ ਜਾਵੇ। ਸੰਵਿਧਾਨ ਦੀ ਧਾਰਾ 37 ਤੋਂ ਲੈ ਕੇ 51 ਤੱਕ ਕੰਮ ਦਾ ਮੌਲਿਕ ਅਧਿਕਾਰ, ਸਿਹਤ ਸੰਭਾਲ, ਪਾਣੀ ਪੀਣ ਦਾ ਅਧਿਕਾਰ, ਰਾਈਟ ਟੂ ਇਨਫੋਰਮੇਸ਼ਨ, ਰਾਈਟ ਟੂ ਹੈਲਥ ਰਾਈਟ ਵਰਕ, ਜੀਣ ਦੇ ਅਧਿਕਾਰਾਂ ਦੀ ਰਾਖੀ ਕੀਤੀ ਜਾਵੇ। ਸੀਟੂ ਆਗੂਆਂ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਦਸੰਬਰ 2025 ਵਿੱਚ ਵਿਧਾਨ ਸਭਾ ਅਜਲਾਸ ਦੌਰਾਨ ਸਰਬ ਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਸੀ ਕਿ ਪੰਜਾਬ ਵਿੱਚ ਜੀ.ਰਾਮ.ਜੀ.ਲਾਗੂ ਨਹੀਂ ਕੀਤਾ ਜਾਵੇਗਾ ਅਤੇ ਮਨਰੇਗਾ ਕਾਨੂੰਨ ਬਹਾਲ ਰੱਖਿਆ ਜਾਵੇਗਾ।

ਉਨ੍ਹਾਂ ਹੈਰਾਨੀ ਪ੍ਰਗਟ ਕਰਦਿਆਂ ਕਿਹਾ ਕਿ ਮਾਨ ਸਰਕਾਰ ਨੇ ਦੋਗਲੀ ਨੀਤੀ ਕਿਉਂ ਅਪਣਾ ਲਈ, ਭਗਵੰਤ ਮਾਨ ਦੀ ਅਜਿਹੀ ਕਿਹੜੀ ਮਜਬੂਰੀ ਹੋ ਗਈ ਕਿ ਪੰਜਾਬ ਦੀਆਂ ਵਿਰੋਧੀ ਪਾਰਟੀਆਂ ਅਤੇ ਮਨਰੇਗਾ ਮਜ਼ਦੂਰਾਂ ਦੀਆਂ ਜੱਥੇਬੰਦੀਆਂ ਨਾਲ ਸਲਾਹ ਮਸ਼ਵਰਾ ਕੀਤੇ ਬਿਨਾਂ ਹੀ 26 ਜੂਨ 2026 ਨੂੰ ਵਿਕਸਤ ਭਾਰਤ ਜੀ.ਰਾਮ.ਜੀ. 4 ਜੁਲਾਈ 2026 ਨੂੰ ਲਾਗੂ ਕਰਨ ਦਾ ਮਜ਼ਦੂਰ ਵਿਰੋਧੀ ਨੋਟੀਫਿਕੇਸ਼ਨ ਕੱਢ ਮਾਰਿਆ ਹੈ। ਮਨਰੇਗਾ ਮਜ਼ਦੂਰ ਮਾਨ ਸਰਕਾਰ ਦੀ ਇਸ ਧੱਕੇਸ਼ਾਹੀ ਨੂੰ ਬਰਦਾਸ਼ਤ ਨਹੀਂ ਕਰਨਗੇ। ਕਿਉਂ ਕਿ ਮਨਰੇਗਾ ਕਾਨੂੰਨ 2005 ਤਹਿਤ ਸੂਬਾ ਸਰਕਾਰ ਸਿਰਫ਼ 10% ਹੀ ਹਿੱਸਾ ਪਾਉਂਦੀ ਸੀ। ਫਿਰ ਵੀ 100 ਦਿਨ ਪੂਰਾ ਕੰਮ ਨਹੀਂ ਦਿੱਤਾ ਜਾਂਦਾ ਸੀ। ਪ੍ਰੰਤੂ ਹੁਣ ਜੀ.ਰਾਮ.ਜੀ. ਸੂਬਾ ਸਰਕਾਰਾਂ ਨੂੰ 40% ਹਿੱਸਾ ਪਾਉਣ ਦੀ ਹਦਾਇਤ ਕਰ ਰਿਹਾ ਹੈ। ਇਹ ਹੀ ਨਹੀਂ ਬੇਰੁਜ਼ਗਾਰੀ ਭੱਤਾ ਪਹਿਲਾਂ ਕੇਂਦਰ ਸਰਕਾਰ ਵੱਲੋਂ ਹੀ ਅਦਾ ਕੀਤਾ ਜਾਂਦਾ ਸੀ। ਮੌਜੂਦਾ ਜੀ. ਰਾਮ. ਜੀ.ਕਾਨੂੰਨ ਨੇ ਇਹ ਭਾਰ ਵੀ ਸੂਬਾ ਸਰਕਾਰ ਉੱਤੇ ਲੱਦ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕੇਂਦਰ ਲੇਬਰ ਮੰਤਰੀ ਅਤੇ ਪੰਜਾਬ ਦੇ ਮੁੱਖ ਮੰਤਰੀ ਨੇ ਮਨਰੇਗਾ ਕਾਨੂੰਨ ਨੂੰ ਖ਼ਤਮ ਕਰਕੇ ਜੀ.ਰਾਮ.ਜੀ. ਜੋ ਮਜ਼ਦੂਰਾਂ ਦੇ ਹੱਥ ਚੋਂ ‘ਰੋਟੀ ਖੋਹ ਕੇ, ਬੇਰੁਜ਼ਗਾਰੀ ਦਾ ਖਾਜਾ’ ਬਣਾਏਗਾ ਉਸ ਵਿਰੁੱਧ ਪੜਾਅ ਵਾਰ ਸੰਘਰਸ਼ ਸ਼ੁਰੂ ਕੀਤਾ ਜਾਵੇਗਾ।

ਕੌਮੀ ਪੱਤ੍ਰਿਕਾ

# ਰੂਸ ਵੱਲੋਂ ਕੀਵ 'ਤੇ ਸਾਲ ਦਾ ਸਭ ਤੋਂ ਭਿਆਨਕ ਹਮਲਾ; ਘੱਟੋ-ਘੱਟ 27 ਮੌਤਾਂ, 91 ਜ਼ਖ਼ਮੀ

ਕੀਵ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਰੂਸ ਨੇ ਅੱਜ ਤੜਕੇ ਯੂਕਰੇਨ ਦੀ ਰਾਜਧਾਨੀ ਕੀਵ 'ਤੇ ਸੈਂਕੜੇ ਡਰੋਨਾਂ ਅਤੇ ਦਰਜਨਾਂ ਮਿਜ਼ਾਈਲਾਂ ਨਾਲ ਹਮਲਾ ਕੀਤਾ, ਜਿਸ ਵਿੱਚ ਘੱਟੋ-ਘੱਟ 27 ਲੋਕਾਂ ਦੀ ਮੌਤ ਹੋ ਗਈ ਅਤੇ 91 ਹੋਰ ਜ਼ਖ਼ਮੀ ਹੋ ਗਏ। ਇਹ ਇਸ ਸਾਲ ਰਾਜਧਾਨੀ 'ਤੇ ਹੋਇਆ ਸਭ ਤੋਂ ਘਾਤਕ ਹਮਲਾ ਹੈ। ਰਾਤ ਭਰ ਹੋਏ ਇਨ੍ਹਾਂ ਧਮਾਕਿਆਂ ਨੇ ਪੂਰੇ ਸ਼ਹਿਰ ਨੂੰ ਹਿਲਾ ਕੇ ਰੱਖ ਦਿੱਤਾ, ਜਿਸ ਕਾਰਨ ਲਗਪਗ 130 ਇਮਾਰਤਾਂ ਨੂੰ ਭਾਰੀ ਨੁਕਸਾਨ ਪਹੁੰਚਿਆ ਹੈ। ਕੀਵ ਦੇ ਫੌਜੀ ਪ੍ਰਸ਼ਾਸਨ ਦੇ ਮੁਖੀ ਤਿਮੁਰ ਤਚੇਂਕੋ ਨੇ ਦੱਸਿਆ ਕਿ ਰਾਹਤ ਕਾਰਜ ਲਗਾਤਾਰ ਜਾਰੀ ਹਨ ਅਤੇ ਮਲਬੇ ਹੇਠਾਂ ਹੋਰ ਲੋਕਾਂ ਦੇ ਦੱਬੇ ਹੋਣ ਦਾ ਖਦਸ਼ਾ ਹੈ, ਜਿਸ ਕਾਰਨ ਮੌਤਾਂ ਦੀ ਗਿਣਤੀ ਵਧ ਸਕਦੀ ਹੈ।



ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ, ਜੋ ਆਪਣਾ ਆਇਰਲੈਂਡ ਦਾ ਦੌਰਾ ਅੱਧ ਵਿਚਾਲੇ ਛੱਡ ਕੇ ਵਾਪਸ ਪਰਤੇ, ਨੇ ਤਬਾਹੀ ਵਾਲੀ ਥਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਇਸ ਵਿਆਪਕ ਤਬਾਹੀ ਲਈ ਸਹਿਯੋਗੀ ਦੇਸ਼ਾਂ ਵੱਲੋਂ ਸਮੇਂ ਸਿਰ ਹਵਾਈ ਸੁਰੱਖਿਆ ਪ੍ਰਣਾਲੀਆਂ ਪ੍ਰਦਾਨ ਕਰਨ ਵਿੱਚ ਅਸਫਲਤਾ ਨੂੰ ਜ਼ਿੰਮੇਵਾਰ ਠਹਿਰਾਇਆ। ਉਨ੍ਹਾਂ ਕਿਹਾ ਕਿ ਜੇ ਭਾਈਵਾਲਾਂ ਨੇ ਆਪਣੇ ਵਾਅਦੇ ਸਮੇਂ ਸਿਰ ਪੂਰੇ ਕੀਤੇ ਹੁੰਦੇ, ਤਾਂ ਅੱਜ ਅਸੀਂ ਹੋਰ ਘਰ ਅਤੇ ਜਾਨਾਂ ਬਚਾ ਸਕਦੇ ਸੀ। ਯੂਕਰੇਨੀ ਹਵਾਈ ਫੌਜ ਨੇ ਦੱਸਿਆ ਕਿ ਰੂਸ ਨੇ ਰਾਤ ਭਰ ਵਿੱਚ 74 ਮਿਜ਼ਾਈਲਾਂ ਅਤੇ 496 ਡਰੋਨ ਦਾਗੇ, ਜਿਨ੍ਹਾਂ ਵਿੱਚ ਬੈਲਿਸਟਿਕ ਮਿਜ਼ਾਈਲਾਂ ਦੀ ਗਿਣਤੀ ਅਸਧਾਰਨ ਤੌਰ 'ਤੇ ਜ਼ਿਆਦਾ ਸੀ।

ਰੂਸੀ ਰੱਖਿਆ ਮੰਤਰਾਲੇ ਨੇ ਦਾਅਵਾ ਕੀਤਾ ਕਿ ਉਨ੍ਹਾਂ ਦਾ ਵੱਡੇ ਪੱਧਰ ਦਾ ਹਮਲਾ ਫੌਜੀ ਟਿਕਾਣਿਆਂ, ਊਰਜਾ ਸਹੂਲਤਾਂ ਅਤੇ ਹਵਾਈ ਅੱਡਿਆਂ ਨੂੰ ਨਿਸ਼ਾਨਾ ਬਣਾਉਣ ਲਈ ਸੀ। ਮਾਸਕੋ ਦਾ ਕਹਿਣਾ ਹੈ ਕਿ ਇਹ ਹਮਲੇ ਰੂਸੀ ਖੇਤਰ ਵਿੱਚ ਕੀਤੇ ਗਏ ਯੂਕਰੇਨੀ ਡਰੋਨ ਹਮਲਿਆਂ ਦਾ ਬਦਲਾ ਸਨ। ਇਸ ਹਮਲੇ ਵਿੱਚ ਕੀਵ ਸਥਿਤ ਯੂਕਰੇਨੀ ਰੈੱਡ ਕਰਾਸ ਦਾ ਮਾਨਵਤਾਵਾਦੀ ਗੁਦਾਮ ਵੀ ਪੂਰੀ ਤਰ੍ਹਾਂ ਤਬਾਹ ਹੋ ਗਿਆ, ਜਿਸ ਨਾਲ ਕਰੀਬ 3,20,000 ਰਾਹਤ ਸਮੱਗਰੀਆਂ ਨਸ਼ਟ ਹੋ ਗਈਆਂ, ਜੋ ਯੂਕਰੇਨ ਭਰ ਵਿੱਚ ਸੰਕਟਕਾਲੀਨ ਸੇਵਾਵਾਂ ਲਈ ਵਰਤੀਆਂ ਜਾਣੀਆਂ ਸਨ।

ਕੀਵ ਦੇ ਮੇਅਰ ਵਿਟਾਲੀ ਕਲਿਚਕੋ ਨੇ ਸ਼ੁੱਕਰਵਾਰ ਨੂੰ ਸ਼ਹਿਰ ਵਿੱਚ ਇੱਕ ਦਿਨ ਦੇ ਸੋਗ ਦਾ ਐਲਾਨ ਕੀਤਾ ਹੈ। ਯੂਰਪੀ ਸੰਘ ਦੀ ਵਿਦੇਸ਼ ਨੀਤੀ ਮੁਖੀ ਕਾਜਾ ਕਲਾਸ ਨੇ ਇਸ ਹਮਲੇ ਦੀ ਸਖ਼ਤ ਨਿੰਦਾ ਕਰਦਿਆਂ ਰੂਸੀ ਫੌਜੀ-ਉਦਯੋਗਿਕ ਕੰਪਲੈਕਸ ਨਾਲ ਜੁੜੇ ਅਦਾਰਿਆਂ 'ਤੇ ਨਵੀਆਂ ਪਾਬੰਦੀਆਂ ਲਗਾਉਣ ਦੀ ਤਜਵੀਜ਼ ਰੱਖੀ ਹੈ।

ਇਸੇ ਦੌਰਾਨ ਸੰਯੁਕਤ ਰਾਸ਼ਟਰ ਦੇ ਸਕੱਤਰ-ਜਨਰਲ ਐਂਟੋਨੀਓ ਗੁਟੇਰੇਸ ਨੇ ਇਸ ਨੂੰ ਆਬਾਦੀ ਵਾਲੇ ਇਲਾਕਿਆਂ 'ਤੇ ਹਮਲਿਆਂ ਦਾ ਇੱਕ ÷ਘਾਤਕ ਪੈਟਰਨ÷ ਕਰਾਰ ਦਿੱਤਾ ਹੈ। ਜ਼ੇਲੇਂਸਕੀ ਨੇ ਦੁਹਰਾਇਆ ਕਿ ਅਗਲੇ ਹਫ਼ਤੇ ਤੁਰਕੀ ਵਿੱਚ ਹੋਣ ਵਾਲੇ ਨਾਟੋ ਸੰਮੇਲਨ ਵਿੱਚ ਹਵਾਈ ਸੁਰੱਖਿਆ ਪ੍ਰਣਾਲੀਆਂ ਦੀ ਮਜ਼ਬੂਤੀ ਇੱਕ ਮੁੱਖ ਵਿਸ਼ਾ ਹੋਵੇਗਾ। ਉਨ੍ਹਾਂ ਕਿਹਾ ਕਿ ਯੂਰਪ ਨੂੰ ਰੂਸੀ ਖਤਰਿਆਂ ਤੋਂ ਬਚਣ ਲਈ ਆਪਣੀ ਰੱਖਿਆ ਸਮਰੱਥਾ ਨੂੰ ਮਜ਼ਬੂਤ ਕਰਨਾ ਹੋਵੇਗਾ। ਇਸ ਦੌਰਾਨ, ਪੋਲੈਂਡ ਅਤੇ ਫਿਨਲੈਂਡ ਨੇ ਵੀ ਆਪਣੀ ਸੁਰੱਖਿਆ ਦੇ ਮੱਦੇਨਜ਼ਰ ਚੌਕਸੀ ਵਧਾ ਦਿੱਤੀ ਹੈ।

# ਸ਼੍ਰੋਮਣੀ ਕਮੇਟੀ ਵੱਲੋਂ ਮੁੱਖ ਮੰਤਰੀ ਖ਼ਿਲਾਫ਼ ਪੰਜਾਬ ਪੁਲਿਸ ਕੋਲ ਲਿਖਤੀ ਸ਼ਿਕਾਇਤ



ਚੰਡੀਗੜ੍ਹ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਵਿਵਾਦਿਤ ਵੀਡੀਓ ਦੇ ਮਾਮਲੇ 'ਚ ਡੀਜੀਪੀ ਪੰਜਾਬ ਨੂੰ ਲਿਖਤੀ ਸ਼ਿਕਾਇਤ ਸੌਂਪ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖ਼ਿਲਾਫ਼ ਪਰਚਾ ਦਰਜ ਕੀਤੇ ਜਾਣ ਦੀ ਮੰਗ ਕੀਤੀ ਹੈ। ਸ਼੍ਰੋਮਣੀ ਕਮੇਟੀ ਦੇ ਉੱਚ ਪੱਧਰੀ ਵਫ਼ਦ ਨੇ ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲੀਸ ਏ.ਐੱਸ. ਰਾਏ ਨੂੰ ਇਹ ਸ਼ਿਕਾਇਤ ਦੇ ਕੇ ਮੁੱਖ ਮੰਤਰੀ ਖ਼ਿਲਾਫ਼ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ।

ਸ਼੍ਰੋਮਣੀ ਕਮੇਟੀ ਵੱਲੋਂ ਦਿੱਤੀ ਸ਼ਿਕਾਇਤ ਵਿਚ ਕਿਹਾ ਗਿਆ ਹੈ ਕਿ ਵਿਵਾਦਿਤ ਵੀਡੀਓ ਕਾਰਨ ਦੇਸ਼ ਵਿਦੇਸ਼ 'ਚ ਵੱਸਦੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਸੱਟ ਵੱਜੀ ਹੈ। ਵਫ਼ਦ ਨੇ ਕਿਹਾ ਕਿ ਇਸ ਗੰਭੀਰ ਮਾਮਲੇ ਨੂੰ ਦਬਾਉਣ ਲਈ ਕਥਿਤ ਤੌਰ 'ਤੇ ਜਾਅਲੀ ਫੋਰੈਂਸਿਕ ਰਿਪੋਰਟ ਤਿਆਰ ਕਰਵਾਉਣ ਦੀ ਵੀ ਸਾਜ਼ਿਸ਼ ਰਚੀ ਗਈ, ਜਿਸ ਸਬੰਧੀ ਹਰਿਆਣਾ 'ਚ ਗੁਰੂ ਗ੍ਰਾਮ ਦੇ ਡੀ.ਐੱਲ.ਐੱਫ. ਥਾਣੇ ਵਿਚ ਸਬੰਧਿਤ ਵਿਅਕਤੀਆਂ ਵਿਰੁੱਧ ਐੱਫ਼ਆਈ ਆਰ. ਵੀ ਦਰਜ ਹੋ ਚੁੱਕੀ ਹੈ।

ਵਫ਼ਦ ਨੇ ਮੰਗ ਕੀਤੀ ਕਿ ਇਹ ਬੇਹੱਦ ਗੰਭੀਰ ਮਾਮਲਾ ਹੈ, ਜਿਸ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖ਼ਿਲਾਫ਼ ਤੁਰੰਤ ਐੱਫ਼ ਆਈ ਆਰ. ਦਰਜ ਕਰਕੇ ਨਿਰਪੱਖ ਜਾਂਚ ਕੀਤੀ ਜਾਵੇ ਅਤੇ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇ, ਤਾਂ ਜੋ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਅਤੇ ਕਾਨੂੰਨ ਦੀ ਮਰਿਆਦਾ ਬਰਕਰਾਰ ਰਹੇ।

ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਡੀਜੀਪੀ ਦਫ਼ਤਰ ਦੇ ਬਾਹਰ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੀ 27 ਜੂਨ 2026 ਨੂੰ ਹੋਈ ਜਨਰਲ ਇਕੱਤਰਤਾ ਵਿਚ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਅੰਤ੍ਰਿੰਗ ਕਮੇਟੀ ਨੂੰ ਇਸ ਮਾਮਲੇ ਵਿਚ ਕਾਨੂੰਨੀ ਕਾਰਵਾਈ ਕਰਨ ਦਾ ਅਧਿਕਾਰ ਦਿੱਤਾ ਗਿਆ ਸੀ। ਉਸੇ ਮਤੇ ਦੇ ਮੱਦੇਨਜ਼ਰ ਅੱਜ ਡੀ.ਜੀ.ਪੀ. ਪੰਜਾਬ ਦੇ ਨਾਂ ਸ਼ਿਕਾਇਤ ਸੌਂਪੀ ਗਈ ਹੈ। ਮੁੱਖ ਸਕੱਤਰ ਨੇ ਕਿਹਾ ਕਿ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਮਾਮਲਾ ਜੁੜਿਆ ਹੋਣ ਕਰਕੇ ਕਾਨੂੰਨ ਅਨੁਸਾਰ ਕਾਰਵਾਈ ਯਕੀਨੀ ਬਣਾਈ ਜਾਣੀ ਚਾਹੀਦੀ ਹੈ।

ਸ਼੍ਰੋਮਣੀ ਕਮੇਟੀ ਦੇ ਵਫ਼ਦ 'ਚ ਜੂਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸੁਰਜੀਤ ਸਿੰਘ ਤੁਗਲਵਾਲ, ਸੁਰਜੀਤ ਸਿੰਘ ਕੰਗ, ਦਲਜੀਤ ਸਿੰਘ ਭਿੰਡਰ, ਬਲਦੇਵ ਸਿੰਘ ਕਾਇਮਪੁਰ, ਮਹਿੰਦਰ ਸਿੰਘ ਖਾਪੜਖੇੜੀ, ਵਧੀਕ ਸਕੱਤਰ ਲਖਬੀਰ ਸਿੰਘ, ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ ਸ਼ਾਮਲ ਸਨ।

# ਕੌਮਾਂਤਰੀ ਗੀਤਾ ਮਹੋਤਸਵ ਜਾਪਾਨ ਭਾਰਤ-ਜਾਪਾਨ ਦੇ ਸੱਭਿਆਚਾਰਕ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦਾ ਕੰਮ ਕਰੇਗਾ : ਨਾਇਬ ਸਿੰਘ ਸੈਣੀ

ਚੰਡੀਗੜ੍ਹ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਹਾਲ ਹੀ ਵਿੱਚ ਜਾਪਾਨ ਵਿੱਚ ਹੋਏ ਕੌਮਾਂਤਰੀ ਗੀਤਾ ਮਹੋਤਸਵ ਪ੍ਰੋਗਰਾਮ ਦੇ ਸਫ਼ਲ ਆਯੋਜਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਮਹੋਤਸਵ ਭਾਰਤ-ਜਾਪਾਨ ਦੇ ਸੱਭਿਆਚਾਰਕ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦਾ ਕੰਮ ਕਰੇਗਾ। ਉਨ੍ਹਾਂ ਨੇ ਕੁਰੂਕਸ਼ੇਤਰ ਵਿੱਚ ਆਯੋਜਿਤ ਹੋਣ ਵਾਲੇ ਕੌਮਾਂਤਰੀ ਗੀਤਾ ਮਹੋਤਸਵ ਵਿੱਚ ਜਾਪਾਨ ਦੇ ਵਫ਼ਦ ਨੂੰ



ਵਿਸ਼ੇਸ਼ ਤੌਰ 'ਤੇ ਸੱਦਾ ਦੇਣ ਅਤੇ ਦੋਵਾਂ ਦੇਸ਼ਾਂ ਵਿਚਕਾਰ ਸੱਭਿਆਚਾਰਕ ਅਤੇ ਵਿਦਿਅਕ ਆਦਾਨ-ਪ੍ਰਦਾਨ ਨੂੰ ਹੋਰ ਮਜ਼ਬੂਤੀ ਦੇਣ ਲਈ ਲੋੜੀਂਦੇ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ।

ਸ਼ੁੱਕਰਵਾਰ ਨੂੰ ਮੁੱਖ ਮੰਤਰੀ ਨਿਵਾਸ 'ਤੇ ਮੁੱਖ ਮੰਤਰੀ ਨੂੰ ਕੌਮਾਂਤਰੀ ਗੀਤਾ ਮਹੋਤਸਵ-ਜਾਪਾਨ ਦੀ ਵਿਸਤ੍ਰਿਤ ਰਿਪੋਰਟ (ਡਿਟੇਲ ਰਿਪੋਰਟ) ਪੇਸ਼ ਕੀਤੀ ਗਈ। ਇਹ ਰਿਪੋਰਟ ਗੀਤਾ ਮਨੀਸ਼ੀ ਸਵਾਮੀ ਗਿਆਨਾਨੰਦ ਜੀ ਮਹਾਰਾਜ ਦੀ ਗਰਿਮਾਮਈ ਹਾਜ਼ਰੀ ਵਿੱਚ ਕੁਰੂਕਸ਼ੇਤਰ ਵਿਕਾਸ ਬੋਰਡ ਦੇ ਮੈਂਬਰ ਸਕੱਤਰ ਡਾ. ਅਮਿਤ ਅਗਰਵਾਲ, ਆਨਰੇਰੀ ਸਕੱਤਰ ਉਪੇਂਦਰ ਸਿੰਘਲ ਅਤੇ ਕੌਮਾਂਤਰੀ ਗੀਤਾ ਜਯੰਤੀ ਮੇਲਾ ਅਥਾਰਟੀ ਦੇ ਮੈਂਬਰ ਵਿਜੇ ਨਰੂਲਾ ਵੱਲੋਂ ਪੇਸ਼ ਕੀਤੀ ਗਈ।

ਵਫ਼ਦ ਨੇ ਮੁੱਖ ਮੰਤਰੀ ਨੂੰ ਜਾਣੂ ਕਰਵਾਇਆ ਕਿ 18 ਤੋਂ 23 ਜੂਨ 2026 ਤੱਕ ਜਾਪਾਨ ਵਿੱਚ ਆਯੋਜਿਤ ਸੱਤਵੇਂ ਕੌਮਾਂਤਰੀ ਗੀਤਾ ਮਹੋਤਸਵ ਦੇ ਅੰਤਰਗਤ ਕੁੱਲ 18 ਵੱਖ-ਵੱਖ ਪ੍ਰੋਗਰਾਮਾਂ ਦਾ ਸਫ਼ਲ ਆਯੋਜਨ ਕੀਤਾ ਗਿਆ। ਮਹੋਤਸਵ ਦਾ ਮੁੱਖ ਉਦੇਸ਼ ਜਾਪਾਨ ਵਿੱਚ ਸ਼੍ਰੀਮਦ ਭਗਵਦ ਗੀਤਾ ਦੇ ਵਿਸ਼ਵਵਿਆਪੀ ਸੰਦੇਸ਼ ਦਾ ਪ੍ਰਚਾਰ-ਪ੍ਰਸਾਰ, ਵਿਦਿਅਕ ਅਤੇ ਸੱਭਿਆਚਾਰਕ ਸਹਿਯੋਗ ਨੂੰ ਵਧਾਉਣਾ ਅਤੇ ਭਾਰਤ, ਖਾਸ ਤੌਰ 'ਤੇ ਕੁਰੂਕਸ਼ੇਤਰ, ਅਤੇ ਜਾਪਾਨ ਵਿਚਕਾਰ ਸੱਭਿਆਚਾਰਕ ਸਬੰਧਾਂ ਨੂੰ ਹੋਰ ਮਜ਼ਬੂਤ ਕਰਨਾ ਸੀ।

ਮਹੋਤਸਵ ਦੌਰਾਨ ਜਾਪਾਨ ਦੀ ਹਾਊਸ ਆਫ਼ ਕੌਂਸਲਰਸ , ਆਈ.ਡੀ.ਪੀ. ਹੈੱਡਕੁਆਰਟਰ, ਓਸਾਕਾ ਅਸੈਂਬਲੀ ਅਤੇ ਜਾਪਾਨ ਦੇ ਸਾਬਕਾ ਪ੍ਰਧਾਨ ਮੰਤਰੀ ਨੂੰ ਸ਼੍ਰੀਮਦ ਭਗਵਦ ਗੀਤਾ ਭੇਂਟ ਕੀਤੀ ਗਈ। ਟੋਕੀਓ ਯੂਨੀਵਰਸਿਟੀ ਵਿੱਚ ਕੌਮਾਂਤਰੀ ਗੀਤਾ ਸੰਗੋਸ਼ਠੀ ਦਾ ਆਯੋਜਨ ਹੋਇਆ, ਜਿਸ ਵਿੱਚ ਗੀਤਾ ਦੇ ਵਿਸ਼ਵਵਿਆਪੀ ਸੰਦੇਸ਼ ਅਤੇ ਸਮਕਾਲੀ ਪ੍ਰਸੰਗਿਕਤਾ 'ਤੇ ਵਿਆਪਕ ਵਿਚਾਰ-ਚਰਚਾ ਕੀਤੀ ਗਈ। ਇਸ ਤੋਂ ਇਲਾਵਾ ਭਾਰਤ-ਜਾਪਾਨ ਦੀਆਂ ਸੱਭਿਆਚਾਰਕ ਸਮਾਨਤਾਵਾਂ 'ਤੇ ਆਧਾਰਿਤ ਇੱਕ ਵਿਸ਼ੇਸ਼ ਪ੍ਰਦਰਸ਼ਨੀ, ਵਿਭਿੰਨ ਸੱਭਿਆਚਾਰਕ ਪ੍ਰੋਗਰਾਮ, ਗੀਤਾ ਯੱਗ, ਗਲੋਬਲ ਗੀਤਾ ਪਾਠ, ਗੀਤਾ ਸਦਭਾਵਨਾ ਯਾਤਰਾ ਅਤੇ ਅਰਿਕਾਵਾ ਨਦੀ ਤੱਟ 'ਤੇ ਭਵਯ ਗੀਤਾ ਆਰਤੀ ਦਾ ਆਯੋਜਨ ਵੀ ਕੀਤਾ ਗਿਆ। ਮਹੋਤਸਵ ਦਾ ਇੱਕ ਮੁੱਖ ਆਕਰਸ਼ਣ ਜਾਪਾਨ ਦੀ ਪ੍ਰਸਿੱਧ ਕਾਬੂਕੀ ਰੰਗਮੰਚ ਸ਼ੈਲੀ ਰਾਹੀਂ ਲਗਭਗ 40 ਮਿੰਟ ਦੀ ਗੀਤਾ ਪੇਸ਼ਕਾਰੀ ਰਹੀ, ਜਿਸ ਨੂੰ ਵੱਡੀ ਗਿਣਤੀ ਵਿੱਚ ਜਾਪਾਨੀ ਨਾਗਰਿਕਾਂ ਨੇ ਉਤਸ਼ਾਹਪੂਰਵਕ ਦੇਖਿਆ ਅਤੇ ਸਰਾਹਿਆ।

ਵਫ਼ਦ ਨੇ ਜਾਪਾਨ ਦੀ ਪ੍ਰਾਚੀਨ ਅਤੇ ਪ੍ਰਤਿਸ਼ਠਾਵਾਨ ਓਟਨੀ ਯੂਨੀਵਰਸਿਟੀ (ਓਸਾਕਾ) ਦਾ ਵੀ ਦੌਰਾ ਕੀਤਾ। ਯੂਨੀਵਰਸਿਟੀ ਦੀ ਵਾਈਸ ਚਾਂਸਲਰ ਨਾਲ ਭਾਰਤ, ਖਾਸ ਤੌਰ 'ਤੇ ਕੁਰੂਕਸ਼ੇਤਰ, ਅਤੇ ਜਾਪਾਨ ਵਿਚਕਾਰ ਵਿਦਿਅਕ ਅਤੇ ਸੱਭਿਆਚਾਰਕ ਆਦਾਨ-ਪ੍ਰਦਾਨ ਨੂੰ ਵਧਾਉਣ।

# ਚੰਡੀਗੜ੍ਹ ਰੈੱਡ ਕਰਾਸ ਨੇ 'ਰੈੱਡ ਕਰਾਸ ਪੰਛੀ ਬਸੇਰਾ' ਪੰਛੀ ਭਲਾਈ ਪ੍ਰੋਗਰਾਮ ਸ਼ੁਰੂ ਕੀਤਾ



ਚੰਡੀਗੜ੍ਹ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਚੰਡੀਗੜ੍ਹ ਰੈੱਡ ਕਰਾਸ ਸੋਸਾਇਟੀ ਨੇ ਇਨਫੋਸਿਸ ਫਾਊਂਡੇਸ਼ਨ ਰੈੱਡ ਕਰਾਸ ਸਰਾਏ ਵਿਖੇ ਆਪਣੀ ਪੰਛੀ ਭਲਾਈ ਪਹਿਲ, ਰੈੱਡ ਕਰਾਸ ਪੰਛੀ ਬਸੇਰਾ ਦੀ ਸ਼ੁਰੂਆਤ ਕੀਤੀ। ਇਸ ਅਨੂਠੀ ਪਹਿਲ ਦਾ ਉਦਘਾਟਨ ਸ਼੍ਰੀ ਨਿਸ਼ਾਂਤ ਕੁਮਾਰ ਯਾਦਵ, ਆਈਏਐੱਸ, ਡਿਪਟੀ ਕਮਿਸ਼ਨਰ-ਅਤੇ-ਚੇਅਰਮੈਨ, ਚੰਡੀਗੜ੍ਹ ਰੈੱਡ ਕਰਾਸ ਅਤੇ ਸ਼੍ਰੀ ਅਮਨਦੀਪ ਸਿੰਘ, ਪੀਸੀਐੱਸ, ਸਕੱਤਰ, ਚੰਡੀਗੜ੍ਹ ਰੈੱਡ ਕਰਾਸ ਨੇ ਕੀਤਾ। ਇਹ ਪਹਿਲ ਚੰਡੀਗੜ੍ਹ ਰੈੱਡ ਕਰਾਸ ਦੀ ਨੋਡਲ ਅਫ਼ਸਰ ਸੁਸ਼੍ਰੀ ਪੂਨਮ ਮਲਿਕ ਦੇ ਪ੍ਰਯਾਸਾਂ ਨਾਲ ਸ਼ੁਰੂ ਕੀਤੀ ਗਈ। ਇਸ ਅਵਸਰ 'ਤੇ ਐੱਸਡੀਐੱਮ (ਪੂਰਬ) ਸ਼੍ਰੀ ਪਵਿੱਤਰ ਸਿੰਘ, ਪੀਸੀਐੱਸ; ਇਨਫੋਸਿਸ ਫਾਊਂਡੇਸ਼ਨ ਦੇ ਸ਼੍ਰੀ ਪਿਯੂਸ਼; ਅਤੇ ਚੰਡੀਗੜ੍ਹ ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਦੇ ਪ੍ਰਧਾਨ ਸ਼੍ਰੀ ਐੱਸ.ਸੀ. ਅਗਰਵਾਲ ਵੀ ਉਪਸਥਿਤ ਰਹੇ।

ਇਸ ਪਹਿਲ ਦਾ ਉਦੇਸ਼ ਸ਼ਹਿਰ ਭਰ ਵਿੱਚ ਪੰਛੀਆਂ ਲਈ ਸੁਰੱਖਿਅਤ ਆਲ੍ਹਣੇ ਬਣਾਉਣਾ, ਦਾਣਾ ਅਤੇ ਸਵੱਛ ਪੀਣ ਵਾਲੇ ਪਾਣੀ ਦੀ ਵਿਵਸਥਾ ਉਪਲਬਧ ਕਰਵਾਉਣਾ ਹੈ। ਪਹਿਲੇ ਪੜਾਅ ਵਿੱਚ ਇਨਫੋਸਿਸ ਫਾਊਂਡੇਸ਼ਨ ਰੈੱਡ ਕਰਾਸ ਸਰਾਏ ਦੇ ਪਾਰਕ ਖੇਤਰ ਵਿੱਚ ਪੰਛੀਆਂ ਲਈ ਇੱਕ ਵਿਸ਼ੇਸ਼ ਆਵਾਸ ਵਿਕਸਿਤ ਕੀਤਾ ਗਿਆ ਹੈ, ਜਿਸ ਵਿੱਚ ਆਲ੍ਹਣੇ, ਫੀਡਿੰਗ ਟ੍ਰੇ, ਸਵੱਛ ਪੀਣ ਵਾਲੇ ਪਾਣੀ ਦੀ ਵਿਵਸਥਾ, ਇੱਕ ਛੋਟਾ ਤਲਾਅ ਅਤੇ ਪੰਛੀ-ਅਨੁਕੂਲ ਪੌਦੇ ਲਗਾਏ ਗਏ ਹਨ। ਆਗਾਮੀ ਪੜਾਵਾਂ ਵਿੱਚ, ਚੰਡੀਗੜ੍ਹ ਦੇ ਵਿਭਿੰਨ ਢੁਕਵੇਂ ਸਥਾਨਾਂ 'ਤੇ ਵੀ ਪੰਛੀਆਂ ਦੇ ਆਲ੍ਹਣੇ, ਫੀਡਿੰਗ ਟ੍ਰੇ ਅਤੇ ਸਵੱਛ ਪੀਣ ਵਾਲੇ ਪਾਣੀ ਦੀ ਵਿਵਸਥਾ ਸਥਾਪਿਤ ਕੀਤੀ ਜਾਵੇਗੀ।

# ਸਰਕਾਰ ਖੇਤੀਬਾੜੀ ਫੀਡਰਾਂ ਨੂੰ 20 ਘੰਟਿਆਂ ਤੱਕ ਵਾਧੂ ਬਿਜਲੀ ਸਪਲਾਈ ਦੇ ਰਹੀ ਹੈ: ਸੀ ਐੱਮ ਡੀ

ਚੰਡੀਗੜ੍ਹ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਨੇ ਕਿਸਾਨਾਂ ਨੂੰ ਵਾਅਦੇ ਮੁਤਾਬਕ 8 ਘੰਟਿਆਂ ਤੋਂ ਵੀ ਵੱਧ ਬਿਜਲੀ ਸਪਲਾਈ ਵਿੱਚ ਮਹੱਤਵਪੂਰਨ ਵਾਧਾ ਕੀਤਾ ਹੈ। ਇਹ ਦਾਅਵਾ ਕਰਦਿਆਂ ਪਾਵਰਕਾਮ ਦੇ ਸੀਐਮਡੀ. ਡਾ: ਬਸੰਤ ਗਰਗ ਨੇ ਦੱਸਿਆ ਕਿ ਸੂਬੇ ਵਿੱਚ ਬਿਜਲੀ ਦੀ ਸਥਿਤੀ ਪੂਰੀ ਤਰ੍ਹਾਂ ਆਮ ਹੈ ਅਤੇ 24 ਘੰਟਿਆਂ ਦੌਰਾਨ ਪੰਜਾਬ ਭਰ ਦੇ ਖੇਤੀਬਾੜੀ ਫੀਡਰਾਂ ਨੂੰ 20 ਘੰਟਿਆਂ ਤੱਕ ਬਿਜਲੀ ਸਪਲਾਈ ਮਿਲੀ ਹੈ।



ਪਾਵਰਕਾਮ ਦੇ ਬੁਲਾਰੇ ਗੋਪਾਲ ਸ਼ਰਮਾ (ਡਿਪਟੀ ਸੈਕਟਰੀ ਲੋਕ ਸੰਪਰਕ) ਨੇ ਇੱਥੇ ਜਾਰੀ ਬਿਆਨ ਰਾਹੀਂ ਉਨ੍ਹਾਂ ਸਪੱਸ਼ਟ ਕੀਤਾ ਕਿ 27 ਤੋਂ 30 ਜੂਨ ਦਰਮਿਆਨ ਸੂਬੇ ਵਿੱਚ ਕੁਝ ਦਿਨਾਂ ਲਈ ਬਿਜਲੀ ਦੀ ਆਰਜ਼ੀ ਕਮੀ ਆਈ ਸੀ, ਜਿਸ ਦੌਰਾਨ ਕੁਝ ਖੇਤੀਬਾੜੀ ਫੀਡਰਾਂ ਨੂੰ ਨਿਰਧਾਰਤ 8 ਘੰਟਿਆਂ ਦੀ ਬਜਾਏ 6-7 ਘੰਟੇ ਹੀ ਸਪਲਾਈ ਮਿਲੀ। ਉਨ੍ਹਾਂ ਕਿਹਾ ਕਿ ਸਿਰਫ਼ 1/2 ਘੰਟੇ ਦੀ ਇਹ ਰੁਕਾਵਟ ਭਿਆਨਕ ਗਰਮੀ ਦੌਰਾਨ ਬਿਜਲੀ ਦੀ ਰਿਕਾਰਡ ਮੰਗ (ਜਿਸ ਕਾਰਨ ਐਕਸਚੇਂਜ 'ਤੇ ਬਿਜਲੀ ਉਪਲਬਧ ਨਹੀਂ ਸੀ) ਅਤੇ ਥਰਮਲ ਪਾਵਰ ਪਲਾਂਟਾਂ ਦੇ ਠੇਕਾ ਮੁਲਾਜ਼ਮਾਂ ਦੀ ਹੜਤਾਲ ਦੇ ਇੱਕੋ ਸਮੇਂ ਪਏ ਪ੍ਰਭਾਵ ਕਾਰਨ ਹੋਈ ਸੀ, ਜਿਸ ਨਾਲ ਬਿਜਲੀ ਉਤਪਾਦਨ ਪ੍ਰਭਾਵਿਤ ਹੋਇਆ ਸੀ।

ਉਨ੍ਹਾ ਕਿਹਾ ਕਿ ਇਨ੍ਹਾਂ ਅਸਧਾਰਨ ਹਾਲਾਤਾਂ ਦੇ ਬਾਵਜੂਦ ਪਾਵਰਕਾਮ ਨੇ 6-7 ਘੰਟੇ ਬਿਜਲੀ ਯਕੀਨੀ ਬਣਾਉਣ ਲਈ ਦਿਨ-ਰਾਤ ਕੰਮ ਕੀਤਾ ਹੈ। ਹੁਣ ਹੜਤਾਲ ਵਾਪਸ ਲੈਣ ਅਤੇ ਥਰਮਲ ਜਨਰੇਟਿੰਗ ਯੂਨਿਟਾਂ ਦੇ ਮੁੜ ਚਾਲੂ ਹੋਣ ਨਾਲ, ਸੂਬੇ ਭਰ ਵਿੱਚ ਬਿਜਲੀ ਦੀ ਆਮ ਸਪਲਾਈ ਪੂਰੀ ਤਰ੍ਹਾਂ ਬਹਾਲ ਕਰ ਦਿੱਤੀ ਗਈ ਹੈ।

ਸੀਐਮਡੀ ਨੇ ਦੱਸਿਆ ਕਿ ਪਾਵਰਕਾਮ ਨੇ ਅਸਥਾਈ ਕਮੀ ਦੀ ਪੂਰੀ ਭਰਪਾਈ ਕਰਨ ਲਈ ਪ੍ਰਭਾਵਿਤ ਖੇਤੀਬਾੜੀ ਫੀਡਰਾਂ ਨੂੰ ਵਾਧੂ ਬਿਜਲੀ ਦੇਣੀ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਦੁਹਰਾਇਆ ਕਿ ਸਰਕਾਰ ਨੇ ਸਪੱਸ਼ਟ ਫੈਸਲਾ ਲਿਆ ਹੈ ਕਿ ਕਿਸੇ ਦੇ ਵੀ ਕਾਬੂ ਤੋਂ ਬਾਹਰ ਵਾਲੀ ਅਸਧਾਰਨ ਸਥਿਤੀ ਦਾ ਬੋਝ ਕਿਸਾਨਾਂ 'ਤੇ ਨਹੀਂ ਪੈਣ ਦਿੱਤਾ ਜਾਵੇਗਾ।

ਉਨ੍ਹਾਂ ਅੱਗੇ ਕਿਹਾ ਕਿ ਅਦਾਰੇ ਨੇ ਚੱਲ ਰਹੇ ਝੋਨੇ ਦੇ ਸੀਜ਼ਨ ਦੌਰਾਨ ਭਰੋਸੇਯੋਗ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ ਵਿਸ਼ੇਸ਼ ਸੰਚਾਲਨ ਪ੍ਰਬੰਧ ਕੀਤੇ ਹਨ। ਫੀਲਡ ਅਫ਼ਸਰਾਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਫੀਡਰ ਵਾਈਜ਼ ਸਪਲਾਈ ਦੀ ਨਿਰੰਤਰ ਨਿਗਰਾਨੀ ਕਰਨ, ਬਿਜਲੀ ਦੀ ਉਪਲਬਧਤਾ ਨੂੰ ਸੁਧਾਰਨ ਅਤੇ ਕਿਸੇ ਵੀ ਸਥਾਨਕ ਸਮੱਸਿਆ ਦਾ ਤੁਰੰਤ ਹੱਲ ਕਰਨ ਤਾਂ ਜੋ ਸਿੰਚਾਈ ਦੀਆਂ ਲੋੜਾਂ ਨੂੰ ਪੂਰੀ ਤਰ੍ਹਾਂ ਮੁਕਾਬਲਾ ਕੀਤਾ ਜਾ ਸਕੇ। ਕਿਸਾਨ ਭਾਈਚਾਰੇ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਉਨ੍ਹਾ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਕਰਨਾ ਉਨ੍ਹਾ ਦੀ ਸਭ ਤੋਂ ਵੱਡੀ ਤਰਜੀਹ ਹੈ।

ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਸੂਬੇ ਭਰ ਵਿੱਚ ਭਰੋਸੇਯੋਗ ਬਿਜਲੀ ਸਪਲਾਈ ਬਹਾਲ ਰਹੇ ਅਤੇ ਹਰ ਪ੍ਰਭਾਵਿਤ ਕਿਸਾਨ ਨੂੰ ਆਰਜ਼ੀ ਕਮੀ ਦੀ ਭਰਪਾਈ ਲਈ ਲੋੜੀਂਦੀ ਵਾਧੂ ਬਿਜਲੀ ਮਿਲੇ।

# ਇੱਕ ਇੰਚ ਜ਼ਮੀਨ ਜਬਰੀ ਨਹੀਂ ਲੈਣ ਦਿਆਂਗੇ: ਸੰਯੁਕਤ ਕਿਸਾਨ ਮੋਰਚਾ

ਚੰਡੀਗੜ੍ਹ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਸੰਯੁਕਤ ਕਿਸਾਨ ਮੋਰਚਾ ਨੇ ਪੰਜਾਬ ਸਰਕਾਰ ਦੀ ਸੋਧੀ ਹੋਈ ਲੈਂਡ ਪੂਲਿੰਗ ਨੀਤੀ ਖ਼ਿਲਾਫ਼ ਆਰ ਪਾਰ ਦੀ ਲੜਾਈ ਦਾ ਐਲਾਨ ਕੀਤਾ ਹੈ। ਆਗਾਮੀ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਨਵੀਆਂ ਸੋਧਾਂ ਮਗਰੋਂ ਆਈ ਲੈਂਡ ਪੂਲਿੰਗ ਨੀਤੀ ਨੂੰ ਲੈ ਕੇ ਕਿਸਾਨ ਜਥੇਬੰਦੀਆਂ ਚੌਕਸ ਹੋ ਗਈਆਂ ਹਨ। ਸੰਯੁਕਤ ਕਿਸਾਨ ਮੋਰਚਾ ਨੇ 'ਆਪ' ਸਰਕਾਰ ਨੂੰ ਸਖ਼ਤ ਲਹਿਜ਼ੇ 'ਚ ਆਖਿਆ ਕਿ ਪੰਜਾਬ ਦੇ ਕਿਸਾਨ ਦੀ ਮਰਜ਼ੀ ਤੋਂ ਬਿਨਾਂ ਇੱਕ ਇੰਚ ਵੀ ਜਬਰੀ ਐਕੁਆਇਰ ਨਹੀਂ ਹੋਣ ਦਿਆਂਗੇ। ਮੋਰਚੇ ਨੇ ਕਿਹਾ ਕਿ ਲੈਂਡ ਪੂਲਿੰਗ ਨੀਤੀ 'ਚ ਸੋਧਾਂ ਦੇ ਨਾਮ ਹੇਠ ਕਿਸਾਨਾਂ ਨੂੰ ਭਰਮ ਜਾਲ 'ਚ ਫਸਾਉਣ ਦੀ ਕੋਸ਼ਿਸ਼ ਹੋ ਰਹੀ ਹੈ।



ਸੰਯੁਕਤ ਕਿਸਾਨ ਮੋਰਚਾ ਤਰਫ਼ੋਂ ਜੋਗਿੰਦਰ ਸਿੰਘ ਉਗਰਾਹਾਂ ਨੇ ਅੱਜ ਬਿਆਨ ਜਾਰੀ ਕਰਕੇ ਕਿਹਾ ਕਿ ਉਹ ਕਿਸਾਨਾਂ ਦੇ ਪੁਰਖਿਆਂ ਦੀਆਂ ਜ਼ਮੀਨਾਂ ਕਿਸੇ ਵੀ ਕੀਮਤ 'ਤੇ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਨਹੀਂ ਕਰਨ ਦੇਣਗੇ। ਇਹ ਜ਼ਮੀਨਾਂ ਨਹੀਂ ਬਲਕਿ ਕਿਸਾਨਾਂ ਦਾ ਖ਼ੂਨ ਪਸੀਨਾ ਹੈ ਤੇ ਪੁਰਖਿਆਂ ਦੀ ਨਿਸ਼ਾਨੀ ਹੈ। ਮੋਰਚੇ ਨੇ ਕਿਹਾ ਕਿ ਪੰਜਾਬ ਸਰਕਾਰ ਹੁਣ ਕਿਸਾਨਾਂ ਦੀਆਂ ਅੱਖਾਂ 'ਚ ਘੱਟਾ ਪਾਉਣ ਦੀ ਕੋਸ਼ਿਸ਼ ਵਿੱਚ ਹੈ। ਸੋਧਾਂ ਦੇ ਨਾਮ ਹੇਠ ਜ਼ਮੀਨ ਬਦਲੇ ਮਿਲਣ ਵਾਲੇ ਰਿਹਾਇਸ਼ੀ ਅਤੇ ਵਪਾਰਕ ਪਲਾਟਾਂ ਦੇ ਖੇਤਰ ਵਿੱਚ ਮਾਮੂਲੀ ਬਦਲਾਅ ਕੀਤੇ ਗਏ ਹਨ।

ਮੋਰਚੇ ਦਾ ਕਹਿਣਾ ਹੈ ਕਿ ਪਹਿਲਾਂ ਕਿਸਾਨਾਂ ਦੇ ਵਿਰੋਧ ਵਜੋਂ ਪੰਜਾਬ ਸਰਕਾਰ ਨੂੰ ਲੈਂਡ ਪੂਲਿੰਗ ਨੀਤੀ ਵਾਪਸ ਲੈਣ ਲਈ ਮਜਬੂਰ ਹੋਣਾ ਪਿਆ ਸੀ। ਹੁਣ ਸਰਕਾਰ ਮੁੜ ਕੁਝ ਵਰਗ ਗਜ਼ਾਂ ਦਾ ਟੁਕੜਾ ਸੁੱਟ ਕੇ ਕਿਸਾਨਾਂ ਦੀਆਂ ਕੀਮਤੀ ਜ਼ਮੀਨਾਂ 'ਤੇ ਕਬਜ਼ਾ ਕਰਨਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀਆਂ ਜ਼ਮੀਨਾਂ ਖੋਹਣ ਦੀ ਕਾਰਵਾਈ ਨੂੰ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਨੇ ਕਿਹਾ ਕਿ ਸਰਕਾਰਾਂ ਕਾਰਪੋਰੇਟਾਂ ਦੀਆਂ ਕਠਪੁਤਲੀਆਂ ਹਨ।

ਉਨ੍ਹਾਂ ਕਿਹਾ ਕਿ ਕਾਰਪੋਰੇਟ ਘਰਾਣਿਆਂ ਦੀ ਨਜ਼ਰ ਹੁਣ ਖੇਤੀ ਸੈਕਟਰ 'ਤੇ ਹੈ ਕਿਉਂਕਿ ਇਹ ਘਰਾਣੇ ਖੇਤੀ ਚੋਂ ਕਿਸਾਨ ਨੂੰ ਬਾਹਰ ਕਰਕੇ ਸਮੁੱਚਾ ਖੇਤੀ ਸਿਸਟਮ ਦਾ ਕੰਟਰੋਲ ਆਪਣੇ ਹੱਥਾਂ 'ਚ ਲੈਣਾ ਚਾਹੁੰਦੇ ਹਨ। ਉਨ੍ਹਾਂ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਕਾਰਪੋਰੇਟ ਘਰਾਣਿਆਂ ਦੀ ਮਨਸ਼ਾ ਨੂੰ ਪੰਜਾਬ ਦਾ ਕਿਸਾਨ ਕਦੇ ਪੂਰਾ ਨਹੀਂ ਹੋਣ ਦੇਵੇਗਾ। ਉਗਰਾਹਾਂ ਨੇ ਕਿਹਾ ਕਿ ਜ਼ਮੀਨਾਂ ਦੀ ਲੁੱਟ ਖ਼ਿਲਾਫ਼ ਕਿਸਾਨ ਵੱਡਾ ਅੰਦੋਲਨ ਵਿੱਢਣ ਲਈ ਪੂਰੀ ਤਰ੍ਹਾਂ ਤਿਆਰ ਹੈ। ਲੰਘੇ ਕੱਲ੍ਹ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਹਰਿੰਦਰ ਸਿੰਘ ਲੱਖੋਵਾਲ ਵੀ ਇਸ ਨੀਤੀ ਖ਼ਿਲਾਫ਼ ਕੁੱਦ ਪਏ ਹਨ।

ਚੋਣਾਂ ਤੋਂ ਪਹਿਲਾਂ ਜ਼ਮੀਨਾਂ ਐਕੁਆਇਰ ਕਰਨ ਦਾ ਕੋਈ ਵੀ ਰੱਫੜ ਪੰਜਾਬ ਸਰਕਾਰ ਨੂੰ ਸਿਆਸੀ ਤੌਰ 'ਤੇ ਮਹਿੰਗਾ ਪੈ ਸਕਦਾ ਹੈ। ਸ਼੍ਰੋਮਣੀ ਅਕਾਲੀ ਦਲ ਵੀ ਇਸ ਨੀਤੀ ਖ਼ਿਲਾਫ਼ ਮੈਦਾਨ ਵਿਚ ਕੁੱਦ ਪਿਆ ਹੈ। ਵਿਰੋਧੀ ਧਿਰਾਂ ਇਸ ਨੀਤੀ ਨੂੰ ਸਿਆਸੀ ਮੁੱਦਾ ਬਣਾ ਸਕਦੀਆਂ ਹਨ। ਦੂਸਰੀ ਤਰਫ਼ ਪੰਜਾਬ ਸਰਕਾਰ ਆਖ ਰਹੀ ਹੈ ਕਿ ਕਿਸਾਨਾਂ ਦੀ ਮੰਗ ਮੁਤਾਬਿਕ ਇਹ ਨਵੀਆਂ ਸੋਧਾਂ ਕੀਤੀਆਂ ਗਈਆਂ ਹਨ।

# ਦੋ ਗੁਜਰਾਤੀ ਨੌਜਵਾਨ 62 ਲੱਖ ਨਕਦੀ ਸਮੇਤ ਗ੍ਰਿਫ਼ਤਾਰ



ਗੁਰਦਾਸਪੁਰ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਪੁਲਿਸ ਨੇ ਇੱਕ ਨਾਕਾਬੰਦੀ ਦੌਰਾਨ ਕਾਰ ਤੇ ਆ ਰਹੇ ਦੋ ਗੁਜਰਾਤੀ ਨੌਜਵਾਨਾਂ ਨੂੰ 62 ਲੱਖ ਰੁਪਏ ਦੀ ਨਗਦੀ ਸਮੇਤ ਗ੍ਰਿਫ਼ਤਾਰ ਕੀਤਾ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਦੋਨੋਂ ਹੀ ਨੌਜਵਾਨ 20 ਸਾਲ ਤੋਂ ਘੱਟ ਉਮਰ ਦੇ ਹਨ ਅਤੇ ਇਨ੍ਹਾ ਨੂੰ ਇਨਕਮ ਟੈਕਸ ਵਿਭਾਗ ਨੂੰ ਸੌਂਪ ਦਿੱਤਾ ਗਿਆ ਹੈ। ਅਧਿਕਾਰੀਆਂ ਵੱਲੋਂ ਇਹ ਜਾਂਚ ਕੀਤੀ ਜਾ ਰਹੀ ਹੈ ਕਿ ਆਖ਼ਰ ਇੰਨੀ ਵੱਡੀ ਮਾਤਰਾ ਵਿੱਚ ਨਗਦੀ ਇਹ ਕਿੱਥੇ ਲੈ ਜਾ ਰਹੇ ਸੀ ਅਤੇ ਕਿੱਥੇ ਵਰਤੀ ਜਾਣੀ ਸੀ।

ਡੀਐੱਸਪੀ ਸ਼ਾਹਬਾਜ਼ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸ਼ਹਿਰ ਦੇ ਐਂਟਰੀ ਪੁਆਇੰਟ ਬੱਬਰੀ ਨਾਕੇ 'ਤੇ ਪੁਲੀਸ ਵੱਲੋਂ ਨਾਕੇਬੰਦੀ ਕਰ ਚੈਕਿੰਗ ਕੀਤੀ ਜਾ ਰਹੀ ਸੀ ਕਿ ਇਸ ਦੌਰਾਨ ਇਕ ਬਿਨਾਂ ਨੰਬਰ ਪਲੇਟ ਦੀ ਚਿੱਟੀ ਕਰੇਟਾ ਕਾਰ ਦਿਖਾਈ ਦਿੱਤੀ ਜਿਸ ਨੂੰ ਰੁਕਣ ਦਾ ਇਸ਼ਾਰਾ ਕੀਤਾ ਗਿਆ ਤਾਂ ਗੱਡੀ ਸਵਾਰਾਂ ਕੋਲ ਗੱਡੀ ਦੇ ਕਾਗ਼ਜ਼ ਵੀ ਨਹੀਂ ਸਨ। ਜਦੋਂ ਗੱਡੀ ਦੀ ਤਲਾਸ਼ੀ ਲਈ ਗਈ ਤਾਂ ਗੱਡੀ ਵਿੱਚੋਂ ਵੱਡੀ ਮਾਤਰਾ ਵਿੱਚ ਨਕਦੀ ਬਰਾਮਦ ਹੋਈ । ਦੋਵੇਂ ਨੌਜਵਾਨ ਅਹਿਮਦਾਬਾਦ ਦੇ ਰਹਿਣ ਵਾਲੇ ਹਨ ਅਤੇ 62 ਲੱਖ ਰੁਪਏ ਦੀ ਵੱਡੀ ਰਕਮ ਲੈ ਕੇ ਜਾ ਰਹੇ ਸਨ।

ਅਧਿਕਾਰੀ ਨੇ ਦੱਸਿਆ ਕਿ ਨੌਜਵਾਨਾਂ ਨੂੰ ਗ੍ਰਿਫ਼ਤਾਰ ਕਰਕੇ ਇਨਕਮ ਟੈਕਸ ਵਿਭਾਗ ਦੇ ਹਵਾਲੇ ਕਰ ਦਿੱਤਾ ਗਿਆ ਹੈ ਅਤੇ ਪੈਸੇ ਬਾਰੇ ਜਾਂਚ ਕੀਤੀ ਜਾ ਰਹੀ ਹੈ।

# ਪੰਜਾਬ ਕਾਂਗਰਸ ਦੇ ਕਾਟੋ ਕਲੇਸ਼ ਦਰਮਿਆਨ ਸੁਖਜਿੰਦਰ ਰੰਧਾਵਾ ਦੀ ਨਵੀਂ ਦਿੱਲੀ 'ਚ ਅਮਿਤ ਸ਼ਾਹ ਨਾਲ ਮੀਟਿੰਗ

ਚੰਡੀਗੜ੍ਹ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਕਾਂਗਰਸ ਵਿੱਚ ਚੱਲ ਰਹੇ ਅੰਦਰੂਨੀ ਕਲੇਸ਼ ਦਰਮਿਆਨ ਸੂਬੇ ਦੀ ਸਿਆਸਤ ਵਿੱਚ ਵੱਡੀ ਹਲਚਲ ਦੇਖਣ ਨੂੰ ਮਿਲੀ ਹੈ। ਇੱਕ ਪਾਸੇ ਜਿੱਥੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਆਪਣੇ ਸਮਰਥਕਾਂ ਨਾਲ ਚਮਕੌਰ ਸਾਹਿਬ ਵਿਖੇ ਮੀਟਿੰਗ ਕਰਕੇ ਆਪਣੀ ਤਾਕਤ ਦਿਖਾਈ ਜਾ ਰਹੀ ਹੈ, ਉੱਥੇ ਹੀ ਦੂਜੇ ਪਾਸੇ ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਨੇ ਨਵੀਂ ਦਿੱਲੀ ਵਿਖੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਕਰਕੇ ਸਿਆਸੀ ਗਲਿਆਰਿਆਂ ਵਿੱਚ ਚਰਚਾ ਛੇੜ ਦਿੱਤੀ ਹੈ।



ਇਸ ਮੁਲਾਕਾਤ ਨੇ ਪੰਜਾਬ ਦੇ ਸਿਆਸੀ ਹਲਕਿਆਂ ਵਿੱਚ ਕਈ ਤਰ੍ਹਾਂ ਦੇ ਕਿਆਸ ਲਗਾਉਣੇ ਸ਼ੁਰੂ ਕਰ ਦਿੱਤੇ ਹਨ। ਹਾਲਾਂਕਿ ਮੀਟਿੰਗ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਸੁਖਜਿੰਦਰ ਰੰਧਾਵਾ ਨੇ ਸਪੱਸ਼ਟ ਕੀਤਾ ਕਿ ਇਹ ਮੁਲਾਕਾਤ ਪੰਜਾਬ ਵਿੱਚ ਵਧ ਰਹੇ ਗੈਂਗਸਟਰਵਾਦ ਅਤੇ ਵਿਗੜਦੀ ਕਾਨੂੰਨ-ਵਿਵਸਥਾ (ਲਾਅ ਐਂਡ ਆਰਡਰ) ਨੂੰ ਲੈ ਕੇ ਹੋਈ ਹੈ। ਉਨ੍ਹਾਂ ਦੱਸਿਆ ਕਿ ਉਹ ਪਹਿਲਾਂ ਵੀ ਇਸ ਗੰਭੀਰ ਮਾਮਲੇ ਬਾਰੇ ਗ੍ਰਹਿ ਮੰਤਰਾਲੇ ਨੂੰ ਪੱਤਰ ਲਿਖ ਚੁੱਕੇ ਹਨ ਅਤੇ ਅੱਜ ਉਸੇ ਸਬੰਧ ਵਿੱਚ ਵਿਸਥਾਰਪੂਰਵਕ ਚਰਚਾ ਕੀਤੀ ਗਈ ਹੈ।

ਜਦੋਂ ਰੰਧਾਵਾ ਤੋਂ ਚਰਨਜੀਤ ਸਿੰਘ ਚੰਨੀ ਦੀ ਮੀਟਿੰਗ ਅਤੇ ਪਾਰਟੀ ਅੰਦਰ ਚੱਲ ਰਹੇ ਵਿਵਾਦ ਬਾਰੇ ਸਵਾਲ ਕੀਤਾ ਗਿਆ, ਤਾਂ ਉਨ੍ਹਾਂ ਨੇ ਕੋਈ ਵੀ ਸਿੱਧੀ ਟਿੱਪਣੀ ਕਰਨ ਤੋਂ ਗੁਰੇਜ਼ ਕੀਤਾ। ਉਨ੍ਹਾਂ ਕਿਹਾ ਕਿ ਚੰਨੀ ਵੱਲੋਂ ਕੀਤੀ ਜਾ ਰਹੀ ਮੀਟਿੰਗ ਦੇ ਕਾਰਨਾਂ ਅਤੇ ਇਸ ਸਬੰਧੀ ਪਾਰਟੀ ਦੇ ਸਟੈਂਡ ਬਾਰੇ ਸਿਰਫ਼ ਚੰਨੀ ਹੀ ਸਪੱਸ਼ਟ ਤੌਰ 'ਤੇ ਜਾਣਕਾਰੀ ਦੇ ਸਕਦੇ ਹਨ।

ਮੁਲਾਕਤ ਤੋਂ ਬਾਅਦ ਰੰਧਾਵਾ ਨੇ ਸੋਸ਼ਲ ਮੀਡੀਆ ਐਕਸ ਤੇ ਇੱਕ ਪੋਸਟ ਸਾਂਝੀ ਕੀਤੀ ਹੈ ਜਿਸ ਵਿਚ ਉਨ੍ਹਾਂ ਸ਼ਾਹ ਨਾਲ ਪੰਜਾਬ ਦੇ ਮੁੱਦਿਆਂ ਬਾਰੇ ਪਹਿਲਾਂ ਹੀ ਤੈਅ ਮੀਟਿੰਗ ਸਬੰਧੀ ਦੱਸਿਆ ਗਿਆ ਹੈ।

ਰੰਧਵਾ ਨੇ ਲਿਖਿਆ ਕਿ, ਮੈਂ ਮੀਡੀਆ ਦੇ ਕੁਝ ਹਿੱਸਿਆਂ ਵੱਲੋਂ ਕੇਂਦਰੀ ਗ੍ਰਹਿ ਮੰਤਰੀ ਨਾਲ ਹੋਈ ਮੇਰੀ ਮੁਲਾਕਾਤ ਨੂੰ ਦਿੱਤੇ ਜਾ ਰਹੇ ਗੁੰਮਰਾਹਕੁੰਨ ਸਿਆਸੀ ਰੰਗ ਦਾ ਖੰਡਨ ਕਰਦਾ ਹਾਂ। ਇਹ ਮੀਟਿੰਗ ਪੰਜਾਬ ਵਿੱਚ ਵਿਗੜ ਰਹੀ ਕਾਨੂੰਨ-ਵਿਵਸਥਾ ਦੇ ਮੁੱਦੇ 'ਤੇ ਮੇਰੀ ਨੁਮਾਇੰਦਗੀ ਦੇ ਸੰਬੰਧ ਵਿੱਚ ਪਹਿਲਾਂ ਤੋਂ ਤੈਅ ਸੀ।

# ਸੀ ਟੀ ਯੂਨੀਵਰਸਿਟੀ ਦੀ ਪਾਵਰਲਿਫਟਰ ਸਨੇਹਾ ਨੇ ਰਾਸ਼ਟਰੀ ਰਿਕਾਰਡ ਬਣਾ ਜਿੱਤਿਆ ਓਵਰਆਲ ਗੋਲਡ

ਲੁਧਿਆਣਾ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਸੀ ਟੀ ਯੂਨੀਵਰਸਿਟੀ ਦੀ ਪਾਵਰਲਿਫਟਰ ਸਨੇਹਾ ਨੇ ਹੈਦਰਾਬਾਦ ਵਿੱਚ ਹੋਈ ਰਾਸ਼ਟਰੀ ਪੁਰਸ਼ ਅਤੇ ਮਹਿਲਾ ਪਾਵਰਲਿਫਟਿੰਗ ਚੈਂਪੀਅਨਸ਼ਿਪ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਮਹਿਲਾ ਜੂਨੀਅਰ 76 ਕਿਲੋਗ੍ਰਾਮ ਭਾਰ ਵਰਗ ਵਿੱਚ ਓਵਰਆਲ ਗੋਲਡ ਮੈਡਲ ਜਿੱਤਿਆ। ਸਨੇਹਾ ਨੇ ਸਕਵਾਟ ਵਿੱਚ 222.5 ਕਿਲੋਗ੍ਰਾਮ ਭਾਰ ਚੁੱਕ ਕੇ ਨਵਾਂ ਰਾਸ਼ਟਰੀ ਰਿਕਾਰਡ ਵੀ ਸਥਾਪਿਤ ਕੀਤਾ।



ਉਨ੍ਹਾਂ ਨੇ ਸਕਵਾਟ ਅਤੇ ਡੈੱਡਲਿਫਟ ਵਿੱਚ ਸੋਨੇ, ਬੈਂਚ ਪ੍ਰੈੱਸ ਵਿੱਚ ਚਾਂਦੀ ਦਾ ਤਗਮਾ ਜਿੱਤਿਆ ਅਤੇ ਕੁੱਲ 530 ਕਿਲੋਗ੍ਰਾਮ ਭਾਰ ਚੁੱਕ ਕੇ ਓਵਰਆਲ ਗੋਲਡ ਆਪਣੇ ਨਾਮ ਕੀਤਾ। ਇਸ ਮੌਕੇ ਸੀ ਟੀ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਡਾ. ਮਨਬੀਰ ਸਿੰਘ ਅਤੇ ਸਪੋਰਟਸ ਹੈੱਡ ਗੁਰਦੀਪ ਸਿੰਘ ਨੇ ਸਨੇਹਾ ਨੂੰ ਵਧਾਈ ਦਿੰਦਿਆਂ ਇਸ ਉਪਲਬਧੀ ਨੂੰ ਯੂਨੀਵਰਸਿਟੀ ਲਈ ਮਾਣ ਵਾਲਾ ਪਲ ਕਰਾਰ ਦਿੱਤਾ।

# ਪੰਜਾਬੀ ਹਿੰਦੂ ਗਰੁੱਪ ਵੱਲੋਂ ਪੰਜਾਬ ਭਰ ਦੇ 97 ਐਸ.ਡੀ.ਐਮ. ਦਫ਼ਤਰਾਂ ਰਾਹੀਂ ਮੁੱਖ ਮੰਤਰੀ ਨੂੰ ਸੌਂਪਿਆ ਗਿਆ ਇਤਿਹਾਸਕ ਮੰਗ-ਪੱਤਰ

ਪਟਿਆਲਾ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

'ਲੰਡਾ ਲਿੱਪੀ' ਨੂੰ ਪੰਜਾਬੀ ਦੀ ਮੂਲ ਲਿੱਪੀ ਵਜੋਂ ਸਰਕਾਰੀ ਮਾਨਤਾ ਦੇਣ ਅਤੇ ਪੰਜਾਬ ਦੇ ਮੁੱਖ ਸਕੱਤਰ (Chief Secretary) ਤੇ ਡੀ.ਜੀ.ਪੀ. ਦੇ ਅਹੁਦਿਆਂ 'ਤੇ ਸਿਰਫ਼ ਪੰਜਾਬੀ ਅਧਿਕਾਰੀਆਂ ਨੂੰ ਹੀ ਨਿਯੁਕਤ ਕਰਨ ਦੀ ਉੱਠੀ ਜ਼ੋਰਦਾਰ ਮੰਗ।

ਤੁਰਕ ਹਮਲਾਵਰਾਂ ਦੇ ਜ਼ੁਲਮ ਦੇ ਦੌਰ ਵਿੱਚ ਵੀ ਸਾਡੇ ਪੰਜਾਬੀ ਵਪਾਰੀ ਪੁਰਖਿਆਂ ਨੇ ਬਹੀ-ਖਾਤਿਆਂ ਵਿੱਚ 'ਲੰਡਾ ਲਿੱਪੀ' ਨੂੰ ਇੱਕ ਹਜ਼ਾਰ ਸਾਲ ਤੱਕ ਛਾਤੀ ਨਾਲ ਲਾ ਕੇ ਜਿਊਂਦਾ ਰੱਖਿਆ: ਪੰਜਾਬੀ ਹਿੰਦੂ ਗਰੁੱਪ।

4 ਜੁਲਾਈ 2026: ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੀ ਪ੍ਰਾਚੀਨ ਵਿਰਾਸਤ, ਸੱਭਿਆਚਾਰਕ ਪਛਾਣ ਅਤੇ ਪ੍ਰਸ਼ਾਸਨਿਕ ਹੱਕਾਂ ਦੀ ਰਾਖੀ ਲਈ 'ਪੰਜਾਬੀ ਹਿੰਦੂ ਗਰੁੱਪ' ਵੱਲੋਂ ਇੱਕ ਬੇਹੁੱਦ ਅਹਿਮ ਅਤੇ ਇਤਿਹਾਸਕ ਮੁਹਿੰਮ ਵਿੱਢੀ ਗਈ। ਸੂਬੇ ਦੇ ਇਤਿਹਾਸਕ ਵਿਰਸੇ ਦੀ ਸੰਭਾਲ ਅਤੇ ਪੰਜਾਬ ਦੀ ਪ੍ਰਸ਼ਾਸਨਿਕ ਅਸਮਿਤਾ ਨੂੰ ਕਾਇਮ ਰੱਖਣ ਲਈ ਅੱਜ 'ਪੰਜਾਬੀ ਹਿੰਦੂ ਗਰੁੱਪ' ਵੱਲੋਂ ਪੰਜਾਬ ਭਰ ਦੇ ਸਾਰੇ 97 ਉਪ ਮੰਡਲ ਮੈਜਿਸਟ੍ਰੇਟ ਦਫ਼ਤਰਾਂ ਵਿਖੇ ਇੱਕੋ ਸਮੇਂ ਪਹੁੰਚ ਕੇ ਮਾਨਯੋਗ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੇ ਨਾਮ ਇੱਕ ਵਿਸ਼ੇਸ਼ ਅਤੇ ਇਤਿਹਾਸਕ ਮੰਗ-ਪੱਤਰ ਸੌਂਪਿਆ ਗਿਆ। ਇਹ ਮੰਗ-ਪੱਤਰ ਦੁਪਹਿਰ 12:28 ਤੋਂ 12:50 ਵਜੇ ਦੇ ਸ਼ੁਭ ਮਹੂਰਤ ਦੌਰਾਨ ਪੂਰੇ ਅਨੁਸ਼ਾਸਨ ਅਤੇ ਪੰਜਾਬੀਅਤ ਦੇ ਜਜ਼ਬੇ ਨਾਲ ਸਾਰੇ ਪ੍ਰਸ਼ਾਸਨਿਕ ਹਲਕਿਆਂ ਵਿੱਚ ਦਿੱਤਾ ਗਿਆ। ਇਸੇ ਕੜੀ ਵਿੱਚ ਪੰਜਾਬੀ ਹਿੰਦੂ ਗਰੁੱਪ ਦੇ ਨੁਮਾਇੰਦਿਆਂ ਨੇ ਸ਼੍ਰੀ ਚੇਤਨ ਦੇਵ ਸਟੇਟ ਸੈਕਟਰੀ ਪੰਜਾਬੀ ਹਿੰਦੂ ਗਰੁੱਪ ਦੀ ਅਗੁਆਈ ਹੇਠ ਐਸਡੀਐਮ ਦਫਤਰ ਪਟਿਆਲਾ ਵਿੱਚ ਤਹਿਸੀਲਦਾਰ ਪਟਿਆਲਾ ਨੂੰ ਇਹ ਮੰਗਪੱਤਰ ਸੌਂਪਿਆ।



ਇਸ ਵਿਸ਼ਾਲ ਮੁਹਿੰਮ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬੀ ਹਿੰਦੂ ਗਰੁੱਪ ਦੇ ਆਗੂ ਸ਼੍ਰੀ ਅਰਵਿੰਦ ਧੰਮਾ ਨੇ ਦੱਸਿਆ ਕਿ ਬੀਤੀ 22 ਜੂਨ, 2026 ਨੂੰ ਪੰਜਾਬੀ ਹਿੰਦੂ ਗਰੁੱਪ ਦੀ ਇੱਕ ਅਹਿਮ ਸੂਬਾ ਪੱਧਰੀ ਮੀਟਿੰਗ ਗਰੁੱਪ ਦੇ ਮੁੱਖੀ ਮਹੰਤ ਸ੍ਰੀ ਰਵੀ ਕਾਂਤ ਮੁਨੀ ਜੀ ਦੀ ਪ੍ਰਧਾਨਗੀ ਹੇਠ ਸਫ਼ਲਤਾਪੂਰਵਕ ਸੰਪੰਨ ਹੋਈ ਸੀ। ਇਸ ਉੱਚ ਪੱਧਰੀ ਮੀਟਿੰਗ ਵਿੱਚ ਪੰਜਾਬ ਦੀ ਭਾਸ਼ਾ, ਸਭਿਆਚਾਰ ਅਤੇ ਸਿਖਰਲੇ ਪ੍ਰਸ਼ਾਸਨਿਕ ਢਾਂਚੇ ਨਾਲ ਸਬੰਧਿਤ ਦੋ ਬਹੁਤ ਹੀ ਸੰਵੇਦਨਸ਼ੀਲ ਅਤੇ ਗੰਭੀਰ ਮੁੱਦਿਆਂ 'ਤੇ ਸਰਬਸੰਮਤੀ ਨਾਲ ਮਤੇ ਪਾਸ ਕੀਤੇ ਗਏ ਸਨ, ਜਿਸ ਤਹਿਤ ਭਲਕੇ ਸੂਬਾ ਪੱਧਰ 'ਤੇ ਸਾਹਿਬਾਨਾਂ ਰਾਹੀਂ ਮੰਗ-ਪੱਤਰ ਦੇ ਰੂਪ ਵਿੱਚ ਸਰਕਾਰ ਦੇ ਸਾਹਮਣੇ ਕਾਰਵਾਈ ਹਿੱਤ ਪੇਸ਼ ਕੀਤਾ ਗਿਆ ਹੈ।

ਗਰੁੱਪ ਦੇ ਨੁਮਾਇੰਦੇ ਸ਼੍ਰੀ ਭਰਤ ਗੁਪਤਾ ਨੇ ਕਿਹਾ ਕਿ ਇਹ ਮੁਹਿੰਮ ਕਿਸੇ ਰਾਜਨੀਤਿਕ ਮਕਸਦ ਲਈ ਨਹੀਂ, ਸਗੋਂ ਪੰਜਾਬ ਦੀ ਇਤਿਹਾਸਕ ਪਛਾਣ, ਭਾਸ਼ਾਈ ਵਿਰਾਸਤ ਅਤੇ ਪ੍ਰਸ਼ਾਸਨਿਕ ਸੰਵੇਦਨਸ਼ੀਲਤਾ ਦੀ ਰੱਖਿਆ ਲਈ ਸ਼ੁਰੂ ਕੀਤੀ ਗਈ ਹੈ। ਪੰਜਾਬ ਦੀ ਅਸਮਿਤਾ ਨਾਲ ਜੁੜੇ ਇਨ੍ਹਾਂ ਦੋ ਮਹੱਤਵਪੂਰਨ ਮੁੱਦਿਆਂ ਉੱਤੇ ਪੰਜਾਬ ਸਰਕਾਰ ਵੱਲੋਂ ਗੰਭੀਰਤਾ ਨਾਲ ਵਿਚਾਰ ਕਰਨਾ ਸਮੇਂ ਦੀ ਲੋੜ ਹੈ।

ਮੰਗ-ਪੱਤਰ ਵਿੱਚ ਪਹਿਲੀ ਮੁੱਖ ਮੰਗ ਇਹ ਰੱਖੀ ਗਈ ਹੈ ਕਿ ਪੰਜਾਬ ਦੇ ਦੋ ਸਰਵੱਚ ਪ੍ਰਸ਼ਾਸਨਿਕ ਅਹੁਦੇ, ਅਰਥਾਤ ਮੁੱਖ ਸਕੱਤਰ ਅਤੇ ਪੁਲਿਸ ਮਹਾਨਿਦੇਸ਼ਕ ਦੇ ਅਹੁਦਿਆਂ 'ਤੇ ਅਣਵੰਡੇ ਮਹਾਂਪੰਜਾਬ (ਮੌਜੂਦਾ ਪੰਜਾਬ, ਹਰਿਆਣਾ, ਹਿਮਾਚਲ, ਚੰਡੀਗੜ੍ਹ) ਨਾਲ ਸੰਬੰਧਿਤ ਕਿਸੇ ਪੰਜਾਬੀ ਅਧਿਕਾਰੀ ਦੀ ਹੀ ਨਿਯੁਕਤੀ ਕੀਤੀ ਜਾਵੇ। ਸੰਗਠਨ ਦਾ ਮੰਨਣਾ ਹੈ ਕਿ ਇਹ ਦੋਵੇਂ ਅਹੁਦੇ ਸੂਬੇ ਦੇ ਨੀਤੀ-ਨਿਰਮਾਣ, ਪ੍ਰਸ਼ਾਸਨਿਕ ਦਿਸ਼ਾ ਅਤੇ ਕਾਨੂੰਨ-ਵਿਵਸਥਾ ਨਾਲ ਸਿੱਧੇ ਤੌਰ 'ਤੇ ਜੁੜੇ ਹੋਏ ਹਨ। ਇਸ ਲਈ ਇਨ੍ਹਾਂ ਅਹੁਦਿਆਂ 'ਤੇ ਅਜਿਹੇ ਅਧਿਕਾਰੀ ਹੋਣੇ ਚਾਹੀਦੇ ਹਨ ਜੋ ਪੰਜਾਬ ਦੇ ਇਤਿਹਾਸ, ਸਭਿਆਚਾਰ, ਭਾਸ਼ਾ, ਲੋਕ-ਭਾਵਨਾਵਾਂ ਅਤੇ ਸਮਾਜਿਕ ਹਾਲਾਤਾਂ ਦੀ ਡੂੰਘੀ ਸਮਝ ਰੱਖਦੇ ਹੋਣ।

ਗਰੁੱਪ ਨੇ ਇਸ ਮੰਗ ਦੇ ਪਿੱਛੇ ਇਤਿਹਾਸਕ ਪਿਛੋਕੜ ਅਤੇ ਤੱਥਾਂ ਦਾ ਹਵਾਲਾ ਦਿੰਦਿਆਂ ਸਪਸ਼ਟ ਕੀਤਾ ਕਿ ਪੰਜਾਬ, ਮਹਾਰਾਜਾ ਪੋਰਸ ਦੇ ਕਾਲ ਤੋਂ ਹੀ ਸੂਰਬੀਰਾਂ, ਯੋਧਿਆਂ ਅਤੇ ਆਜ਼ਾਦ-ਫ਼ਿਤਰਤ ਲੋਕਾਂ ਦੀ ਧਰਤੀ ਰਿਹਾ ਹੈ।

# ਚਰਨਜੀਤ ਚੰਨੀ ਦੀ ਰਿਹਾਇਸ਼ 'ਤੇ ਪਹੁੰਚੇ ਤਿੰਨ ਵਿਧਾਇਕ ਤੇ 9 ਸਾਬਕਾ ਵਿਧਾਇਕ; ਪੰਜਾਬ ਦੇ ਲੋਕ ਚੰਨੀ ਨੂੰ ਚਾਹੁੰਦੇ ਹਨ : ਕਾਂਗੜ

ਚੰਡੀਗੜ੍ਹ, 4 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਸਾਬਕਾ ਮੁੱਖ ਮੰਤਰੀ ਚਰਨਜੀਤ ਚੰਨੀ ਦੇ 'ਮੋਰਿੰਡਾ ਇਕੱਠ' 'ਚ ਹੁਣ ਤੱਕ ਕਾਂਗਰਸ ਦੇ ਤਿੰਨ ਮੌਜੂਦਾ ਅਤੇ 9 ਸਾਬਕਾ ਵਿਧਾਇਕ ਪਹੁੰਚ ਗਏ ਹਨ। ਕਰੀਬ ਗਿਆਰਾਂ ਵਜੇ ਚੰਨੀ ਦੀ ਰਿਹਾਇਸ਼ 'ਤੇ ਉਨ੍ਹਾਂ ਦੇ ਸਮਰਥਕਾਂ ਦੀ ਆਮਦ ਸ਼ੁਰੂ ਹੋ ਗਈ ਸੀ। ਚੇਤੇ ਰਹੇ ਕਿ ਕਾਂਗਰਸ ਹਾਈਕਮਾਂਡ ਵੱਲੋਂ ਤਿਆਰ 'ਪੰਜਾਬ ਫ਼ਾਰਮੂਲਾ' ਖ਼ਿਲਾਫ਼ ਕਾਂਗਰਸ ਅੰਦਰ ਵੱਡੀ ਬੇਚੈਨੀ ਪੈਦਾ ਹੋ ਗਈ ਹੈ। ਹਾਈਕਮਾਂਡ ਵੱਲੋਂ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੂੰ ਬਰਕਰਾਰ ਰੱਖਿਆ ਹੈ।

ਚਾਰ ਨਵੀਆਂ ਕਮੇਟੀਆਂ ਦਾ ਗਠਨ ਕਰਕੇ ਅਗਾਮੀ ਚੋਣਾਂ ਲਈ ਪੰਜਾਬ ਕਾਂਗਰਸ ਦੇ ਸਭ ਧੜਿਆਂ ਦਰਮਿਆਨ ਸੰਤੁਲਨ ਬਣਾਉਣ ਦੀ ਵੀ ਕੋਸ਼ਿਸ਼ ਕੀਤੀ ਗਈ ਹੈ।

ਸੰਸਦ ਮੈਂਬਰ ਚਰਨਜੀਤ ਚੰਨੀ ਪੰਜਾਬ ਕਾਂਗਰਸ ਦੀ ਪ੍ਰਧਾਨਗੀ ਲਈ ਮਜ਼ਬੂਤ ਦਾਅਵੇਦਾਰ ਸਨ ਪ੍ਰੰਤੂ ਹਾਈਕਮਾਂਡ ਨੇ ਉਨ੍ਹਾਂ ਨੂੰ ਚੋਣ ਪ੍ਰਚਾਰ ਕਮੇਟੀ ਦੇ ਚੇਅਰਮੈਨ ਦੀ ਜ਼ਿੰਮੇਵਾਰੀ ਸੌਂਪੀ ਹੈ। ਹਾਈਕਮਾਂਡ ਵੱਲੋਂ ਕਮੇਟੀਆਂ 'ਚ ਐਡਜਸਟ ਕੀਤੇ ਕਾਂਗਰਸੀ ਆਗੂਆਂ ਚੋਂ ਬਹੁਤੇ ਆਗੂਆਂ ਨੇ ਹਾਈਕਮਾਂਡ ਦਾ ਨਿਯੁਕਤੀ ਮਗਰੋਂ ਧੰਨਵਾਦ ਵੀ ਨਹੀਂ ਕੀਤਾ ਹੈ ਜਿਸ ਤੋਂ ਸਾਫ਼ ਹੈ ਕਿ ਪੁਨਰਗਠਨ ਤੋਂ ਕੋਈ ਸੰਤੁਸ਼ਟ ਨਹੀਂ ਹੈ।

ਪੰਜਾਬ ਕਾਂਗਰਸ 'ਚ ਨਵੇਂ ਸਿਆਸੀ ਖਿਲਾਰੇ ਦਾ ਅੱਜ ਮੁੱਢ ਬੱਝ ਸਕਦਾ ਹੈ ਅਤੇ ਚੰਨੀ ਦੀ ਰਿਹਾਇਸ਼ ਤੋਂ ਕੋਈ ਨਵੇਂ ਪੈਂਤੜੇ ਦਾ ਐਲਾਨ ਵੀ ਹੋ ਸਕਦਾ ਹੈ। ਚੰਨੀ ਦੀ ਰਿਹਾਇਸ਼ 'ਤੇ ਹੁਣ ਤੱਕ ਪੁੱਜਣ ਵਾਲਿਆਂ 'ਚ ਤ੍ਰਿਪਤ ਸਿੰਘ ਬਾਜਵਾ,ਸੁਖਬਿੰਦਰ ਸਿੰਘ ਸੁੱਖ ਸਰਕਾਰੀਆ,ਰਾਣਾ ਗੁਰਜੀਤ ਸਿੰਘ (ਸਾਰੇ ਵਿਧਾਇਕ) , ਗੁਰਪ੍ਰੀਤ ਸਿੰਘ ਕਾਂਗੜ, ਓ ਪੀ ਸੋਨੀ, ਮੁਹੰਮਦ ਸਦੀਕ, ਮਦਨ ਲਾਲ ਜਲਾਲਪੁਰ, ਅੰਗਦ ਸਿੰਘ ਸੈਣੀ, ਕੁਸ਼ਲਦੀਪ ਸਿੰਘ ਕਿੱਕੀ ਢਿੱਲੋਂ, ਲਖਬੀਰ ਸਿੰਘ ਲੱਖਾ, ਦਲਵੀਰ ਸਿੰਘ ਗੋਲਡੀ, ਪਰਮਿੰਦਰ ਸਿੰਘ ਪਿੰਕੀ (ਸਾਰੇ ਸਾਬਕਾ ਵਿਧਾਇਕ) ਅਤੇ ਸਾਬਕਾ ਯੂਥ ਕਾਂਗਰਸ ਪ੍ਰਧਾਨ ਬਰਿੰਦਰ ਸਿੰਘ ਢਿੱਲੋਂ ਆਦਿ ਸ਼ਾਮਲ ਹਨ।

ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਦਾ ਕਹਿਣਾ ਸੀ ਕਿ ਪੰਜਾਬ ਦੇ ਲੋਕਾਂ ਦੀ ਆਵਾਜ਼ ਤਾਂ ਚੰਨੀ ਵੱਲ ਹੈ ਅਤੇ ਲੋਕ ਉਨ੍ਹਾਂ ਨੂੰ ਪ੍ਰਧਾਨਗੀ ਦੀ ਕੁਰਸੀ 'ਤੇ ਦੇਖਣਾ ਚਾਹੁੰਦੇ ਸਨ।

# ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਵੱਲੋਂ ਸ਼੍ਰੀ ਕਾਲੀ ਮਾਤਾ ਮੰਦਰ ਵਿਖੇ ਸ਼੍ਰੀ ਹਨੂੰਮਾਨ ਚਾਲੀਸਾ ਜੀ ਦਾ ਪਾਠ ਆਯੋਜਿਤ

**ਪਟਿਆਲਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪਿਛਲੇ 18 ਸਾਲਾਂ ਤੋਂ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ, ਸ਼ਿਵ ਸੈਨਾ ਹਿੰਦੁਸਤਾਨ ਦਾ ਧਾਰਮਿਕ ਵਿੰਗ – ਹਿੰਦੂ ਭਾਈਚਾਰੇ ਦੇ ਸਮਰਥਨ ਨਾਲ ਦੇਸ਼ ਭਰ ਦੇ ਮੰਦਰ ਕੰਪਲੈਕਸਾਂ ਵਿੱਚ ਸਨਾਤਨ ਹਿੰਦੂ ਧਰਮ ਦੇ ਗ੍ਰੰਥਾਂ ਦਾ ਲਗਾਤਾਰ ਪ੍ਰਚਾਰ ਪ੍ਰਸਾਰ ਕਰ ਰਿਹਾ ਹੈ।

ਇਸ ਚੱਲ ਰਹੀ ਪਹਿਲ ਦੇ ਹਿੱਸੇ ਵਜੋਂ, ਪੰਜਾਬ ਦੇ ਪਟਿਆਲਾ ਵਿੱਚ ਸਥਿਤ ਪ੍ਰਸਿੱਧ ਤੀਰਥ ਸਥਾਨ ਸ਼੍ਰੀ ਕਾਲੀ ਮਾਤਾ ਮੰਦਰ ਵਿਖੇ ਪਿਛਲੇ 18 ਸਾਲਾਂ ਤੋਂ ਸ਼੍ਰੀ ਹਨੂੰਮਾਨ ਚਾਲੀਸਾਜੀ ਦਾ ਪਾਠ ਨਿਯਮਿਤ ਤੌਰ 'ਤੇ ਕੀਤਾ ਜਾ ਰਿਹਾ ਹੈ। ਇਸ ਮੰਗਲਵਾਰ, ਪ੍ਰਸਿੱਧ ਭਜਨ ਗਾਇਕਾ ਅਤੇ ਧਾਰਮਿਕ ਪ੍ਰਚਾਰਕ ਸ਼੍ਰੀਮਤੀ ਬੀਨਾ ਬਾਂਸਲ ਜੀ, ਨੇਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੇ ਵਿਆਸ ਪੀਠ ਤੋਂ ਬੋਲਦਿਆਂ, ਭਗਵਾਨ ਸ਼੍ਰੀ ਰਾਮ ਜੀ ਦੇ ਪਰਮ ਭਗਤ ਸ਼੍ਰੀ ਹਨੂੰਮਾਨ ਜੀ ਦਾ ਗੁਣਗਾਨ ਕੀਤਾ। ਆਪਣੇ ਪ੍ਰਵਚਨ ਅਤੇ ਭਜਨ ਰਾਹੀਂ, ਉਨ੍ਹਾਂ ਨੇ ਇਕੱਠੇ ਹੋਏ ਸ਼ਰਧਾਲੂਆਂ ਅਤੇ ਭਗਵਾਨ ਸ਼੍ਰੀ ਰਾਮ ਦੇ ਕਮਲ ਚਰਨਾਂ ਵਿਚਕਾਰ ਸਿੱਧਾ ਅਧਿਆਤਮਿਕ ਸਬੰਧ ਬਣਾਇਆ। ਸ਼੍ਰੀ ਹਨੂੰਮਾਨ ਜੀ ਲਈ ਉਨ੍ਹਾਂ ਦੀ ਸੁਰੀਲੀ ਉਸਤਤ ਦੀ ਪੇਸ਼ਕਾਰੀ ਸੁਣ ਕੇ ਸ਼ਰਧਾਲੂ ਬਹੁਤ ਪ੍ਰਭਾਵਿਤ ਹੋਏ ਅਤੇ ਸ਼ਰਧਾ ਨਾਲ ਭਰ ਗਏ। ਉਨ੍ਹਾਂ ਕਿਹਾ ਕਿ ਪਰਮਾਤਮਾ ਆਪਣੇ ਆਪ ਨੂੰ ਉਨ੍ਹਾਂ ਲੋਕਾਂ ਨੂੰ ਪ੍ਰਗਟ ਕਰਦਾ ਹੈ ਜੋ ਬਿਨਾਂ ਹਉਮੈ ਦੇ ਪੂਜਾ ਕਰਦੇ ਹਨ; ਇਸ ਦੇ ਉਲਟ, ਉਹ ਆਪਣੇ ਆਪ ਨੂੰ ਉਨ੍ਹਾਂ ਲੋਕਾਂ ਤੋਂ ਦੂਰ ਕਰਦੇ ਹਨ ਜੋ ਆਪਣੀ ਭਗਤੀ ਪ੍ਰਤੀ ਹੰਕਾਰੀ ਹੋ ਜਾਂਦੇ ਹਨ। ਪਰਮਾਤਮਾ ਹਮੇਸ਼ਾ ਉਸ ਭਗਤ ਤੋਂ ਖੁਸ਼ ਹੁੰਦਾ ਹੈ ਜੋ ਆਪਣੇ ਅਤੇ ਪਰਮਾਤਮਾ ਵਿਚਕਾਰ ਭੇਦ ਨੂੰ ਖਤਮ ਕਰ ਦਿੰਦਾ ਹੈ, ਹਰ ਕਾਰਜ ਨੂੰ ਪਰਮਾਤਮਾ ਦੇ ਆਸ਼ੀਰਵਾਦ ਅਤੇ ਹੁਕਮ ਦੇ ਪ੍ਰਗਟਾਵੇ ਵਜੋਂ ਵੇਖਦਾ ਹੈ।

ਸ਼੍ਰੀ ਹਨੂੰਮਾਨ ਜੀ ਦੀ ਭਗਤੀ ਦੀ ਉਦਾਹਰਣ ਦਿੰਦੇ ਹੋਏ, ਉਨ੍ਹਾਂ ਨੇ ਸਮਝਾਇਆ ਕਿ ਭਗਵਾਨ ਸ਼ਿਵ ਦੇ ਅੰਸ਼ ਅਵਤਾਰ ਹੋਣ ਦੇ ਬਾਵਜੂਦ, ਸ਼੍ਰੀ ਹਨੂੰਮਾਨ ਜੀ ਨੇ ਭਗਵਾਨ ਸ਼੍ਰੀ ਰਾਮ ਲਈ ਕਾਰਜਾਂ ਨੂੰ ਪੂਰਾ ਕਰਨ ਤੋਂ ਬਾਅਦ ਆਪਣੀ ਅਪਾਰ ਸ਼ਕਤੀ ਬਾਰੇ ਕਦੇ ਵੀ ਹੰਕਾਰ ਦਾ ਸ਼ਿਕਾਰ ਨਹੀਂ ਹੋਏ। ਉਨ੍ਹਾਂ ਨੇ ਹਮੇਸ਼ਾ ਆਪਣੇ ਯਤਨਾਂ ਦੀ ਸਫਲਤਾ ਦਾ ਸਿਹਰਾ ਭਗਵਾਨ ਸ਼੍ਰੀ ਰਾਮ ਜੀ ਦੇ ਪਿਆਰ ਅਤੇ ਅਸ਼ੀਰਵਾਦ ਦੀ ਸ਼ਕਤੀ ਨੂੰ ਦਿੱਤਾ। ਉਨ੍ਹਾਂ ਦੁਹਰਾਇਆ ਕਿ ਪਰਮਾਤਮਾ ਹਮੇਸ਼ਾ ਉਨ੍ਹਾਂ ਸ਼ਰਧਾਲੂਆਂ ਤੋਂ ਆਪਣੇ ਆਪ ਨੂੰ ਦੂਰ ਕਰਦਾ ਹੈ ਜੋ ਆਪਣੀ ਭਗਤੀ ਦੀ ਸ਼ਕਤੀ 'ਤੇ ਮਾਣ ਕਰਦੇ ਹਨ। ਇਸ ਲਈ, ਸਾਨੂੰ ਸਾਰਿਆਂ ਨੂੰ ਹੰਕਾਰ ਤੋਂ ਮੁਕਤ ਭਗਤੀ ਦਾ ਅਭਿਆਸ ਕਰਨਾ ਚਾਹੀਦਾ ਹੈ ਅਤੇ ਹਰ ਸਥਿਤੀ ਵਿੱਚ ਪਰਮਾਤਮਾ ਦੀ ਕਿਰਪਾ ਲਈ ਸ਼ੁਕਰਗੁਜ਼ਾਰ ਰਹਿਣਾ ਚਾਹੀਦਾ ਹੈ।

ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੇ ਵਲੋ ਸਨਾਤਨ ਧਰਮ ਦੇ ਪ੍ਰਚਾਰ ਲਈ ਕੀਤੇ ਗਏ ਯਤਨਾਂ ਨੂੰ ਸਵੀਕਾਰ ਕਰਦੇ ਹੋਏ, ਸ਼੍ਰੀਮਤੀ ਬੀਨਾ ਬਾਂਸਲ ਜੀ ਨੇ ਸਨਾਤਨ ਧਰਮ ਦੇ ਸਾਰੇ ਪੈਰੋਕਾਰਾਂ ਨੂੰ ਸਨਾਤਨ ਧਰਮ ਅਤੇ ਸੱਭਿਆਚਾਰ ਨੂੰ ਸੁਰੱਖਿਅਤ ਰੱਖਣ ਅਤੇ ਨੌਜਵਾਨ ਪੀੜ੍ਹੀ ਨੂੰ ਧਰਮ ਗ੍ਰੰਥਾਂ ਨਾਲ ਜੋੜ ਕੇ ਪ੍ਰੇਰਿਤ ਕਰਨ ਲਈ ਅੱਗੇ ਆਉਣ ਦੀ ਅਪੀਲ ਕੀਤੀ। ਅੰਤ ਵਿੱਚ, ਇਕੱਠ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੇ ਰਾਸ਼ਟਰੀ ਸੰਯੋਜਕ ਸੰਚਾਲਕ ਸ਼੍ਰੀ ਪਵਨ ਗੁਪਤਾ ਨੇ ਸ਼ਰਧਾਲੂਆਂ ਨੂੰ ਧਰਮ ਗ੍ਰੰਥਾਂ 'ਤੇ ਆਧਾਰਿਤ ਸਵਾਲ ਪੁੱਛੇ; ਸਹੀ ਜਵਾਬ ਦੇਣ ਵਾਲਿਆਂ ਨੂੰ ਸਨਮਾਨਿਤ ਕੀਤਾ ਗਿਆ, ਸ਼੍ਰੀਮਤੀ ਸੁਨੀਤਾ, ਸ਼੍ਰੀ ਰਮੇਸ਼ ਕੁਮਾਰ, ਸ਼੍ਰੀ ਜਸਕਰਨ ਅਤੇ ਪੰਡਿਤ ਜੀ ਨੂੰ ਵਿਸ਼ੇਸ਼ ਸਨਮਾਨ ਦਿੱਤਾ ਗਿਆ।

ਇਸ ਸਮਾਗਮ ਦਾ ਸਮਾਪਨ ਸਾਰੇ ਸ਼ਰਧਾਲੂਆਂ ਵਲੋ ਡੂੰਘੀ ਸ਼ਰਧਾ ਅਤੇ ਸ਼ਰਧਾ ਨਾਲ ਸ਼੍ਰੀ ਹਨੂੰਮਾਨ ਚਾਲੀਸਾ ਦੇ ਪਾਠ ਨਾਲ ਹੋਇਆ। ਪ੍ਰਸਿੱਧ ਭਜਨ ਗਾਇਕਾ ਸ਼੍ਰੀਮਤੀ ਵੀਨਾ ਬਾਂਸਲ ਨੇ ਸ਼੍ਰੀ ਹਨੂੰਮਾਨ ਜੀ ਦੀ ਆਰਤੀ ਕੀਤੀ, ਪ੍ਰਸ਼ਾਦ ਭੇਟ ਕੀਤਾ, ਅਤੇ ਬਾਅਦ ਵਿੱਚ ਇਸਨੂੰ ਸ਼ਰਧਾਲੂਆਂ ਵਿੱਚ ਵੰਡਿਆ ਗਿਆ। ਇਸ ਮੌਕੇ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੇ ਅਹੁਦੇਦਾਰ ਅਤੇ ਵਲੰਟੀਅਰ ਮੌਜੂਦ ਸਨ, ਜਿਨ੍ਹਾਂ ਵਿੱਚ ਸ਼੍ਰੀਮਤੀ ਸੁਮਨ ਗੁਪਤਾ (ਪੰਜਾਬ ਪ੍ਰਧਾਨ, ਮਹਿਲਾ ਵਿੰਗ), ਸ਼੍ਰੀਮਤੀ ਗੀਤਾ ਗੋਇਲ (ਰਾਜ ਜਨਰਲ ਸਕੱਤਰ), ਸ਼੍ਰੀਮਤੀ ਸੁਨੀਤਾ, ਸ਼੍ਰੀਮਤੀ ਵੀਰਤਾ, ਸ਼੍ਰੀਮਤੀ ਜਸਵੀਰ, ਸ਼੍ਰੀ ਚੰਦਰ ਸ਼ਰਮਾ (ਰਾਜ ਜਨਰਲ ਸਕੱਤਰ ਅਤੇ ਖਜ਼ਾਨਚੀ), ਸ਼੍ਰੀ ਪੱਪੂ ਕੁਮਾਰ, ਸ਼੍ਰੀ ਗੁੱਡੂ, ਸ਼੍ਰੀ ਰਾਜਕੁਮਾਰ ਬਿੱਟੂ ਅਤੇ ਸ਼੍ਰੀ ਰਮੇਸ਼ ਕੁਮਾਰ ਸ਼ਾਮਲ ਸਨ।

# ਭਗਵੰਤ ਮਾਨ ਸਰਕਾਰ ਨੇ ਮਾਵਾਂ-ਧੀਆਂ ਦਾ ਕੀਤਾ ਸਤਿਕਾਰ, ਔਰਤਾਂ ਦੇ ਖਾਤਿਆਂ 'ਚ ਰਾਸ਼ੀ ਪਾਉਣ ਦੀ ਗਾਰੰਟੀ ਕੀਤੀ ਪੂਰੀ: ਅਜੀਤਪਾਲ ਸਿੰਘ ਕੋਹਲੀ

**ਪਟਿਆਲਾ, 4 ਜੁਲਾਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**



ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਆਗੂ ਅਤੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਹੈ ਕਿ ਮਾਨ ਸਰਕਾਰ ਨੇ ਸੂਬੇ ਦੀਆਂ ਮਾਵਾਂ-ਧੀਆਂ ਦਾ ਅਸਲ ਸਤਿਕਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਔਰਤਾਂ ਨਾਲ ਕੀਤੇ ਗਏ ਵਾਅਦਿਆਂ ਨੂੰ ਸਰਕਾਰ ਨੇ ਪੂਰੀ ਤਨਦੇਹੀ ਨਾਲ ਨਿਭਾਇਆ ਹੈ ਅਤੇ ਸੂਬੇ ਦੀਆਂ ਔਰਤਾਂ ਦੇ ਬੈਂਕ ਖਾਤਿਆਂ ਵਿੱਚ ਮਾਸਿਕ ਵਿੱਤੀ ਸਹਾਇਤਾ ਰਾਸ਼ੀ ਪਾਉਣ ਦੀ ਇਤਿਹਾਸਕ ਗਾਰੰਟੀ ਨੂੰ ਸਫਲਤਾਪੂਰਵਕ ਪੂਰਾ ਕਰਕੇ ਵਿਖਾਇਆ ਹੈ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੋਹਲੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇਸ਼ ਦੀ ਇੱਕੋ-ਇੱਕ ਅਜਿਹੀ ਸਿਆਸੀ ਪਾਰਟੀ ਹੈ, ਜੋ ਵੀ ਕਹਿੰਦੀ ਹੈ, ਉਹ ਕਰਕੇ ਦਿਖਾਉਂਦੀ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਹਮੇਸ਼ਾ ਔਰਤਾਂ ਨੂੰ ਸਿਰਫ਼ ਵੋਟ ਬੈਂਕ ਵਜੋਂ ਵਰਤਿਆ ਅਤੇ ਚੋਣਾਂ ਤੋਂ ਬਾਅਦ ਉਨ੍ਹਾਂ ਦੀਆਂ ਲੋੜਾਂ ਨੂੰ ਵਿਸਾਰ ਦਿੱਤਾ। ਇਸ ਦੇ ਉਲਟ, ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਨੇ ਸੱਤਾ ਸੰਭਾਲਦਿਆਂ ਹੀ ਔਰਤਾਂ ਦੇ ਸਸ਼ਕਤੀਕਰਨ ਅਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਆਤਮ-ਨਿਰਭਰ ਬਣਾਉਣ ਲਈ ਠੋਸ ਕਦਮ ਚੁੱਕੇ ਹਨ।

ਵਿਧਾਇਕ ਕੋਹਲੀ ਨੇ ਦੱਸਿਆ ਕਿ ਸਰਕਾਰ ਦੇ ਇਸ ਫੈਸਲੇ ਨਾਲ ਸੂਬੇ ਦੀਆਂ ਔਰਤਾਂ ਵਿੱਚ ਭਾਰੀ ਉਤਸ਼ਾਹ ਅਤੇ ਖੁਸ਼ੀ ਦੀ ਲਹਿਰ ਹੈ। ਇਸ ਵਿੱਤੀ ਸਹਾਇਤਾ ਨਾਲ ਹੁਣ ਮਾਵਾਂ-ਧੀਆਂ ਨੂੰ ਆਪਣੀਆਂ ਛੋਟੀਆਂ-ਮੋਟੀਆਂ ਲੋੜਾਂ ਲਈ ਕਿਸੇ ਹੋਰ 'ਤੇ ਨਿਰਭਰ ਨਹੀਂ ਹੋਣਾ ਪਵੇਗਾ। ਉਨ੍ਹਾਂ ਆਖਿਆ ਕਿ ਵਿਰੋਧੀ ਪਾਰਟੀਆਂ ਜੋ ਕਦੇ ਇਸ ਗਾਰੰਟੀ ਨੂੰ ਅਸੰਭਵ ਦੱਸਦੀਆਂ ਸਨ, ਅੱਜ ਮਾਨ ਸਰਕਾਰ ਦੀ ਕਾਰਗੁਜ਼ਾਰੀ ਦੇਖ ਕੇ ਲਾਜਵਾਬ ਹੋ ਚੁੱਕੀਆਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਪੰਜਾਬ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਇਸੇ ਤਰ੍ਹਾਂ ਇਤਿਹਾਸਕ ਫੈਸਲੇ ਲੈਂਦੀ ਰਹੇਗੀ। ਅਜੀਤਪਾਲ ਸਿੰਘ ਕੋਹਲੀ ਨੇ ਜ਼ੋਰ ਦੇ ਕੇ ਕਿਹਾ ਕਿ ਮਾਨ ਸਰਕਾਰ ਨਾ ਸਿਰਫ਼ ਔਰਤਾਂ, ਸਗੋਂ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਦਿਨ-ਰਾਤ ਕੰਮ ਕਰ ਰਹੀ ਹੈ। ਉਨ੍ਹਾਂ ਸਰਕਾਰ ਦੀਆਂ ਪ੍ਰਮੁੱਖ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੰਜਾਬ ਦੇ ਲਗਭਗ 90 ਫੀਸਦੀ ਘਰਾਂ ਦਾ ਬਿਜਲੀ ਬਿੱਲ ਹੁਣ ਜ਼ੀਰੋ ਆ ਰਿਹਾ ਹੈ, ਜਿਸ ਦਾ ਸਭ ਤੋਂ ਵੱਡਾ ਫਾਇਦਾ ਘਰ ਦੀਆਂ ਮਹਿਲਾਵਾਂ ਨੂੰ ਹੋਇਆ ਹੈ, ਕਿਉਂਕਿ ਉਨ੍ਹਾਂ ਦੇ ਘਰੇਲੂ ਬਜਟ ਦਾ ਬੋਝ ਘਟਿਆ ਹੈ। ਹਜ਼ਾਰਾਂ ਨੌਜਵਾਨਾਂ ਨੂੰ ਬਿਨਾਂ ਕਿਸੇ ਰਿਸ਼ਵਤ ਜਾਂ ਸਿਫਾਰਸ਼ ਦੇ, ਨਿਰੋਲ ਮੈਰਿਟ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਲੜਕੀਆਂ ਦੀ ਵੱਡੀ ਗਿਣਤੀ ਸ਼ਾਮਲ ਹੈ।

'ਆਮ ਆਦਮੀ ਕਲੀਨਿਕ' ਅਤੇ 'ਸਕੂਲ ਆਫ਼ ਐਮੀਨੈਂਸ' ਵਰਗੇ ਉਪਰਾਲਿਆਂ ਨੇ ਆਮ ਪਰਿਵਾਰਾਂ ਦੇ ਬੱਚਿਆਂ ਲਈ ਮਿਆਰੀ ਸਿੱਖਿਆ ਅਤੇ ਮੁਫ਼ਤ ਇਲਾਜ ਯਕੀਨੀ ਬਣਾਇਆ ਹੈ। ਵਿਧਾਇਕ ਕੋਹਲੀ ਨੇ ਕਿਹਾ ਆਮ ਆਦਮੀ ਪਾਰਟੀ ਦੀ ਸਰਕਾਰ ਦੇਸ਼ ਦੀ ਇੱਕੋ-ਇੱਕ ਅਜਿਹੀ ਸਰਕਾਰ ਹੈ, ਜਿਸ ਨੇ ਰਵਾਇਤੀ ਸਿਆਸਤ ਤੋਂ ਉੱਪਰ ਉੱਠ ਕੇ ਆਮ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਕੰਮ ਕੀਤਾ ਹੈ। ਮਾਵਾਂ-ਧੀਆਂ ਦੇ ਖਾਤਿਆਂ ਵਿੱਚ ਰਾਸ਼ੀ ਪਾਉਣ ਦੀ ਗਾਰੰਟੀ ਪੂਰੀ ਕਰਨਾ ਇਸ ਗੱਲ ਦਾ ਪ੍ਰਮਾਣ ਹੈ ਕਿ ਸਾਡੀ ਨੀਅਤ ਸਾਫ਼ ਹੈ।

ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ÷ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਮਾਵਾਂ-ਧੀਆਂ ਦੇ ਖਾਤਿਆਂ ਵਿੱਚ ਰਾਸ਼ੀ ਪਾਉਣ ਦੀ ਗਾਰੰਟੀ ਪੂਰੀ ਕਰਕੇ ਇੱਕ ਇਤਿਹਾਸਕ ਮਿਸਾਲ ਕਾਇਮ ਕੀਤੀ ਹੈ। ਸਾਡੀ ਸਰਕਾਰ ਨੇ ਹਮੇਸ਼ਾ ਔਰਤਾਂ ਦੇ ਸਨਮਾਨ ਅਤੇ ਉਨ੍ਹਾਂ ਦੇ ਸਮਾਜਿਕ-ਆਰਥਿਕ ਸਸ਼ਕਤੀਕਰਨ ਨੂੰ ਪਹਿਲ ਦਿੱਤੀ ਹੈ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਜੀ ਦੇ ਕਹੇ ਅਨੁਸਾਰ, 'ਆਪ' ਸਰਕਾਰ ਦੇਸ਼ ਦੀ ਇੱਕੋ-ਇੱਕ ਅਜਿਹੀ ਸਰਕਾਰ ਹੈ ਜੋ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ। ਪਟਿਆਲਾ ਨਗਰ ਨਿਗਮ ਵੀ ਸਰਕਾਰ ਦੀ ਇਸੇ ਸੋਚ 'ਤੇ ਪਹਿਰਾ ਦਿੰਦਿਆਂ ਸ਼ਹਿਰ ਦੇ ਵਿਕਾਸ ਅਤੇ ਲੋਕ-ਭਲਾਈ ਯੋਜਨਾਵਾਂ ਨੂੰ ਹਰ ਘਰ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਿਹਾ ਹੈ।

# ਵਿਧਾਇਕ ਸੰਗੋਵਾਲ ਵੱਲੋਂ ਲੋਕ ਮਿਲਣੀਆਂ, ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ : ਜਸਵੰਤ ਸਿੰਘ



**ਲੁਧਿਆਣਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਗਿੱਲ ਦੇ ਵਿਧਾਇਕ ਜੀਵਨ ਸਿੰਘ ਸੰਗੋਵਾਲ ਨੇ ਪਿੰਡ ਸੀਲੋ ਕਲਾ, ਸੀਲੋ ਖ਼ੁਰਦ ਅਤੇ ਮੁਕੰਦਪੁਰ ਦਾ ਦੌਰਾ ਕਰਕੇ ਲੋਕ ਮਿਲਣੀਆਂ ਕੀਤੀਆਂ। ਇਸ ਦੌਰਾਨ ਉਨ੍ਹਾਂ ਨੇ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ, ਚੱਲ ਰਹੇ ਕੰਮਾਂ ਦਾ ਜਾਇਜ਼ਾ ਲਿਆ ਅਤੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣਦਿਆਂ ਜਲਦੀ ਹੱਲ ਦਾ ਭਰੋਸਾ ਦਿੱਤਾ।

ਪਿੰਡ ਸੀਲੋ ਕਲਾ ਵਿਖੇ ਵਿਧਾਇਕ ਨੇ ਨਵੇਂ ਸੀਵਰੇਜ ਪ੍ਰੋਜੈਕਟ ਦਾ ਉਦਘਾਟਨ ਕੀਤਾ ਅਤੇ ਵਿਕਾਸ ਲਈ ਗ੍ਰਾਂਟਾਂ ਦੇਣ ਦਾ ਐਲਾਨ ਕੀਤਾ।

ਸੀਲੋ ਖ਼ੁਰਦ ਵਿੱਚ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਵਿੱਚ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਮੁਕੰਦਪੁਰ ਵਿਖੇ ਉਨ੍ਹਾਂ ਲੋਕਾਂ ਨਾਲ ਰੂਬਰੂ ਹੋ ਕੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਅਤੇ ਕਿਹਾ ਕਿ ਹਲਕੇ ਦੇ ਹਰ ਪਿੰਡ ਦਾ ਸਰਵਪੱਖੀ ਵਿਕਾਸ ਉਨ੍ਹਾਂ ਦੀ ਪਹਿਲੀ ਤਰਜੀਹ ਹੈ।

ਇਸ ਮੌਕੇ ਜਸਵੰਤ ਸਿੰਘ (ਬਲਾਕ ਸੰਮਤੀ ਮੈਂਬਰ), ਸਰਪੰਚ ਹਰਤੇਜ ਸਿੰਘ ਗਿੱਲ, ਜਸ਼ਨਦੀਪ ਸਿੰਘ ਪੰਚ, ਸਿਮਰਨ ਸਿੰਘ ਪੰਚ, ਹਰਨੇਕ ਸਿੰਘ ਪੰਚ, ਲਖਵੀਰ ਸਿੰਘ ਪੰਚ, ਚਰਨਜੀਤ ਕੌਰ ਪੰਚ, ਹਰਜਿੰਦਰ ਕੌਰ ਪੰਚ,ਜਾਵੇਦਾ ਪੰਚ, ਕਰਮਜੀਤ ਸਿੰਘ ਸਰਕਲ ਪ੍ਰਧਾਨ, ਪਿੰਡ ਸੀਲੋ ਖ਼ੁਰਦ ਤੋਂ ਸਰਪੰਚ ਕੁਲਦੀਪ ਸਿੰਘ, ਮਨਜਿੰਦਰ ਸਿੰਘ ਪੰਚ, ਸੁਖਵਿੰਦਰ ਸਿੰਘ ਪੰਚਆਦਿ ਹਾਜ਼ਰ ਸਨ।

# ਠੇਕਾ ਅਤੇ ਆਊਟਸੋਰਸ ਮੁਲਾਜ਼ਮਾਂ ਨੇ ਹੜਤਾਲ ਵਾਪਸ ਲਈ; ਪੰਜਾਬ ਦੇ ਥਰਮਲ ਪਾਵਰ ਪਲਾਂਟਾਂ ਦਾ ਕੰਮਕਾਜ ਸੁਚਾਰੂ ਅਤੇ ਕੁਸ਼ਲਤਾ ਨਾਲ ਜਾਰੀ ਰਹੇਗਾ

**ਪਟਿਆਲਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਭਰ ਦੇ ਬਿਜਲੀ ਖਪਤਕਾਰਾਂ ਲਈ ਇੱਕ ਵੱਡੀ ਰਾਹਤ ਦੀ ਖ਼ਬਰ ਹੈ ਕਿ ਰੋਪੜ ਅਤੇ ਲਹਿਰਾ ਮੁਹੱਬਤ ਦੇ ਥਰਮਲ ਪਾਵਰ ਪਲਾਂਟਾਂ ਦੀਆਂ ਠੇਕਾ ਅਤੇ ਆਊਟਸੋਰਸ ਮੁਲਾਜ਼ਮ ਯੂਨੀਅਨਾਂ ਨੇ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਹੱਲ ਕੀਤੇ ਜਾਣ ਤੋਂ ਬਾਅਦ ਹੜਤਾਲ ਵਾਪਸ ਲੈ ਲਈ ਹੈ।

ਹਾਲਾਂਕਿ ਇਸ ਅੰਦੋਲਨ ਦੌਰਾਨ ਸੂਬੇ ਦੇ ਥਰਮਲ ਪਾਵਰ ਪਲਾਂਟ ਚਾਲੂ ਰਹੇ, ਪਰ ਹੜਤਾਲ ਖ਼ਤਮ ਹੋਣ ਨਾਲ ਪਲਾਂਟਾਂ ਦਾ ਕੰਮਕਾਜ ਵਧੇਰੇ ਸੁਚਾਰੂ, ਕੁਸ਼ਲ ਅਤੇ ਨਿਰਵਿਘਨ ਹੋਣ ਦੀ ਉਮੀਦ ਹੈ। ਇਸ ਨਾਲ ਸੂਬੇ ਭਰ ਦੇ ਬਿਜਲੀ ਖਪਤਕਾਰਾਂ ਨੂੰ, ਖ਼ਾਸ ਕਰਕੇ ਬਿਜਲੀ ਦੀ ਸਿਖਰਲੀ (ਪੀਕ) ਮੰਗ ਦੇ ਸੀਜ਼ਨ ਦੌਰਾਨ, ਵੱਡੀ ਰਾਹਤ ਮਿਲੇਗੀ।

ਯੂਨੀਅਨਾਂ ਨੇ ਉਸਾਰੂ ਗੱਲਬਾਤ ਰਾਹੀਂ ਮੁਲਾਜ਼ਮਾਂ ਦੇ ਲੰਮੇ ਸਮੇਂ ਤੋਂ ਲਟਕਦੇ ਮਸਲਿਆਂ ਨੂੰ ਹੱਲ ਕਰਨ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਬਿਜਲੀ ਮੰਤਰੀ ਤਰੁਨਪ੍ਰੀਤ ਸਿੰਘ ਸੌਂਧ ਅਤੇ ਪੀ.ਐਸ.ਪੀ.ਸੀ.ਐਲ. ਦੇ ਸੀ.ਐਮ.ਡੀ. ਬਸੰਤ ਗਰਗ ਦਾ ਧੰਨਵਾਦ ਪ੍ਰਗਟਾਇਆ।

ਯੂਨੀਅਨ ਦੇ ਪ੍ਰਧਾਨ ਰਾਜ ਕੁਮਾਰ ਤਿਵਾੜੀ ਨੇ ਦੱਸਿਆ ਕਿ ਉਹ ਪਿਛਲੇ 25 ਸਾਲਾਂ ਦੇ ਲੰਮੇ ਸਮੇਂ ਤੋਂ ਆਪਣੀਆਂ ਮੰਗਾਂ ਮਨਵਾਉਣ ਲਈ ਸੰਘਰਸ਼ ਕਰ ਰਹੇ ਸਨ। ਉਨ੍ਹਾਂ ਕਿਹਾ, ਵਾਰ-ਵਾਰ ਮੰਗ ਪੱਤਰ ਦੇਣ ਦੇ ਬਾਵਜੂਦ ਸਾਡੀਆਂ ਮੰਗਾਂ ਦਹਾਕਿਆਂ ਤੋਂ ਅਣਸੁਲਝੀਆਂ ਸਨ, ਪਰ ਸੀ.ਐਮ.ਡੀ. ਨਾਲ ਸਾਡੀ ਮੀਟਿੰਗ ਹੋਈ ਅਤੇ ਸਰਕਾਰ ਵੱਲੋਂ ਸਾਡੀਆਂ ਮੰਗਾਂ ਤੇ ਵਿਚਾਰ ਕੀਤਾ ਗਿਆ ਹੈ, ਜਿਸ ਤੋਂ ਬਾਅਦ ਅਸੀਂ ਹੜਤਾਲ ਵਾਪਸ ਲੈ ਲਈ ਹੈ।

ਤਿਵਾੜੀ ਨੇ ਮੁਲਾਜ਼ਮਾਂ ਦੇ ਦੁੱਖ-ਦਰਦ ਸੁਣਨ ਅਤੇ ਉਨ੍ਹਾਂ ਨੂੰ ਹੱਲ ਕਰਨ ਲਈ ਠੋਸ ਕਦਮ ਚੁੱਕਣ ਵਾਸਤੇ ਮੁੱਖ ਮੰਤਰੀ ਮਾਨ, ਬਿਜਲੀ ਮੰਤਰੀ ਅਤੇ ਪੀ.ਐਸ.ਪੀ.ਸੀ.ਐਲ. ਦੇ ਸੀ.ਐਮ.ਡੀ. ਦਾ ਧੰਨਵਾਦ ਕੀਤਾ। ਉਨ੍ਹਾਂ ਇਸ ਫ਼ੈਸਲੇ ਨੂੰ ਪੰਜਾਬ ਦੇ ਥਰਮਲ ਪਾਵਰ ਸੈਕਟਰ ਵਿੱਚ ਕੰਮ ਕਰਦੇ ਹਜ਼ਾਰਾਂ ਠੇਕਾ ਅਤੇ ਆਊਟਸੋਰਸ ਮੁਲਾਜ਼ਮਾਂ ਲਈ ਇੱਕ ਇਤਿਹਾਸਕ ਪ੍ਰਾਪਤੀ ਦੱਸਿਆ।

ਯੂਨੀਅਨ ਨੇ ਬਿਆਨ ਦਿੱਤਾ ਕਿ ਸਾਰੇ ਮੁਲਾਜ਼ਮ ਤੁਰੰਤ ਆਪਣੀ ਡਿਊਟੀ ਤੇ ਪਰਤਣਗੇ, ਜਿਸ ਨਾਲ ਥਰਮਲ ਪਾਵਰ ਪਲਾਂਟਾਂ ਦਾ ਕੰਮਕਾਜ ਪੂਰੀ ਤਰ੍ਹਾਂ ਆਮ ਵਾਂਗ ਬਹਾਲ ਹੋ ਜਾਵੇਗਾ।

# 'ਲੋਕ ਮਿਲਣੀ' ਪ੍ਰੋਗਰਾਮਾਂ ਰਾਹੀਂ ਸਰਕਾਰ ਅਤੇ ਲੋਕਾਂ ਵਿਚਕਾਰ ਵਧਿਆ ਸਿੱਧਾ ਸੰਵਾਦ: ਦਲਵੀਰ ਸਿੰਘ ਢਿੱਲੋਂ



**ਧੂਰੀ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਪਿੰਡ ਰੰਗੀਆਂ ਵਿਖੇ ਕਰਵਾਈ ਗਈ 'ਲੋਕ ਮਿਲਣੀ' ਦੌਰਾਨ ਪਿੰਡ ਵਾਸੀਆਂ ਨਾਲ ਸਿੱਧਾ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ, ਮੰਗਾਂ ਅਤੇ ਸੁਝਾਵ ਸੁਣੇ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਪੱਖੀ ਪ੍ਰਸ਼ਾਸਨ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਅਤੇ ਹਰ ਯੋਗ ਸਮੱਸਿਆ ਦਾ ਸਮੇਂ ਸਿਰ ਨਿਪਟਾਰਾ ਯਕੀਨੀ ਬਣਾਇਆ ਜਾ ਰਿਹਾ ਹੈ। ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ 'ਲੋਕ ਮਿਲਣੀ' ਪ੍ਰੋਗਰਾਮਾਂ ਦਾ ਉਦੇਸ਼ ਸਰਕਾਰ ਅਤੇ ਲੋਕਾਂ ਵਿਚਕਾਰ ਸਿੱਧਾ ਸੰਵਾਦ ਸਥਾਪਤ ਕਰਨਾ ਹੈ ਤਾਂ ਜੋ ਲੋਕਾਂ ਨੂੰ ਆਪਣੇ ਕੰਮਾਂ ਲਈ ਸਰਕਾਰੀ ਦਫ਼ਤਰਾਂ ਦੇ ਵਾਰ-ਵਾਰ ਚੱਕਰ ਨਾ ਕੱਟਣੇ ਪੈਣ। ਉਨ੍ਹਾਂ ਕਿਹਾ ਕਿ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਨਵੀਆਂ ਵਿਕਾਸ ਯੋਜਨਾਵਾਂ ਵੀ ਲਾਗੂ ਕੀਤੀਆਂ ਜਾ ਰਹੀਆਂ ਹਨ।

ਉਨ੍ਹਾਂ ਨੇ ਹਾਜ਼ਰ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਵੱਲੋਂ ਉਠਾਏ ਗਏ ਹਰ ਜਾਇਜ਼ ਮਸਲੇ ਦਾ ਤੁਰੰਤ ਅਤੇ ਨਿਯਮਾਂ ਅਨੁਸਾਰ ਨਿਪਟਾਰਾ ਕੀਤਾ ਜਾਵੇ, ਤਾਂ ਜੋ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਬੇਲੋੜੀ ਖੱਜਲ-ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਸੁਚਾਰੂ, ਪਾਰਦਰਸ਼ੀ ਅਤੇ ਜਵਾਬਦੇਹ ਪ੍ਰਸ਼ਾਸਨ ਦੇਣਾ ਹੈ।

ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾਂ, ਪਿੰਡ ਰੰਗੀਆਂ ਦੇ ਸਰਪੰਚ ਅਮ੍ਰਿਤਪਾਲ ਸਿੰਘ, ਬਲਾਕ ਪ੍ਰਧਾਨ ਬੂਟਾ ਸਿੰਘ ਸੁਲਤਾਨਪੁਰ, ਸਮੂਹ ਗ੍ਰਾਮ ਪੰਚਾਇਤ ਦੇ ਮੈਂਬਰ, ਪਾਰਟੀ ਦੇ ਆਗੂ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਚੇਅਰਮੈਨ ਤੇਜਿੰਦਰ ਮਹਿਤਾ ਵੱਲੋਂ ਪੋਲੋ ਗਰਾਊਂਡ ਦਾ ਦੌਰਾ; ਡੀਐਸਓ ਨੇ ਸਮੱਸਿਆਵਾਂ ਲਿਆਂਦੀਆਂ ਧਿਆਨ ਵਿੱਚ

**ਪਟਿਆਲਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲ੍ਹਾ ਯੋਜਨਾ ਕਮੇਟੀ ਪਟਿਆਲਾ ਦੇ ਚੇਅਰਮੈਨ ਤੇਜਿੰਦਰ ਮਹਿਤਾ ਨੇ ਬੁੱਧਵਾਰ ਸਵੇਰੇ ਪਟਿਆਲਾ ਦੇ ਪੋਲੋ ਗਰਾਊਂਡ ਦਾ ਦੌਰਾ ਕਰਕੇ ਉੱਥੇ ਖਿਡਾਰੀਆਂ ਲਈ ਉਪਲਬਧ ਖੇਡ ਸਹੂਲਤਾਂ, ਸਿਖਲਾਈ ਪ੍ਰਬੰਧਾਂ ਅਤੇ ਬੁਨਿਆਦੀ ਢਾਂਚੇ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਫੈਂਸਿੰਗ, ਬਾਕਸਿੰਗ, ਜੂਡੋ, ਬੈਡਮਿੰਟਨ, ਐਥਲੈਟਿਕਸ ਸਮੇਤ ਹੋਰਨਾਂ ਖੇਡਾਂ ਦੀ ਸਿਖਲਾਈ ਦਾ ਨਿਰੀਖਣ ਕੀਤਾ ਅਤੇ ਵੱਖ-ਵੱਖ ਖੇਡਾਂ ਦੇ ਕੋਚਾਂ ਅਤੇ ਖਿਡਾਰੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਤੋਂ ਸਿਖਲਾਈ ਅਤੇ ਖੇਡ ਸਹੂਲਤਾਂ ਸਬੰਧੀ ਫੀਡਬੈਕ ਪ੍ਰਾਪਤ ਕੀਤਾ।

ਦੌਰੇ ਦੌਰਾਨ ਜ਼ਿਲ੍ਹਾ ਖੇਡ ਅਧਿਕਾਰੀ (ਡੀਐਸਓ) ਨਵਜੋਤ ਧਾਲੀਵਾਲ ਨੇ ਪੋਲੋ ਗਰਾਊਂਡ ਨਾਲ ਸਬੰਧਤ ਵੱਖ-ਵੱਖ ਸਮੱਸਿਆਵਾਂ ਅਤੇ ਲੋੜਾਂ ਚੇਅਰਮੈਨ ਸ੍ਰੀ ਮਹਿਤਾ ਦੇ ਧਿਆਨ ਵਿੱਚ ਲਿਆਂਦੀਆਂ। ਚੇਅਰਮੈਨ ਮਹਿਤਾ ਨੇ ਭਰੋਸਾ ਦਿੱਤਾ ਕਿ ਖਿਡਾਰੀਆਂ ਅਤੇ ਖੇਡ ਵਿਭਾਗ ਵੱਲੋਂ ਉਠਾਏ ਗਏ ਜਾਇਜ਼ ਮਸਲਿਆਂ ਦਾ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਜਲਦੀ ਹੱਲ ਕਰਵਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਉਨ੍ਹਾਂ ਇਹ ਵੀ ਕਿਹਾ ਕਿ ਜਿੱਥੇ ਲੋੜ ਪਵੇਗੀ, ਉੱਥੇ ਜ਼ਿਲ੍ਹਾ ਯੋਜਨਾ ਕਮੇਟੀ ਵੱਲੋਂ ਵੀ ਫੰਡ ਉਪਲਬਧ ਕਰਵਾਉਣ ਦੀ ਪੂਰੀ ਕੋਸ਼ਿਸ਼ ਕੀਤੀ ਜਾਵੇਗੀ, ਤਾਂ ਜੋ ਖਿਡਾਰੀਆਂ ਨੂੰ ਹੋਰ ਬਿਹਤਰ ਖੇਡ ਸਹੂਲਤਾਂ ਮਿਲ ਸਕਣ।

ਚੇਅਰਮੈਨ ਸ੍ਰੀ ਮਹਿਤਾ ਨੇ ਕਿਹਾ ਕਿ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਖੇਡਾਂ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਦ੍ਰਿੜ੍ਹ ਇਰਾਦੇ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜਦੋਂ ਨੌਜਵਾਨ ਖੇਡ ਮੈਦਾਨਾਂ ਨਾਲ ਜੁੜਦੇ ਹਨ ਤਾਂ ਉਨ੍ਹਾਂ ਦੀ ਊਰਜਾ ਸਕਾਰਾਤਮਕ ਦਿਸ਼ਾ ਵੱਲ ਲੱਗਦੀ ਹੈ ਅਤੇ ਉਹ ਸਿਹਤਮੰਦ ਤੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸੇ ਸੋਚ ਨਾਲ ਪੰਜਾਬ ਸਰਕਾਰ ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਖਿਡਾਰੀਆਂ ਨੂੰ ਆਧੁਨਿਕ ਸਹੂਲਤਾਂ ਪ੍ਰਦਾਨ ਕਰਨ ਅਤੇ ਪਿੰਡਾਂ ਤੋਂ ਲੈ ਕੇ ਸ਼ਹਿਰਾਂ ਤੱਕ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕਰ ਰਹੀ ਹੈ।

ਚੇਅਰਮੈਨ ਸ੍ਰੀ ਨੇ ਕਿਹਾ ਕਿ ਪਟਿਆਲਾ ਦੀ ਦੇਸ਼ ਅਤੇ ਦੁਨੀਆ ਵਿੱਚ ਖੇਡਾਂ ਦੀ ਧਰਤੀ ਵਜੋਂ ਵਿਸ਼ੇਸ਼ ਪਛਾਣ ਹੈ। ਇਸ ਵਿਰਾਸਤ ਨੂੰ ਹੋਰ ਮਜ਼ਬੂਤ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਖਿਡਾਰੀਆਂ ਅਤੇ ਕੋਚਾਂ ਨਾਲ ਸਿੱਧਾ ਸੰਵਾਦ ਕਰਕੇ ਜ਼ਮੀਨੀ ਪੱਧਰ 'ਤੇ ਦਰਪੇਸ਼ ਸਮੱਸਿਆਵਾਂ ਨੂੰ ਸਮਝਣਾ ਅਤੇ ਉਨ੍ਹਾਂ ਦਾ ਸਮੇਂ ਸਿਰ ਹੱਲ ਕਰਨਾ ਹੀ ਇਸ ਦੌਰੇ ਦਾ ਮੁੱਖ ਉਦੇਸ਼ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਖੇਡਾਂ ਨਾਲ ਸਬੰਧਤ ਹਰ ਜਾਇਜ਼ ਮੰਗ ਨੂੰ ਪਹਿਲ ਦੇ ਆਧਾਰ 'ਤੇ ਸਰਕਾਰ ਤੱਕ ਪਹੁੰਚਾਇਆ ਜਾਵੇਗਾ ਅਤੇ ਖੇਡ ਸਹੂਲਤਾਂ ਦੇ ਹੋਰ ਵਿਕਾਸ ਲਈ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ।

ਇਸ ਮੌਕੇ ਜ਼ਿਲ੍ਹਾ ਖੇਡ ਅਧਿਕਾਰੀ (ਡੀਐਸਓ) ਨਵਜੋਤ ਧਾਲੀਵਾਲ, ਫੈਂਸਿੰਗ ਕੋਚ ਅਰਜਨ ਕੁਮਾਰ, ਬਾਸਕਟਬਾਲ ਕੋਚ ਗੁਰਮੀਤ ਸਿੰਘ, ਰਾਜ ਕੁਮਾਰ ਰਾਓ ਅਤੇ ਖੇਡ ਵਿਭਾਗ ਦੇ ਹੋਰ ਅਧਿਕਾਰੀ ਹਾਜ਼ਰ ਸਨ।

# ਅਮਰਜੀਤ ਸਿੰਘ ਰਾਮਗੜ੍ਹੀਆ ਨੂੰ ਰਾਮਗੜ੍ਹੀਆ ਵੈਲ.ਫੇਅਰ ਬੋਰਡ ਦਾ ਸਟੇਟ ਮੈਂਬਰ ਨਿਯੁਕਤ ਹੋਣ ਤੇ ਸਨਮਾਨਿਤ ਕੀਤਾ

**ਪਟਿਆਲਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਆਮ ਆਦਮੀ ਪਾਰਟੀ ਪਟਿਆਲਾ ਦਿਹਾਤੀ ਦੇ ਹਰਮਨ ਪਿਆਰੇ ਨੇਤਾ ਸ. ਅਮਰਜੀਤ ਸਿੰਘ ਰਾਮਗੜ੍ਹੀਆ ਨੂੰ ਪੰਜਾਬ ਸਰਕਾਰ ਵਲੋਂ ਰਾਮਗੜ੍ਹੀਆ ਵੈਲਫ਼ੇਅਰ ਬੋਰਡ ਦਾ ਸਟੇਟ ਮੈਂਬਰ ਪੰਜਾਬ ਦਾ ਅਹੁਦਾ ਦੇਣ ਤੇ ਸ. ਸੁਰਵਿੰਦਰ ਸਿੰਘ ਛਾਬੜਾ ਜੋ ਕਿ ਪਟਿਆਲਾ ਦੀ ਉੱਘੀ ਸਮਾਜ ਸੇਵੀ ਸੰਸਥਾ ਜਨ ਹਿੱਤ ਸਮਿਤੀ ਦੇ ਉਪ ਪ੍ਰਧਾਨ ਦੇ ਨਾਲ ਪੰਜਾਬ ਪੈਨਸ਼ਨਰਸ ਐਸੋਸੀਏਸ਼ਨ ਦੇ ਵੀ ਉਪ ਪ੍ਰਧਾਨ ਹਨ ਤੇ ਸ. ਸੁਰਜੀਤ ਸਿੰਘ ਗੋਰੀਆ ਜੋ ਬਹੁਜਨ ਸਮਾਜ ਪਾਰਟੀ ਦੇ ਜਿਲ੍ਹਾ ਪ੍ਰਧਾਨ ਦੇ ਨਾਲ ਪੈਨਸ਼ਨਰਸ ਐਸੋਸੀਏਸ਼ਨ ਦੇ ਪ੍ਰਬੰਧਕ ਸਕੱਤਰ ਵੀ ਹਨ ਵਲੋਂ ਸਾਂਝੇ ਤੌਰ ਤੇ ਸਨਮਾਨਿਤ ਕੀਤਾ ਤੇ ਉਨ੍ਹਾਂ ਨੂੰ ਸਰਕਾਰ ਵਲੋਂ ਇਹ ਇਕ ਨਵੀਂ ਜੁੰਮੇਵਾਰੀ ਮਿਲਣ ਤੇ ਸੰਸਥਾਵਾਂ ਵਲੋਂ ਮੁਬਾਰਕਾਂ ਵੀ ਦਿਤੀਆਂ ਤੇ ਇਸ ਦੇ ਨਾਲ ਹੀ ਸ.ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਜੀ ਦਾ ਸ.ਅਮਰਜੀਤ ਸਿੰਘ ਰਾਮਗੜ੍ਹੀਆ ਨੂੰ ਰਾਮਗੜ੍ਹੀਆ ਭਾਈਚਾਰੇ ਦੇ ਉਜਵਲ ਭਵਿੱਖ ਸਿਖਿਆ, ਸਮਾਜ ਸੇਵਾ ਤੇ ਭਲਾਈ ਲਈ ਬਣੇ ਬੋਰਡ ਦੇ ਮੈਂਬਰ ਵਜੋਂ ਨਿੱਉਕਤ ਕਰ ਕੇ ਜੁੰਮੇਵਾਰੀ ਦੇਣ ਤੇ ਧੰਨਵਾਦ ਕੀਤਾ । ਸ. ਛਾਬੜਾ ਨੇ ਦੱਸਿਆ ਕਿ ਸ. ਅਮਰਜੀਤ ਸਿੰਘ ਰਾਮਗੜ੍ਹੀਆ ਇਕ ਉਘੇ ਸਮਾਜ ਸੇਵਕ ਹਨ ਤੇ ਜਨ ਹਿੱਤ ਸਮਿਤੀ ਦੇ ਫਾਊਂਡਰ ਮੈਂਬਰਾਂ ਵਿੱਚੋਂ ਇਕ ਹਨ ਤੇ ਹਮੇਸ਼ਾ ਸਮਾਜ ਸੇਵਾ ਕਰਨ ਲਈ ਤੱਤਪਰ ਰਹਿੰਦੇ ਹਨ। ਇਸ ਮੌਕੇ ਤੇ ਸ੍ਰੀ ਪ੍ਰਦੀਪ ਕੁਮਾਰ ਵਿਸ਼ਵਕਰਮਾਂ ਵੈਲਡਿੰਗ, ਸ. ਹਰੀ ਸਿੰਘ ਤੇ ਸ੍ਰੀ ਸ਼ਾਮ ਲਾਲ ਵੀ ਹਾਜ਼ਰ ਸਨ।

# ਜਵੱਦੀ ਟਕਸਾਲ ਵਿਖੇ ਬੰਦੀ ਛੋੜ ਦਾਤਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਨਾਲ ਮਨਾਇਆ

**ਲੁਧਿਆਣਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜਵੱਦੀ ਟਕਸਾਲ ਵਿਖੇ ਸੰਤ ਗਿਆਨੀ ਅਮੀਰ ਸਿੰਘ ਜੀ ਦੀ ਪ੍ਰੇਰਨਾ ਹੇਠ ਬੰਦੀ ਛੋੜ ਦਾਤਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਗਿਆ।

ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸਜੇ ਗੁਰਮਤਿ ਸਮਾਗਮ ਵਿੱਚ ਸ੍ਰ. ਚਰਨਜੀਤ ਸਿੰਘ ਬੈਂਕ ਵਾਲਿਆਂ ਨੇ ਗੁਰੂ ਸਾਹਿਬ ਜੀ ਦੇ ਜੀਵਨ ਅਤੇ ਸਿੱਖਿਆਵਾਂ ਬਾਰੇ ਵਿਚਾਰ ਸਾਂਝੇ ਕੀਤੇ, ਜਦਕਿ ਗਿਆਨੀ ਰਛਪਾਲ ਸਿੰਘ ਪਮਾਲ ਦੇ ਢਾਡੀ ਜਥੇ ਨੇ ਗੁਰ ਇਤਿਹਾਸ ਦੀਆਂ ਵਾਰਾਂ ਰਾਹੀਂ ਸੰਗਤ ਨੂੰ ਨਿਹਾਲ ਕੀਤਾ। ਟਕਸਾਲ ਦੇ ਵਿਦਿਆਰਥੀ ਗਿਆਨੀ ਸੰਦੀਪ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਮੀਰੀ-ਪੀਰੀ ਦਾ ਸਿਧਾਂਤ ਦੇ ਕੇ ਸਿੱਖ ਧਰਮ ਵਿੱਚ ਨਵਾਂ ਜਾਬਤਾ ਅਤੇ ਇਨਕਲਾਬ ਲਿਆਂਦਾ ਅਤੇ ਜ਼ੁਲਮ ਦੇ ਵਿਰੁੱਧ ਖੜ੍ਹਨ ਦਾ ਸੰਦੇਸ਼ ਦਿੱਤਾ।

# ਅਮਨ ਢੋਟ ਦੇ ਵੱਡੇ ਕਾਫ਼ਿਲੇ ਨਾਲ ਭਾਜਪਾ 'ਚ ਸ਼ਾਮਿਲ ਹੋਣ ਤੇ ਗਰਮਾਈ ਸਿਆਸਤ

**ਸਨੌਰ,4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਸਨੌਰ ਦੀ ਸਿਆਸਤ ਉਸ ਵੇਲੇ ਗਰਮਾਈ ਅਤੇ ਨਵੀਂ ਚਰਚਾ ਛਿੜ ਗਈ ਜਦੋਂ ਸੀਨੀਅਰ ਆਗੂ ਅਮਨ ਢੋਟ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਲੋਕਾਂ ਅਤੇ 52 ਦੇ ਕਰੀਬ ਸਰਪੰਚਾਂ ਨੇ ਭਾਜਪਾ ਦਾ ਦਾਮਨ ਫੜਿਆ ਦੱਸਣਯੋਗ ਹੈ ਕੀ ਅਮਨ ਢੋਟ ਵੱਲੋਂ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਇਹ ਜੁਆਇਨਿੰਗ ਕਰਵਾਈ ਗਈ ।

ਇਸ ਮੌਕੇ ਅਮਨ ਢੋਟ ਨੇ ਕਿਹਾ ਕਿ ਭਾਜਪਾ ਦੀਆਂ ਨੀਤੀਆਂ ਅਤੇ ਵਿਕਾਸ ਮੁੱਖੀ ਸੋਚ ਤੋਂ ਪ੍ਰਭਾਵਿਤ ਹੋ ਕੇ ਲੋਕ ਲਗਾਤਾਰ ਪਾਰਟੀ ਨਾਲ ਜੁੜ ਰਹੇ ਹਨ ।

ਉਹਨਾਂ ਕਿਹਾ ਕਿ ਇਹ ਸਿਰਫ ਸ਼ੁਰੂਆਤ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਵੱਡੇ ਪੱਧਰ ਤੇ ਹਲਕਾ ਸਨੌਰ ਦੇ ਲੋਕਾਂ ਨੂੰ ਭਾਜਪਾ ਵਿੱਚ ਸ਼ਾਮਿਲ ਕਰਵਾਇਆ ਜਾਵੇਗਾ ਉਹਨਾਂ ਨੂੰ ਭਰੋਸਾ ਦਵਾਇਆ ਕਿ ਹਲਕਾ ਸਨੌਰ ਵਿੱਚ ਭਾਜਪਾ ਮਜਬੂਤ ਕਰਨ ਲਈ ਉਹ ਦਿਨ ਰਾਤ ਇੱਕ ਕਰਕੇ ਕੰਮ ਕਰਨਗੇ ਅਤੇ ਹਰ ਵਰਗ ਦੇ ਲੋਕਾਂ ਤੱਕ ਪਾਰਟੀ ਦੀਆਂ ਨੀਤੀਆਂ ਪਹੁੰਚਾਉਣਗੇ। ਅੱਗੇ ਕਿਹਾ ਕਿ ਨੌਜਵਾਨਾਂ ਕਿਸਾਨਾਂ ਤੇ ਆਮ ਲੋਕਾਂ ਨੂੰ ਨਾਲ ਜੋੜ ਕੇ ਭਾਜਪਾ ਦੇ ਸੰਗਠਨ ਨੂੰ ਹੋਰ ਮਜਬੂਤ ਬਣਾਇਆ ਜਾਵੇਗਾ ਰਾਜਨੀਤਿਕ ਮਹਿਰਾਂ ਦਾ ਮੰਨਣਾ ਹੈ ਕਿ ਅਮਨ ਢੋਟ ਦੇ ਭਾਜਪਾ ਵਿੱਚ ਸ਼ਾਮਿਲ ਹੋਣ ਅਤੇ ਉਹਨਾਂ ਵੱਲੋਂ ਲਗਾਤਾਰ ਮੁੱਖ ਮੰਤਰੀ ਹਰਿਆਣਾ ਨਾਲ ਹੋ ਰਹੀਆਂ ਮਿਲਣੀਆਂ ਨੂੰ ਲੈ ਕੇ ਹਲਕਾ ਸਨੌਰ ਦੀ ਸਿਆਸਤ ਵਿੱਚ ਨਵੇਂ ਸਮੀਕਰਨ ਬਣ ਸਕਦੇ ਹਨ ਜਿਸ ਦਾ ਅਸਰ ਆਉਣ ਵਾਲੇ ਵਿੱਚ ਸਥਾਨਕ ਰਾਜਨੀਤੀ ਤੇ ਵੀ ਦੇਖਣ ਨੂੰ ਮਿਲ ਸਕਦਾ ਹੈ ਇਸ ਮੌਕੇ ਜਰਨੈਲ ਸਿੰਘ ਭਾਜਪਾ ਯੁਵਾ ਮੋਰਚਾ ,ਜਿਲ੍ਹਾ ਪ੍ਰਧਾਨ ਰੋਹਿਤ ਸ਼ਰਮਾ ਜਸ਼ਨ, ਨਵਜੋਤ ਸਿੰਘ ,ਸੁਖਵਿੰਦਰ ਸਿੰਘ ,ਪਰਵਿੰਦਰ ਸਿੰਘ ,ਹਾਰਦਿਕ ਗੋਇਲ ,ਭਾਰਤ ਗੋਇਲ ਦਮਨ ਕਪੂਰ ਮੋਹਿਤ ਕੋਸਲ ਸੁਖਵਿੰਦਰ ਸਰਪੰਚ ਜਗਤਪੁਰ ,ਦਵਿੰਦਰ ਰਾਜਪੂਤ ਤੇ ਹੋਰ ਮੌਜੂਦ ਸਨ।

# ਜ਼ਿਲ੍ਹਾ ਸਮਾਜਿਕ ਸੁਰੱਖਿਆ ਅ.ਫਸਰ ਵਰਿੰਦਰ ਸਿੰਘ ਟਿਵਾਣਾ ਦੀ ਸਰਪ੍ਰਸਤੀ ਹੇਠ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਪ੍ਰੋਗਰਾਮ ਦਾ ਆਯੋਜਨ

**ਪਟਿਆਲਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਅਤੇ ਪਟਿਆਲਾ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ,ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫ਼ਤਰ ਪਟਿਆਲਾ ਦੇ ਸਹਿਯੋਗ ਨਾਲ ਲਕਸ਼ਮੀ ਬਾਈ ਇੰਸੀਚਿਊਟ ਆਫ ਡੈਂਟਲ ਸਾਇੰਸ ਅਤੇ ਹਸਪਤਾਲ ਦੇ ਚੇਅਰਮੈਨ ਭਗਵਾਨ ਦਾਸ ਗੁਪਤਾ ਦੀ ਅਗਵਾਈ ਅਤੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਪਟਿਆਲਾ ਵਰਿੰਦਰ ਸਿੰਘ ਟਿਵਾਣਾ ਦੀ ਸਰਪ੍ਰਸਤੀ ਹੇਠ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੂਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਅਤੇ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ , ਮੈਂਬਰ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੋਸਲਿੰਗ ਸੈਲ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤੀ। ਇਸ ਮੌਕੇ ਪ੍ਰਆਜਣ ਮਿੱਤਰਾ ਨੋਡਲ ਅਫ਼ਸਰ ਐਨ ਐਸ ਐਸ ਨੇ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ।ਵਿਸ਼ੇਸ਼ ਤੌਰ ਤੇ ਡਾਕਟਰ ਵਨੀਤ ਸ਼ਰਮਾ ਵਾਇਸ ਚੇਅਰਮੈਨ,ਡਾਕਟਰ ਆਸ਼ੂਤੋਸ਼ ਨਰੂਲਾ ਪ੍ਰਿੰਸੀਪਲ, ਡਾਕਟਰ ਮੱਧੂ ਗੁਪਤਾ ਵਾਇਸ ਪ੍ਰਿੰਸੀਪਲ,ਡਾਕਟਰ ਅਵਨੀਤ ਕੌਰ,ਵਿਨੇ ਸ਼ਰਮਾ ਰਿਟਾਇਰ ਐਸ ਡੀ ਓ ਬਿਜਲੀ ਬੋਰਡ, ਉਪਕਾਰ ਸਿੰਘ ਪ੍ਰਧਾਨ ਗਿਆਨ ਜੋਤੀ ਐਜੂਕੇਸ਼ਨ ਸੁਸਾਇਟੀ,ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ਼ ਆਫ ਕਾਮਰਸ,ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਹਰਮਨਜੀਤ ਸਿੰਘ ਰੰਧਾਵਾ ਨੇ ਸ਼ਿਰਕਤ ਕੀਤੀ।ਇਸ ਮੌਕੇ ਸੰਬੋਧਨ ਕਰਦਿਆ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਨੇ ਕਿਹਾ ਕਿ ਲਕਸ਼ਮੀ ਬਾਈ ਇੰਸੀਚਿਊਟ ਆਫ ਡੈਂਟਲ ਸਾਇੰਸ ਅਤੇ ਹਸਪਤਾਲ ਦੇ ਮੈਡੀਕਲ ਦੇ ਵਿਦਿਆਰਥੀਆਂ ਵੱਲੋਂ ਨਸ਼ਿਆਂ ਵਿਰੁੱਧ ਲਾਮਬੰਦ ਹੋ ਕੇ ਅੱਗੇ ਆਉਣਾ ਸ਼ਲਾਘਾਯੋਗ ਕਦਮ ਹੈ। ਉਹਨਾਂ ਕਿਹਾ ਕਿ ਗੋਲਾ ਬਰੂਦ ਦੇ ਅੱਤਵਾਦ ਵਾਂਗ ਨਸ਼ਿਆਂ ਰੂਪੀ ਅੱਤਵਾਦ ਦੇ ਖਾਤਮੇ ਲਈ ਨੋਜਵਾਨਾਂ ਦਾ ਅੱਗੇ ਆਉਣਾ ਸਮੇਂ ਦੀ ਮੁੱਖ ਲੋੜ ਹੈ ਅਤੇ ਸਹਿਯੋਗ ਜ਼ਰੂਰੀ ਹੈ।ਉਹਨਾਂ ਕਿਹਾ ਕਿ ਫਿਰਕਾਪ੍ਰਸਤੀ ਤਾਕਤਾਂ ਨੇ ਪਹਿਲਾਂ ਪੰਜਾਬ ਦੀ ਜਵਾਨੀ ਨੂੰ ਗੋਲਾ ਬਰੂਦ ਨਾਲ ਖਤਮ ਕਰਨ ਦੀ ਕੋਸ਼ਿਸ਼ ਕੀਤੀ ਉਸ ਵਿਚ ਸਫ਼ਲ ਨਾ ਹੋਣ ਤੇ ਹੁਣ ਨਸ਼ਿਆਂ ਨਾਲ ਪੰਜਾਬ ਦੀ ਜਵਾਨੀ ਨੂੰ ਖ਼ਤਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਉਹਨਾਂ ਨੋਜਵਾਨਾਂ ਨੂੰ ਅਪੀਲ ਕੀਤੀ ਕਿ ਉਹੋ ਇੱਕ ਪਲੇਟਫਾਰਮ ਤੇ ਇਕਠੇ ਹੋ ਕੇ ਨਸ਼ਿਆਂ ਦੇ ਖਾਤਮੇ ਲਈ ਅੱਗੇ ਆਉਣ ਤਾ ਹੀ ਅਸੀਂ ਸਾਰੇ ਮਿਲਕੇ ਮੁੜ ਪੰਜਾਬ ਨੂੰ ਰੰਗਲਾ ਪੰਜਾਬ ਬਣਾ ਸਕਾਂਗੇ।ਇਸ ਮੌਕੇ ਯੂਥ ਆਗੂ ਰੁਦਰਪ੍ਰਤਾਪ ਸਿੰਘ ਵੱਲੋਂ ਨੋਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਡਰੱਗ ਫਰੀ ਵਲੱਡ ਕੈਲੋਫੋਰਨੀਆਂ ਅਮਰੀਕਾ ਵੱਲੋਂ ਮੁਫ਼ਤ ਕਿਤਾਬਾਂ ਵੰਡੀਆਂ ਗਈਆਂ। ਇਸ ਮੌਕੇ ਲਕਸ਼ਮੀ ਬਾਈ ਇੰਸੀਚਿਊਟ ਆਫ ਡੈਂਟਲ ਸਾਇੰਸ ਅਤੇ ਹਸਪਤਾਲ ਦੇ 100 ਤੋਂ ਉੱਪਰ ਮੈਡੀਕਲ ਦੇ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ।

# ਰਾਸ਼ਟਰੀ ਡਾਕਟਰ ਦਿਵਸ ਮੌਕੇ ਐਨ.ਜੀ.ਓ. ਵੱਲੋਂ ਸਰਕਾਰੀ ਹਸਪਤਾਲ ਦੇ ਡਾਕਟਰ ਸਨਮਾਨਿਤ



**ਮਾਛੀਵਾੜਾ ਸਾਹਿਬ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਛੀਵਾੜਾ ਸਾਹਿਬ ਸੋਸ਼ਲ ਵੈਲਫੇਅਰ ਸੁਸਾਇਟੀ ਐਨ.ਜੀ.ਓ. ਵੱਲੋਂ ਰਾਸ਼ਟਰੀ ਡਾਕਟਰ ਦਿਵਸ ਮੌਕੇ ਅੱਜ ਸਥਾਨਕ ਸਰਕਾਰੀ ਹਸਪਤਾਲ ਦੇ ਡਾਕਟਰਾਂ ਨੂੰ ਵਧਾਈ ਦਿੱਤੀ ਗਈ ਅਤੇ ਉਹਨਾਂ ਦਾ ਸਨਮਾਨ ਕੀਤਾ ਗਿਆ। ਸੰਸਥਾ ਦੇ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ ਨੇ ਕਿਹਾ ਕਿ ਡਾਕਟਰ ਸਿਰਫ਼ ਇੱਕ ਪੇਸ਼ਾ ਨਹੀਂ, ਸਗੋਂ ਮਨੁੱਖਤਾ ਦੀ ਸੇਵਾ ਦਾ ਸਭ ਤੋਂ ਉੱਚਾ ਰੂਪ ਹਨ।

ਉਹ ਆਪਣੀ ਨਿਸ਼ਠਾ, ਮਿਹਨਤ ਅਤੇ ਸਮਰਪਣ ਨਾਲ ਅਣਗਿਣਤ ਜ਼ਿੰਦਗੀਆਂ ਨੂੰ ਨਵਾਂ ਜੀਵਨ ਬਖ਼ਸ਼ਦੇ ਹਨ, ਦਿਨ-ਰਾਤ ਮਰੀਜ਼ਾਂ ਦੀ ਸੇਵਾ ਵਿੱਚ ਜੁਟੇ ਰਹਿਣ ਵਾਲੇ ਡਾਕਟਰ ਸਮਾਜ ਲਈ ਉਮੀਦ, ਹੌਂਸਲੇ ਅਤੇ ਵਿਸ਼ਵਾਸ ਦਾ ਪ੍ਰਤੀਕ ਹੁੰਦੇ ਹਨ। ਸੰਕਟ ਅਤੇ ਮਹਾਂਮਾਰੀ ਦੇ ਸਮੇਂ ਦੌਰਾਨ ਉਨ੍ਹਾਂ ਵੱਲੋਂ ਨਿਭਾਈ ਗਈ ਜ਼ਿੰਮੇਵਾਰੀ ਸਾਡੇ ਲਈ ਹਮੇਸ਼ਾਂ ਪ੍ਰੇਰਣਾਦਾਇਕ ਹੈ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਲਖਵਿੰਦਰ ਸਿੰਘ ਨੇ ਕਿਹਾ ਕਿ ਰਾਸ਼ਟਰੀ ਡਾਕਟਰ ਦਿਵਸ ਮਨਾਉਂਦੇ ਹੋਏ ਸੰਸਥਾ ਵੱਲੋਂ ਦਿੱਤੇ ਗਏ ਸਨਮਾਨ ਲਈ ਦਿਲੋਂ ਧੰਨਵਾਦ ਕਰਦੇ ਹਾਂ, ਇਹ ਸਾਡੇ ਲਈ ਮਾਣ ਦੀ ਗੱਲ ਹੈ। ਇਸ ਸਮੇਂ ਡਾ. ਰਛਪਾਲ ਸਿੰਘ, ਡਾ. ਸਤਵਿੰਦਰ ਕੌਰ, ਡਾ. ਨਵਰੀਤ ਸੋਹੀ, ਡਾ. ਗੁਰਮਨਪ੍ਰੀਤ ਸਿੰਘ, ਡਾ. ਹਰਮਨਪ੍ਰੀਤ ਕੌਰ, ਅੰਮ੍ਰਿਤਪਾਲ ਸਮਰਾਲਾ, ਜਗਦੀਸ਼ ਕੁਮਾਰ ਜੱਸੀ, ਗੁਰਜੀਤ ਸਿੰਘ ਅਤੇ ਜਸ਼ਨ ਆਦਿ ਵੀ ਹਾਜਰ ਸਨ।

# ਕੇਂਦਰ ਦਾ 'ਜੀ ਰਾਮ ਜੀ' ਕਾਨੂੰਨ ਮਜ਼ਦੂਰਾਂ ਦੀ ਤਕਦੀਰ ਬਦਲੇਗਾ : ਕੇਵਲ ਸਿੰਘ ਢਿੱਲੋਂ

**ਕੌਮੀ ਪਤ੍ਰਿਕਾ**

ਚੰਡੀਗੜ੍ਹ 4 ਜੁਲਾਈ। ਪੰਜਾਬ ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕੇਂਦਰ ਸਰਕਾਰ ਵੱਲੋਂ ਮਨਰੇਗਾ ਦੀ ਥਾਂ ਲਿਆਂਦੇ ਗਏ ਇਤਿਹਾਸਕ 'ਵੀਬੀ ਜੀ ਰਾਮ ਜੀ' (ਵਿਕਸਿਤ ਭਾਰਤ ਗਰੰਟੀ ਫਾਰ ਰੁਜ਼ਗਾਰ ਅਤੇ ਅਜੀਵਿਕਾ ਮਿਸ਼ਨ) ਕਾਨੂੰਨ ਦਾ ਜ਼ੋਰਦਾਰ ਸਵਾਗਤ ਕਰਦਿਆਂ ਕਿਹਾ ਕਿ 4 ਜੁਲਾਈ ਤੋਂ ਦੇਸ਼ ਭਰ ਵਿੱਚ ਲਾਗੂ ਹੋਣ ਜਾ ਰਿਹਾ ਇਹ ਕਾਨੂੰਨ ਦੇਸ਼ ਦੇ ਕਰੋੜਾਂ ਮਜ਼ਦੂਰਾਂ ਦੀ ਭਲਾਈ ਅਤੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਵਿੱਚ ਇੱਕ ਕ੍ਰਾਂਤੀਕਾਰੀ ਕਦਮ ਸਾਬਤ ਹੋਵੇਗਾ। ਸੂਬਾ ਪ੍ਰਧਾਨ ਨੇ ਇਸ ਨਵੇਂ ਕਾਨੂੰਨ ਦੇ ਲਾਭ ਗਿਣਾਉਂਦਿਆਂ ਕਿਹਾ ਕਿ ਇਹ ਸਿਰਫ਼ ਨਾਂ ਦੀ ਤਬਦੀਲੀ ਨਹੀਂ ਹੈ, ਸਗੋਂ ਮਜ਼ਦੂਰਾਂ ਦੇ ਹੱਕਾਂ ਦੀ ਅਸਲ ਗਰੰਟੀ ਹੈ। ਇਹ ਕਾਨੂੰਨ ਪੂਰਨ ਪਾਰਦਰਸ਼ਤਾ ਅਤੇ ਭ੍ਰਿਸ਼ਟਾਚਾਰ ਮੁਕਤ ਪ੍ਰਣਾਲੀ ਨੂੰ ਯਕੀਨੀ ਬਣਾਏਗਾ, ਜਿਸ ਨਾਲ ਪੁਰਾਣੀ ਵਿਵਸਥਾ ਵਿੱਚ ਹੁੰਦੇ ਘਪਲੇ ਅਤੇ ਫਰਜ਼ੀਵਾੜੇ ਪੂਰੀ ਤਰ੍ਹਾਂ ਖ਼ਤਮ ਹੋ ਜਾਣਗੇ। ਹੁਣ ਬਿਨਾਂ ਕਿਸੇ ਵਿਚੋਲੇ ਦੇ ਮਜ਼ਦੂਰਾਂ ਦੇ ਹੱਕ ਦਾ ਪੈਸਾ ਸਿੱਧਾ ਉਨ੍ਹਾਂ ਦੇ ਖਾਤਿਆਂ ਵਿੱਚ ਜਾਵੇਗਾ। ਇਸ



ਤੋਂ ਇਲਾਵਾ, ਨਵੇਂ ਕਾਨੂੰਨ ਤਹਿਤ ਮਜ਼ਦੂਰਾਂ ਦੀ ਦਿਹਾੜੀ ਦੀ ਅਦਾਇਗੀ ਵਿੱਚ ਹੁੰਦੀ ਦੇਰੀ ਨੂੰ ਸਖ਼ਤੀ ਨਾਲ ਖ਼ਤਮ ਕਰਕੇ ਸਮੇਂ ਸਿਰ ਸਿੱਧੀ ਅਦਾਇਗੀ ਦਾ ਪ੍ਰਬੰਧ ਕੀਤਾ ਗਿਆ ਹੈ। ਇਹ ਮਿਸ਼ਨ ਸਿਰਫ਼ ਦਿਹਾੜੀ ਦੇਣ ਤੱਕ ਸੀਮਤ ਨਹੀਂ ਹੈ, ਸਗੋਂ ਮਜ਼ਦੂਰਾਂ ਦੀ ਅਜੀਵਿਕਾ ਨੂੰ ਸੁਰੱਖਿਅਤ ਕਰਕੇ ਉਨ੍ਹਾਂ ਨੂੰ ਆਰਥਿਕ ਅਤੇ ਸਮਾਜਿਕ ਤੌਰ 'ਤੇ ਆਤਮ-ਨਿਰਭਰ ਬਣਾਉਣ ਦੀ ਪੱਕੀ ਗਰੰਟੀ ਦਿੰਦਾ ਹੈ। ਢਿੱਲੋਂ ਨੇ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਸੰਕਲਪ ਭਾਰਤ ਨੂੰ ਇੱਕ ਵਿਕਸਿਤ ਰਾਸ਼ਟਰ ਬਣਾਉਣਾ ਹੈ, ਪਰ 'ਵਿਕਸਿਤ ਭਾਰਤ' ਉਦੋਂ ਤੱਕ ਸੰਭਵ ਨਹੀਂ ਹੈ ਜਦੋਂ ਤੱਕ ਸਾਡਾ ਮਜ਼ਦੂਰ ਵਰਗ ਮਜ਼ਬੂਤ ਅਤੇ ਖੁਸ਼ਹਾਲ ਨਹੀਂ ਹੁੰਦਾ। ਇਹ ਕਾਨੂੰਨ ਦੇਸ਼ ਦੇ ਸਭ ਤੋਂ ਪਿਛੜੇ ਅਤੇ ਮਿਹਨਤਕਸ਼ ਵਰਗ ਨੂੰ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਨ ਦਾ ਕੇਂਦਰ ਸਰਕਾਰ ਦਾ ਇੱਕ ਵੱਡਾ ਅਤੇ ਸਾਰਥਕ ਉਪਰਾਲਾ ਹੈ। ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਗਰੀਬਾਂ ਅਤੇ ਮਜ਼ਦੂਰਾਂ ਦੀ ਸਭ ਤੋਂ ਵੱਡੀ ਦੁਸ਼ਮਣ ਸਾਬਤ ਹੋ ਰਹੀ ਹੈ। ਪਹਿਲਾਂ ਅਰਵਿੰਦ ਕੇਜਰੀਵਾਲ ਦੇ ਇਸ਼ਾਰੇ 'ਤੇ ਭਗਵੰਤ ਮਾਨ ਦੀ ਸਰਕਾਰ ਨੇ ਕੇਂਦਰ ਦੀ ਇਸ ਲੋਕ-ਭਲਾਈ ਯੋਜਨਾ ਦਾ ਸਿਆਸੀ ਵਿਰੋਧ ਕਰਨ ਲਈ ਵਿਧਾਨ ਸਭਾ ਵਿੱਚ ਇੱਕ ਵਿਸ਼ੇਸ਼ ਮਤਾ ਪਾਸ ਕਰਕੇ ਇਸਨੂੰ ਰੱਦ ਕਰਨ ਦੀ ਨੌਟੰਕੀ ਕੀਤੀ, ਜੋ ਕਿ 'ਆਪ' ਸਰਕਾਰ ਦੇ ਮਜ਼ਦੂਰ ਵਿਰੋਧੀ ਚਿਹਰੇ ਨੂੰ ਸਾਫ਼ ਬਿਆਨ ਕਰਦਾ ਹੈ। ਪਰ ਜਦੋਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਇਹ ਸਮਝ ਆ ਗਈ ਕਿ ਕੇਂਦਰ ਦੀ ਇਸ ਯੋਜਨਾ ਤੋਂ ਬਿਨਾਂ ਪੰਜਾਬ ਦੇ ਮਜ਼ਦੂਰਾਂ ਦਾ ਗੁਜ਼ਾਰਾ ਨਹੀਂ ਹੋਣਾ ਅਤੇ ਉਹ ਜਨਤਾ ਦੇ ਭਾਰੀ ਗੁੱਸੇ ਦਾ ਸ਼ਿਕਾਰ ਹੋਣਗੇ, ਤਾਂ ਹੁਣ ਉਨ੍ਹਾਂ ਨੇ ਚੁੱਪ-ਚੁਪੀਤੇ ਸੂਬੇ ਵਿੱਚ ਇਸ ਨੂੰ ਪਿਛਲੇ ਦਰਵਾਜ਼ੇ ਰਾਹੀਂ ਲਾਗੂ ਕਰ ਦਿੱਤਾ ਹੈ।* ਉਨ੍ਹਾਂ ਸਵਾਲ ਕੀਤਾ ਕਿ ਜੇਕਰ ਇਹ ਕਾਨੂੰਨ ਮਜ਼ਦੂਰਾਂ ਦੇ ਖ਼ਲਾਫ਼ ਸੀ, ਤਾਂ ਹੁਣ ਪੰਜਾਬ ਸਰਕਾਰ ਇਸ ਨੂੰ ਪਿਛਲੇ ਦਰਵਾਜ਼ੇ ਰਾਹੀਂ ਕਿਉਂ ਲਾਗੂ ਕਰ ਰਹੀ ਹੈ 'ਆਪ' ਸਰਕਾਰ ਦੀ ਇਹ ਦੋਗਲੀ ਨੀਤੀ ਸਾਬਤ ਕਰਦੀ ਹੈ ਕਿ ਉਨ੍ਹਾਂ ਨੂੰ ਪੰਜਾਬ ਦੇ ਵਿਕਾਸ ਅਤੇ ਮਜ਼ਦੂਰਾਂ ਦੇ ਢਿੱਡ ਦੀ ਕੋਈ ਫ਼ਕਰ ਨਹੀਂ ਹੈ। ਉਹ ਸਿਰਫ਼ ਕੇਂਦਰ ਦੇ ਹਰ ਚੰਗੇ ਕੰਮ ਦਾ ਅੰਨ੍ਹਾ ਵਿਰੋਧ ਕਰਕੇ ਆਪਣੀ ਸਿਆਸੀ ਰੋਟੀਆਂ ਸੇਕਣਾ ਚਾਹੁੰਦੇ ਹਨ। ਭਾਜਪਾ ਪ੍ਰਧਾਨ ਨੇ ਪੰਜਾਬ ਦੇ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਉਹ 'ਆਪ' ਸਰਕਾਰ ਦੇ ਇਸ ਝੂਠ ਅਤੇ ਡਰਾਮੇਬਾਜ਼ੀ ਨੂੰ ਸਮਝਣ ਅਤੇ 4 ਜੁਲਾਈ ਤੋਂ ਕੇਂਦਰ ਸਰਕਾਰ ਦੇ ਇਸ ਇਤਿਹਾਸਕ ਕਾਨੂੰਨ ਦਾ ਵੱਧ ਤੋਂ ਵੱਧ ਲਾਭ ਉਠਾਉਣ।

# ਜਨਕਪੁਰੀ 'ਚ ਅੱਗ ਦਾ ਗੋਲਾ ਬਣਿਆ ਬਹੁ-ਮੰਜ਼ਿਲਾ ਇਲੈਕਟਰਾਨਿਕਸ ਸ਼ੋਅਰੂਮ, ਲੱਖਾਂ ਦਾ ਸਾਮਾਨ ਸੜਿਆ

ਨਵੀਂ ਦਿੱਲੀ 4 ਜੁਲਾਈ। ਦਿੱਲੀ ਦੇ ਜਨਕਪੁਰੀ ਸਥਿਤ ਵਿੱਚ ਇੱਕ ਬਹੁ-ਮੰਜ਼ਿਲਾ ਇਲੈਕਟ?ਰਾਨਿਕਸ ਸ਼ੋਅਰੂਮ ਵਿੱਚ ਬੁੱਧਵਾਰ ਸਵੇਰੇ ਭਿਆਨਕ ਅੱਗ ਲੱਗ ਗਈ, ਜਿਸ ਨਾਲ ਲੱਖਾਂ ਰੁਪਏ ਦਾ ਸਾਮਾਨ ਸੜ ਗਿਆ। ਅਧਿਕਾਰੀਆਂ ਨੇ ਇਸ ਦੀ ਜਾਣਕਾਰੀ ਦਿੱਤੀ। ਦਿੱਲੀ ਫਾਇਰ ਸਰਵਿਸ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਉੱਤਮ ਨਗਰ ਨਜਫਗੜ੍ਹ ਰੋਡ 'ਤੇ ਸਥਿਤ ਵਿਜੇ ਸੇਲਜ਼ ਸ਼ੋਅਰੂਮ ਵਿਚ ਸਵੇਰੇ 4.15 ਵਜੇ ਦੇ ਕਰੀਬ ਅੱਗ ਲੱਗਣ ਦੀ ਸੂਚਨਾ ਮਿਲੀ, ਜਿਸ ਤੋਂ ਬਾਅਦ ਫਾਇਰ ਬ੍ਰਿਗੇਡ ਦੀਆਂ 15 ਗੱਡੀਆਂ ਮੌਕੇ 'ਤੇ ਭੇਜੀਆਂ ਗਈਆਂ। ਘਟਨਾ ਸਥਾਨ ਤੋਂ ਪ੍ਰਾਪਤ ਤਸਵੀਰਾਂ ਵਿੱਚ ਬਹੁ-ਮੰਜ਼ਿਲਾ ਇਮਾਰਤ ਤੋਂ ਅੱਗ ਦੀਆਂ ਲਪਟਾਂ ਉੱਠਦੀਆਂ ਦਿਖਾਈ ਦੇ ਰਹੀਆਂ ਸਨ ਅਤੇ ਦੂਰੋਂ ਸੰਘਣਾ, ਕਾਲਾ ਧੂੰਆਂ ਉੱਠ ਰਿਹਾ ਸੀ। ਪੁਲਿਸ ਨੇ ਦੱਸਿਆ ਕਿ ਅੱਗ ਨੇੜਲੇ ਬਾਟਾ ਸ਼ੋਅਰੂਮ ਵਿੱਚ ਵੀ ਫੈਲ ਗਈ, ਜਿਸ ਕਾਰਨ ਅਧਿਕਾਰੀਆਂ ਨੂੰ ਇਲਾਕੇ ਨੂੰ ਸੁਰੱਖਿਅਤ ਕਰਨਾ ਪਿਆ ਅਤੇ ਅੱਗ ਬੁਝਾਉਣ ਵਾਲੇ ਅਮਲੇ ਨੂੰ ਅੱਗ ਬੁਝਾਉਣ ਲਈ ਮਜਬੂਰ ਹੋਣਾ ਪਿਆ। ਡੀਐੱਫਐੱਸ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ ਫਾਇਰਫਾਈਟਰਾਂ ਨੇ ਸ਼ੁਰੂ ਵਿੱਚ ਤਿੰਨ ਫਾਇਰ ਇੰਜਣਾਂ ਨੂੰ ਘਟਨਾ ਸਥਾਨ 'ਤੇ ਭੇਜਿਆ ਪਰ ਜਿਵੇਂ-ਜਿਵੇਂ ਅੱਗ ਤੇਜ਼ ਹੁੰਦੀ ਗਈ, ਹੋਰ ਗੱਡੀਆਂ ਨੂੰ ਕੰਮ 'ਤੇ ਲਗਾਇਆ ਗਿਆ। ਸਵੇਰੇ 6:30 ਵਜੇ ਦੇ ਕਰੀਬ ਅੱਗ 'ਤੇ ਕਾਬੂ ਪਾਇਆ ਗਿਆ। ਅੱਗ ਬੁਝਾਉਣ ਤੋਂ ਬਾਅਦ ਵੀ ਕਰਮਚਾਰੀਆਂ ਨੂੰ ਅੱਗ ਨੂੰ ਪੂਰੀ ਤਰ੍ਹਾਂ ਬੁਝਾਉਣ ਅਤੇ ਇਸਨੂੰ ਹੋਰ ਫੈਲਣ ਤੋਂ ਰੋਕਣ ਲਈ ਉੱਪਰਲੀਆਂ ਮੰਜ਼ਿਲਾਂ 'ਤੇ ਉੱਚ ਦਬਾਅ ਵਾਲਾ ਪਾਣੀ ਛਿੜਕਦੇ ਦੇਖਿਆ ਗਿਆ। ਅਧਿਕਾਰੀ ਨੇ ਦੱਸਿਆ ਕਿ ਘਟਨਾ ਵਾਲੀ ਥਾਂ 'ਤੇ ਕੂਲਿੰਗ ਆਪ੍ਰੇਸ਼ਨ ਜਾਰੀ ਹੈ। ਅੱਗ ਨੇ ਇਮਾਰਤ ਦੀ ਜ਼ਮੀਨੀ ਮੰਜ਼ਿਲ, ਪਹਿਲੀ ਮੰਜ਼ਿਲ ਅਤੇ ਤਿੰਨ ਉੱਪਰਲੀਆਂ ਮੰਜ਼ਿਲਾਂ 'ਤੇ ਸਟੋਰ ਕੀਤੇ ਇਲੈਕਟ?ਰਾਨਿਕ ਸਮਾਨ, ਫਰਨੀਚਰ ਅਤੇ ਹੋਰ ਸਮਾਨ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਇਹ ਇਮਾਰਤ ਲਗਭਗ 350 ਵਰਗ ਗਜ਼ ਵਿੱਚ ਫੈਲੀ ਹੋਈ ਹੈ। ਡੀਐੱਫਐੱਸ ਦੇ ਇੱਕ ਅਧਿਕਾਰੀ ਨੇ ਕਿਹਾ, ਨੁਕਸਾਨ ਦੀ ਹੱਦ ਦਾ ਮੁਲਾਂਕਣ ਕੀਤਾ ਜਾ ਰਿਹਾ ਹੈ ਪਰ ਮੰਨਿਆ ਜਾ ਰਿਹਾ ਹੈ ਕਿ ਅੱਗ ਵਿੱਚ ਲੱਖਾਂ ਰੁਪਏ ਦੇ ਇਲੈਕਟ?ਰਾਨਿਕ ਸਾਮਾਨ ਅਤੇ ਹੋਰ ਸਮੱਗਰੀ ਸੜ ਗਈ ਹੈ। ਉਨ੍ਹਾਂ ਕਿਹਾ ਕਿ ਅੱਗ ਲੱਗਣ ਦੇ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ ਹੈ।

## ਪੁਲਸ ਮੁਕਾਬਲੇ ਦੌਰਾਨ ਕਾਬੂ ਕੀਤੇ ਸ਼ੂਟਰ ਅਦਾਲਤ 'ਚ ਪੇਸ਼

ਬਾਬਾ ਬਕਾਲਾ ਸਾਹਿਬ 4 ਜੁਲਾਈ। ਸਬ ਡਵੀਜ਼ਨ ਬਾਬਾ ਬਕਾਲਾ ਸਾਹਿਬ ਅਧੀਨ ਪੈਂਦੇ ਥਾਣਾ ਖਿਲਚੀਆਂ ਦੀ ਪੁਲਸ ਨੇ ਇਕ ਗੁਪਤ ਸੂਚਨਾ ਦੇ ਆਧਾਰ 'ਤੇ ਪਿੰਡ ਤਿੰਮੋਵਾਲ ਨੇੜੇ ਨਹਿਰ ਦੇ ਕੰਢੇ ਤੋਂ ਮੋਟਰਸਾਈਕਲ ਸਵਾਰ ਦੋ ਸ਼ੂਟਰਾਂ ਹੀਰਾ ਸਿੰਘ ਪੁੱਤਰ ਕਸ਼ਮੀਰ ਸਿੰਘ (ਵਾਸੀ ਧਰਦਿਓ) ਅਤੇ ਲਵਪ੍ਰੀਤ ਸਿੰਘ ਪੁੱਤਰ ਸਤਨਾਮ ਸਿੰਘ (ਵਾਸੀ ਤਿੰਮੋਵਾਲ) ਨੂੰ ਕਾਬੂ ਕੀਤਾ ਸੀ। ਬੀਤੇ ਦਿਨ ਪੁਲਸ ਵੱਲੋਂ ਦੋਵਾਂ ਮੁਲਜ਼ਮਾਂ ਨੂੰ ਮਾਣਯੋਗ ਅਦਾਲਤ ਬਾਬਾ ਬਕਾਲਾ ਸਾਹਿਬ ਵਿਖੇ ਪੇਸ਼ ਕੀਤਾ ਗਿਆ, ਜਿੱਥੇ ਅਦਾਲਤ ਨੇ ਉਨ੍ਹਾਂ ਦਾ 3 ਦਿਨਾਂ ਦਾ ਪੁਲਸ ਰਿਮਾਂਡ ਮਨਜ਼ੂਰ ਕੀਤਾ ਹੈ। ਰਿਮਾਂਡ ਖ਼ਤਮ ਹੋਣ ਤੋਂ ਬਾਅਦ ਮੁਲਜ਼ਮਾਂ ਨੂੰ ਮੁੜ ਅਦਾਲਤ 'ਚ ਪੇਸ਼ ਕਰ ਕੇ ਅਗਲੇਰੀ ਪੁੱਛਗਿੱਛ ਕੀਤੀ ਜਾਵੇਗੀ। ਦੱਸਣਯੋਗ ਹੈ ਕਿ ਬੀਤੇ ਦਿਨੀਂ ਜਦੋਂ ਪੁਲਸ ਪਾਰਟੀ ਨਾਲ ਇਨ੍ਹਾਂ ਮੁਲਜ਼ਮਾਂ ਦਾ ਆਹਮੋ-ਸਾਹਮਣੇ ਟਾਕਰਾ ਹੋਇਆ ਤਾਂ ਗੈਂਗਸਟਰ ਹੀਰਾ ਸਿੰਘ ਨੇ 30 ਬੋਰ ਪਿਸਤੌਲ ਨਾਲ ਪੁਲਸ 'ਤੇ ਚਾਰ ਫਾਇਰ ਝੋਕ ਦਿੱਤੇ। ਥਾਣਾ ਖਿਲਚੀਆਂ ਦੇ ਮੁਖੀ ਮੁਖਤਾਰ ਸਿੰਘ ਨੇ ਮੁਸਤੈਦੀ ਦਿਖਾਉਂਦੇ ਹੋਏ ਆਪਣੇ ਬਚਾਅ ਲਈ ਜਵਾਬੀ ਫਾਇਰਿੰਗ ਕੀਤੀ

# ਬਿਜਲੀ ਵਿਭਾਗ ਦੇ 19 ਲੱਖ ਡਿਫਾਲਟਰਾਂ ਲਈ ਵੱਡੀ ਖ਼ਬਰ, ਚੁੱਕਿਆ ਜਾ ਰਿਹਾ ਇਹ ਅਹਿਮ ਕਦਮ

ਪਟਿਆਲਾ 4 ਜੁਲਾਈ। ਪੰਜਾਬ ਭਰ ਦੇ 19 ਲੱਖ ਬਿਜਲੀ ਬਿੱਲ ਡਿਫਾਲਟਰਾਂ ਲਈ ਰਾਹਤ ਭਰੀ ਖ਼ਬਰ ਹੈ। ਦਰਅਸਲ ਚੋਣਾਂ ਤੋਂ ਪਹਿਲਾਂ ਸਰਕਾਰ ਨੇ 19 ਲੱਖ ਤੋਂ ਡਿਫਾਲਟਰਾਂ ਨੂੰ ਰਾਹਤ ਦੇਣ ਦੀ ਤਿਆਰੀ ਕਰ ਲਈ ਹੈ। ਇਸ ਲਈ



ਵਨ ਟਾਈਮ ਸੈਟਲਮੈਂਟ ਸਕੀਮ (ਓਟੀਐਸ) ਲਿਆਉਣ ਦੀ ਤਿਆਰੀ ਕੀਤੀ ਜਾ ਰਹੀ ਹੈ। ਪਾਵਰਕਾਮ ਨੇ ਪੰਜਾਬ ਸਟੇਟ ਬਿਜਲੀ ਰੇਗੂਲੇਟਰੀ ਕਮਿਸ਼ਨ ਸਾਹਮਣੇ ਪਟੀਸ਼ਨ ਦਰਜ ਕੀਤੀ ਹੈ। ਇਸ 'ਤੇ ਹੁਣ ਰੇਗੂਲੇਟਰੀ ਕਮਿਸ਼ਨ 4 ਜੁਲਾਈ ਨੂੰ ਲੋਕਾਂ ਤੋਂ ਸੁਝਾਅ ਅਤੇ ਇਤਰਾਜ਼ ਮੰਗੇਗਾ। ਇਸ ਤੋਂ ਬਾਅਦ ਸਾਰੇ ਵਿਤੀ ਪੱਖਾਂ 'ਤੇ ਵਿਚਾਰ-ਵਟਾਂਦਰਾ ਕਰਨ ਮਗਰੋਂ ਸਹੂਲਤ ਦਿੱਤੀ ਜਾਵੇਗੀ। ਇਸ ਦੇ ਤਹਿਤ ਖੇਤੀਬਾੜੀ ਖਪਤਕਾਰਾਂ ਨੂੰ ਛੱਡ ਕੇ ਬਾਕੀ ਸਾਰੀਆਂ ਸ਼ਰੇਣੀਆਂ ਦੇ ਡਿਫਾਲਟਰਾਂ ਲਈ ਇਕ ਵਿਸ਼ੇਸ਼ ਵਨ ਟਾਈਮ ਸੈਟਲਮੈਂਟ ਸਕੀਮ ਲਿਆਂਦੀ ਜਾਵੇਗੀ। ਇਹ ਸਕੀਮ 15 ਦਿਨ ਚੱਲੇਗੀ। ਹਾਲਾਂਕਿ ਇਸਦਾ ਸਮਾਂ 2 ਗੁਣਾ ਕਰਨ ਦਾ ਵੀ ਬਦਲ ਰੱਖਿਆ ਗਿਆ ਹੈ। ਇਸ ਸਕੀਮ ਦੇ ਘੇਰੇ 'ਚ ਉਹ ਸਾਰੇ ਖਪਤਕਾਰ ਸ਼ਾਮਲ ਹਨ ਜਿਨ੍ਹਾਂ ਦਾ 31 ਮਾਰਚ 2025 ਤੱਕ ਬਿਜਲੀ ਦਾ ਬਿਲ ਬਕਾਇਆ ਸੀ ਅਤੇ ਉਹ ਹੁਣ ਵੀ ਡਿਫਾਲਟਰ ਚੱਲ ਰਹੇ ਹਨ। ਇਸ ਦੇ ਤਹਿਤ 18 ਦੀ ਬਜਾਏ 6 ਫੀਸਦੀ ਵਿਆਜ ਸੰਭਵ ਹੈ। ਇਸ 'ਚ 6 ਮਹੀਨੇ ਦਾ ਸਰਚਾਰਜ਼ ਮੁਆ?ਫ ਕੀਤਾ ਜਾ ਸਕਦਾ ਹੈ। ਇਥੇ ਇਹ ਖਾਸ ਤੌਰ 'ਤੇ ਦੱਸਣਯੋਗ ਹੈ ਕਿ ਬਿਜਲੀ ਵਿਭਾਗ ਡਿਫਾਲਟਰਾਂ ਤੋਂ 4155 ਕਰੋੜ ਰੁਪਏ ਦਾ ਲੈਣਦਾਰ ਹੈ ਪ੍ਰਸਤਾਵਿਤ ਓਟੀਐਸ ਸਕੀਮ ਉਨ੍ਹਾਂ ਸਾਰੇ ਡਿਫਾਲਟਰਾਂ ਲਈ ਹੈ, ਜਿਨ੍ਹਾਂ ਦਾ ਬਿਜਲੀ ਬਿੱਲ ਜਾਂ ਬਕਾਇਆ ਪੁਰਾਣੇ ਪਿਛਲੇ ਲੰਮੇ ਤੋਂ ਪੈਡਿੰਗ ਹੈ। ਇਸ 'ਚ ਘਰੇਲੂ, ਵਪਾਰਿਕ, ਛੋਟੇ, ਮੱਧਵਰਗੀ ਅਤੇ ਵੱਡੇ ਉਦਯੋਗਾਂ ਦੇ ਨਾਲ-ਨਾਲ ਸਰਕਾਰੀ ਵਿਭਾਗ ਵੀ ਸ਼ਾਮਲ ਹਨ। ਹਾਲਾਂਕਿ ਖੇਤੀਬਾੜੀ ਖਪਤਕਾਰਾਂ ਨੂੰ ਇਸ ਸਕੀਮ 'ਚੋਂ ਬਾਹਰ ਰੱਖਿਆ ਗਿਆ ਹੈ। ਇਹ ਵੀ ਪਤਾ ਲੱਗਾ ਹੈ ਕਿ ਪ੍ਰਸਤਾਅ ਅਨੁਸਾਰ ਚਾਲੂ ਅਤੇ ਡਿਫਾਲਟਰ ਦੋਵਾਂ ਤਰ੍ਹਾਂ ਦੇ ਬਿਜਲੀ ਕਨੈਕਸ਼ਨ ਸਕੀਮ ਦੇ ਘੇਰੇ 'ਚ ਹੋਣਗੇ। ਪਾਵਰਕਾਮ ਦੇ ਨਾਲ ਅਦਾਲਤੀ ਜਾਂ ਕਾਨੂੰਨੀ ਵਿਵਾਦ 'ਚ ਫਸੇ ਖਪਤਕਾਰ ਵੀ ਇਸ ਦਾ ਲਾਭ ਲੈ ਸਕਣਗੇ।

# ਵੋਟਰਾਂ ਦੀ ਸਹੂਲਤ ਲਈ ਜ਼ਿਲ੍ਹਾ ਤੇ ਵਿਧਾਨ ਸਭਾ ਪੱਧਰ 'ਤੇ ਸ਼ਿਕਾਇਤ ਨਿਵਾਰਨ ਸੈੱਲ ਸਥਾਪਤ

**ਕੌਮੀ ਪਤ੍ਰਿਕਾ**

ਜਲੰਧਰ 4 ਜੁਲਾਈ। ਵੋਟਰ ਸੂਚੀ ਦੀ ਵਿਸ਼ੇਸ਼ ਡੂੰਘੀ ਸੁਧਾਈ (ਐੱਸ. ਆਈ. ਆਰ) ਮੁਹਿੰਮ ਦੌਰਾਨ ਨਾਗਰਿਕਾਂ ਦੀ ਸਹੂਲਤ ਅਤੇ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਲਈ ਜ਼ਿਲ੍ਹਾ ਅਤੇ ਵਿਧਾਨ ਸਭਾ ਹਲਕਾ ਪੱਧਰ 'ਤੇ ਸ਼ਿਕਾਇਤ ਨਿਵਾਰਨ ਸੈੱਲ ਸਥਾਪਤ ਕੀਤੇ ਹਨ। ਇਸ ਦੇ ਨਾਲ ਹੀ ਵੋਟਰਾਂ ਨੂੰ ਲੋੜੀਂਦੀ ਜਾਣਕਾਰੀ ਮੁਹੱਈਆ ਕਰਵਾਉਣ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹੈਲਪਲਾਈਨ ਨੰਬਰ 1950 ਵੀ ਸਰਗਰਮ ਕੀਤਾ ਗਿਆ ਹੈ, ਜਿਸ 'ਤੇ ਹਰ ਰੋਜ਼ ਸਵੇਰੇ 8 ਤੋਂ ਸ਼ਾਮ 8 ਵਜੇ ਤੱਕ ਸੰਪਰਕ ਕੀਤਾ ਜਾ ਸਕਦਾ ਹੈ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਦੱਸਿਆ ਕਿ ਸ਼ਿਕਾਇਤ ਨਿਵਾਰਨ ਪ੍ਰਬੰਧ ਦਾ ਉਦੇਸ਼ ਐੱਸ. ਆਈ. ਆਰ. ਮੁਹਿੰਮ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ, ਨਿਰਪੱਖ ਅਤੇ ਸੁਚਾਰੂ ਢੰਗ ਨਾਲ ਪੂਰਾ ਕਰਨਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੋਟਰ ਨੂੰ ਸਰਵੇਖਣ, ਇਨਿਊਮਰੇਸ਼ਨ ਫਾਰਮ, ਦਸਤਾਵੇਜ਼ਾਂ ਜਾਂ ਹੋਰ ਕਿਸੇ ਪ੍ਰਕਿਰਿਆ ਸਬੰਧੀ ਜਾਣਕਾਰੀ ਦੀ ਲੋੜ ਹੋਵੇ ਤਾਂ ਉਹ ਹੈਲਪਲਾਈਨ ਨੰਬਰ 1950 'ਤੇ ਸੰਪਰਕ ਕਰ ਸਕਦਾ ਹੈ। ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਨਾਗਰਿਕ ਨੂੰ ਐੱਸ. ਆਈ.



ਆਰ. ਪ੍ਰਕਿਰਿਆ ਦੌਰਾਨ ਕੋਈ ਸ਼ਿਕਾਇਤ ਦਰਜ ਕਰਵਾਉਣੀ ਹੋਵੇ ਤਾਂ ਉਹ ਜ਼ਿਲ੍ਹਾ ਪੱਧਰ 'ਤੇ ਸਥਾਪਤ ਸ਼ਿਕਾਇਤ ਨਿਵਾਰਨ ਸੈੱਲ ਵਿਚ ਆਪਣੀ ਸ਼ਿਕਾਇਤ ਭੇਜ ਸਕਦਾ ਹੈ। ਇਸ ਤੋਂ ਇਲਾਵਾ ਹਰੇਕ ਵਿਧਾਨ ਸਭਾ ਹਲਕੇ ਲਈ ਵੀ ਵੱਖ-ਵੱਖ ਸ਼ਿਕਾਇਤ ਨਿਵਾਰਨ ਸੈੱਲ ਬਣਾਏ ਗਏ ਹਨ, ਜਿੱਥੇ ਸਬੰਧਤ ਹਲਕੇ ਦੇ ਵੋਟਰ ਆਪਣੀ ਸ਼ਿਕਾਇਤ ਦਰਜ ਕਰਵਾ ਸਕਦੇ ਹਨ। ਵਰਜੀਤ ਵਾਲੀਆ ਨੇ ਦੱਸਿਆ ਕਿ ਇਨ੍ਹਾਂ ਸ਼ਿਕਾਇਤ ਨਿਵਾਰਨ ਕੇਂਦਰਾਂ ਵਿਚ ਸ਼ਿਕਾਇਤਾਂ ਦੇ ਜਲਦੀ ਨਿਪਟਾਰੇ ਲਈ ਲੋੜੀਂਦਾ ਸਟਾਫ਼ ਤਾਇਨਾਤ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਨਾਗਰਿਕ ਨੂੰ ਬੇਲੋੜੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਐੱਸ. ਆਈ. ਆਰ. ਤਹਿਤ ਬੂਥ ਲੈਵਲ ਅਫ਼ਸਰ (ਬੀ. ਐੱਲ. ਓ.) ਵੱਲੋਂ ਘਰ-ਘਰ ਜਾ ਕੇ ਸਰਵੇਖਣ ਕੀਤਾ ਜਾ ਰਿਹਾ ਹੈ, ਜੋ 24 ਜੁਲਾਈ ਤੱਕ ਜਾਰੀ ਰਹੇਗਾ। ਪ੍ਰਾਪਤ ਫਾਰਮਾਂ ਦੇ ਆਧਾਰ 'ਤੇ 3 ਅਗਸਤ ਨੂੰ ਡਰਾਫਟ ਵੋਟਰ ਸੂਚੀ ਪ੍ਰਕਾਸ਼ਿਤ ਕੀਤੀ ਜਾਵੇਗੀ। ਇਸ ਤੋਂ ਬਾਅਦ 3 ਅਗਸਤ ਤੋਂ 2 ਸਤੰਬਰ ਤੱਕ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ, ਜਦਕਿ ਉਨ੍ਹਾਂ ਦਾ ਨਿਪਟਾਰਾ 28 ਸਤੰਬਰ ਤੱਕ ਕੀਤਾ ਜਾਵੇਗਾ। ਅੰਤਿਮ ਵੋਟਰ ਸੂਚੀ 1 ਅਕਤੂਬਰ ਨੂੰ ਪ੍ਰਕਾਸ਼ਿਤ ਹੋਵੇਗੀ। ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਐੱਸ. ਆਈ. ਆਰ. ਦਾ ਉਦੇਸ਼ ਵੋਟਰ ਸੂਚੀਆਂ ਨੂੰ ਵਧੇਰੇ ਸਹੀ, ਤਰੁੱਟੀ-ਰਹਿਤ ਅਤੇ ਅਪਡੇਟ ਕਰਨਾ ਹੈ ਅਤੇ ਪੂਰੀ ਪ੍ਰਕਿਰਿਆ ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਦੇ ਅਨੁਕੂਲ ਪਾਰਦਰਸ਼ੀ ਅਤੇ ਨਿਰਪੱਖ ਤਰੀਕੇ ਨਾਲ ਪੂਰੀ ਕੀਤੀ ਜਾਵੇਗੀ।

# ਅਜਨਾਲਾ 'ਚ ਫੂਡ ਸੇਫਟੀ ਵਿਭਾਗ ਦਾ ਛਾਪਾ

ਅਜਨਾਲਾ 4 ਜੁਲਾਈ। ਅਜਨਾਲਾ ਵਿੱਚ ਫੂਡ ਸੇਫਟੀ ਵਿਭਾਗ ਵੱਲੋਂ ਖਾਣ-ਪੀਣ ਵਾਲੀਆਂ ਵਸਤੂਆਂ ਦੀ ਗੁਣਵੱਤਾ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ। ਇਸ ਤਹਿਤ ਵਿਭਾਗ ਦੀ ਟੀਮ ਨੇ ਚੋਗਾਵਾਂ ਰੋਡ ਸਥਿਤ ਮਟੀਆ ਡੇਅਰੀ ਅਤੇ ਸਹਾਰਾ ਡੇਅਰੀ 'ਤੇ ਅਚਾਨਕ ਛਾਪੇਮਾਰੀ ਕੀਤੀ। ਕਾਰਵਾਈ ਦੌਰਾਨ ਅਧਿਕਾਰੀਆਂ ਨੇ ਡੇਅਰੀਆਂ 'ਚ ਤਿਆਰ ਅਤੇ ਵਿਕਰੀ ਲਈ ਰੱਖੇ ਗਏ ਪਨੀਰ, ਦੁੱਧ ਅਤੇ ਦਹੀਂ ਦੇ ਸੈਂਪਲ ਭਰੇ। ਛਾਪੇਮਾਰੀ ਦੌਰਾਨ ਫੂਡ ਸੇਫਟੀ ਵਿਭਾਗ ਦੀ ਟੀਮ ਨੇ ਡੇਅਰੀਆਂ 'ਚ ਸਾਫ਼-ਸਫ਼ਾਈ ਦੇ ਪ੍ਰਬੰਧਾਂ, ਉਤਪਾਦਾਂ ਦੀ ਸਟੋਰੇਜ ਅਤੇ ਤਿਆਰੀ ਦੇ ਤਰੀਕਿਆਂ ਦੀ ਵੀ ਡੂੰਘਾਈ ਨਾਲ ਜਾਂਚ ਕੀਤੀ। ਜਾਂਚ ਦੌਰਾਨ ਕੁਝ ਥਾਵਾਂ 'ਤੇ ਸਫ਼ਾਈ ਸਬੰਧੀ ਕਮੀਆਂ ਸਾਹਮਣੇ ਆਉਣ 'ਤੇ ਅਧਿਕਾਰੀਆਂ ਨੇ ਦੁਕਾਨਦਾਰਾਂ ਨੂੰ ਤੁਰੰਤ ਸੁਧਾਰ ਕਰਨ ਦੀਆਂ ਹਦਾਇਤਾਂ ਦਿੱਤੀਆਂ। ਟੀਮ ਨੇ ਡੇਅਰੀ ਮਾਲਕਾਂ ਨੂੰ ਕਿਹਾ ਕਿ ਖਾਣ-ਪੀਣ ਵਾਲੀਆਂ ਵਸਤੂਆਂ ਦੀ ਤਿਆਰੀ ਅਤੇ ਸੰਭਾਲ ਦੌਰਾਨ ਸਰਕਾਰ ਵੱਲੋਂ ਨਿਰਧਾਰਤ ਸਾਰੇ ਮਾਪਦੰਡਾਂ ਦੀ ਪਾਲਣਾ ਕੀਤੀ ਜਾਵੇ। ਇਸ ਮੌਕੇ ਫੂਡ ਸੇਫਟੀ ਵਿਭਾਗ ਦੇ ਅਸਿਸਟੈਂਟ ਕਮਿਸ਼ਨਰ ਡਾ. ਰਜਿੰਦਰ ਨੇ ਕਿਹਾ ਕਿ ਲੋਕਾਂ ਨੂੰ ਸਾਫ਼-ਸੁਥਰੇ ਅਤੇ ਮਿਆਰੀ ਖਾਦ ਪਦਾਰਥ ਉਪਲਬਧ ਕਰਵਾਉਣਾ ਵਿਭਾਗ ਦੀ ਪਹਿ ✤✂ਲੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਮਿਲਾਵਟਖੋਰੀ ਜਾਂ ਗੈਰ-ਮਿਆਰੀ ਖਾਦ ਪਦਾਰਥਾਂ ਦੀ ਵਿਕਰੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਦੁਕਾਨਦਾਰਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਗਲਤ ਤਰੀਕੇ ਨਾਲ ਖਾਣ-ਪੀਣ ਵਾਲੀਆਂ ਚੀਜ਼ਾਂ ਤਿਆਰ ਕਰਨਾ ਅਤੇ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨਾ ਤੁਰੰਤ ਬੰਦ ਕੀਤਾ ਜਾਵੇ।

# ਸਤਿੰਦਰ ਸਿੰਘ ਜਲਦ ਕਰਨਗੇ ਥਾਣਿਆਂ, ਨਾਕਿਆਂ ਤੇ ਸੰਵੇਦਨਸ਼ੀਲ ਸਥਾਨਾਂ ਦਾ ਅਚਨਚੇਤ ਮੁਆਇਨਾ

**ਕੌਮੀ ਪਤ੍ਰਿਕਾ**

ਜਲੰਧਰ 4 ਜੁਲਾਈ। ਸ਼ਹਿਰ ਵਿਚ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਪੁਲਸ ਵਿਵਸਥਾ ਨੂੰ ਚੁਸਤ-ਦਰੁੱਸਤ ਕਰਨ ਦੇ ਉਦੇਸ਼ ਨਾਲ ਨਵ-ਨਿਯੁਕਤ ਪੁਲਸ ਕਮਿਸ਼ਨਰ (ਸੀ. ਪੀ.) ਸਤਿੰਦਰ ਸਿੰਘ ਜਲਦ ਪੁਲਸ ਥਾਣਿਆਂ, ਵੱਖ-ਵੱਖ ਨਾਕਿਆਂ ਅਤੇ ਹੋਰ ਮਹੱਤਵਪੂਰਨ ਸਥਾਨਾਂ ਦਾ ਅਚਨਚੇਤ ਮੁਆਇਨਾ ਸ਼ੁਰੂ ਕਰਨਗੇ। ਇਸ ਮੁਹਿੰਮ ਦਾ ਉਦੇਸ਼ ਪੁਲਸ ਕਰਮਚਾਰੀਆਂ ਦੀ ਕਾਰਜਪ੍ਰਣਾਲੀ ਦਾ ਮੁਲਾਂਕਣ ਕਰਨਾ, ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕਰਨਾ ਅਤੇ ਜਨਤਾ ਨੂੰ ਬਿਹਤਰ ਪੁਲਸਿੰਗ ਮੁਹੱਈਆ ਕਰਵਾਉਣਾ ਹੈ। ਸੂਤਰਾਂ ਅਨੁਸਾਰ ਪੁਲਸ ਕਮਿਸ਼ਨਰ ਸਤਿੰਦਰ ਸਿੰਘ ਨੇ ਸਪੱਸ਼ਟ ਸੰਕੇਤ ਦਿੱਤੇ ਹਨ ਕਿ ਕਮਿਸ਼ਨਰੇਟ ਇਲਾਕੇ ਵਿਚ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਜਾਂ ਡਿਊਟੀ ਵਿਚ ਕੋਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਮੁਆਇਨੇ ਦੌਰਾਨ ਥਾਣਿਆਂ ਵਿਚ ਦਰਜ ਮਾਮਲਿਆਂ ਦੀ ਸਮੀਖਿਆ, ਰਿਕਾਰਡ ਦੀ ਜਾਂਚ, ਪੁਲਸ ਕਰਮਚਾਰੀਆਂ ਦੀ ਹਾਜ਼ਰੀ, ਨਾਕਿਆਂ 'ਤੇ ਸੁਰੱਖਿਆ ਪ੍ਰਬੰਧਾਂ ਅਤੇ ਆਮ ਜਨਤਾ ਨਾਲ ਪੁਲਸ ਦੇ ਵਿਵਹਾਰ ਦਾ ਵੀ ਮੁਲਾਂਕਣ ਕੀਤਾ ਜਾਵੇਗਾ। ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਕਾਨੂੰਨ ਦੇ ਅਨੁਸਾਰ ਪੂਰੀ ਇਮਾਨਦਾਰੀ ਅਤੇ ਜ਼ਿੰਮੇਵਾਰੀ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ ਜਾਣਗੇ। ਅਹੁਦਾ ਸੰਭਾਲਣ ਮਗਰੋਂ ਹੀ ਪੁਲਸ ਕਮਿਸ਼ਨਰ ਲਗਾਤਾਰ ਵੱਖ-ਵੱਖ ਸਮਾਜਿਕ ਸੰਗਠਨਾਂ, ਵਪਾਰਕ ਪ੍ਰਤੀਨਿਧੀਆਂ, ਧਾਰਮਿਕ ਸੰਸਥਾਵਾਂ ਅਤੇ ਸ਼ਹਿਰ ਦੇ ਪਤਵੰਤੇ ਸੱਜਣਾਂ ਨਾਲ ਮੁਲਾਕਾਤ ਕਰ ਰਹੇ ਹਨ। ਇਨ੍ਹਾਂ ਮੀਟਿੰਗਾਂ ਰਾਹੀਂ ਉਹ ਸ਼ਹਿਰ ਦੀ ਕਾਨੂੰਨ-ਵਿਵਸਥਾ, ਟ?ਰੈਫਿਕ, ਨਸ਼ਾ ਸਮੱਗਲਿੰਗ ਅਤੇ ਹੋਰ ਅਪਰਾਧਾਂ ਨਾਲ ਜੁੜੇ ਮੁੱਦਿਆਂ 'ਤੇ ਲੋਕਾਂ ਤੋਂ ਸਿੱਧਾ ਫੀਡਬੈਕ ਲੈ ਰਹੇ ਹਨ, ਤਾਂ ਜੋ ਪੁਲਸ ਵਿਵਸਥਾ ਨੂੰ ਹੋਰ ਵਧੇਰੇ ਪ੍ਰਭਾਵਸ਼ਾਲੀ ਬਣਾਇਆ ਜਾ ਸਕੇ। ਪੁਲਸ ਕਮਿਸ਼ਨਰ ਨੇ ਕਾਰਜਭਾਰ ਸੰਭਾਲਣ ਸਮੇਂ ਸਪੱਸ਼ਟ ਕਿਹਾ ਸੀ ਕਿ ਪੁਲਸ ਅਤੇ ਜਨਤਾ ਵਿਚਕਾਰ ਭਰੋਸੇ ਦਾ ਰਿਸ਼ਤਾ ਮਜ਼ਬੂਤ ਕਰਨਾ ਉਨ੍ਹਾਂ ਦੀ ਪਹਿਲ ਹੋਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਸੀ ਕਿ ਜੇਕਰ ਕਿਤੇ ਨਸ਼ੇ ਦੀ ਵਿਕਰੀ ਹੋ ਰਹੀ ਹੈ, ਕੋਈ ਵਿਅਕਤੀ ਨਸ਼ਾ ਸਮੱਗਲਿੰਗ ਵਿਚ ਸ਼ਾਮਲ ਹੈ ਜਾਂ ਕਿਸੇ ਵੀ ਤਰ੍ਹਾਂ ਦੀ ਅਪਰਾਧਿਕ ਗਤੀਵਿਧੀ ਦੀ ਜਾਣਕਾਰੀ ਹੈ ਤਾਂ ਉਸ ਦੀ ਸੂਚਨਾ ਬਿਨਾਂ ਕਿਸੇ ਡਰ ਦੇ ਪੁਲਸ ਨੂੰ ਦੇਣ। ਉਨ੍ਹਾਂ ਭਰੋਸਾ ਦਿਵਾਇਆ ਸੀ ਕਿ ਸੂਚਨਾ ਦੇਣ ਵਾਲੇ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ ਅਤੇ ਪ੍ਰਾਪਤ ਸੂਚਨਾ 'ਤੇ ਤੁਰੰਤ ਅਤੇ ਸਖ਼ਤ ਕਾਰਵਾਈ ਯਕੀਨੀ ਬਣਾਈ ਜਾਵੇਗੀ। ਸੂਤਰਾਂ ਦਾ ਮੰਨਣਾ ਹੈ ਕਿ ਪੁਲਸ ਕਮਿਸ਼ਨਰ ਵੱਲੋਂ ਸ਼ੁਰੂ ਕੀਤੇ ਜਾਣ ਵਾਲੇ ਅਚਨਚੇਤ ਮੁਆਇਨਿਆਂ ਨਾਲ ਪੁਲਸ ਫੋਰਸ ਵਿਚ ਅਨੁਸ਼ਾਸਨ ਅਤੇ ਜਵਾਬਦੇਹੀ ਵਧੇਗੀ। ਨਾਲ ਹੀ ਸ਼ਹਿਰ ਵਿਚ ਜੁਰਮ 'ਤੇ ਪ੍ਰਭਾਵਸ਼ਾਲੀ ਕੰਟਰੋਲ, ਨਸ਼ਾ ਸਮੱਗਲਰਾਂ ਅਤੇ ਗੈਰ-ਸਮਾਜੀ ਅਨਸਰਾਂ ਖਿਲਾਫ਼ ਮੁਹਿੰਮ ਨੂੰ ਹੋਰ ਰਫਤਾਰ ਮਿਲੇਗੀ। ਪੁਲਸ ਮੁੱਖ ਦਫ਼ਤਰ ਦਾ ਉਦੇਸ਼ ਹੈ ਕਿ ਕਮਿਸ਼ਨਰੇਟ ਇਲਾਕੇ ਵਿਚ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਂਦੇ ਹੋਏ ਨਾਗਰਿਕਾਂ ਨੂੰ ਸੁਰੱਖਿਅਤ ਅਤੇ ਭੈਅ-ਮੁਕਤ ਮਾਹੌਲ ਮੁਹੱਈਆ ਕਰਵਾਇਆ ਜਾਵੇ। ਪੁਲਸ ਕਮਿਸ਼ਨਰ ਸਤਿੰਦਰ ਸਿੰਘ ਪੁਲਸ ਅਧਿਕਾਰੀਆਂ ਨਾਲ ਨਿਯਮਿਤ ਸਮੀਖਿਆ ਮੀਟਿੰਗਾਂ ਵੀ ਕਰ ਰਹੇ ਹਨ, ਜਿਨ੍ਹਾਂ ਵਿਚ ਪੈਂਡਿੰਗ ਮਾਮਲਿਆਂ ਦੇ ਜਲਦ ਨਿਪਟਾਰੇ, ਲੋੜੀਂਦੇ ਅਪਰਾਧੀਆਂ ਦੀ ਗ੍ਰਿਫ਼ਤਾਰੀ, ਨਸ਼ਾ ਸਮੱਗਲਿੰਗ 'ਤੇ ਪ੍ਰਭਾਵਸ਼ਾਲੀ ਕਾਰਵਾਈ, ਸਾਈਬਰ ਅਪਰਾਧਾਂ ਦੀ ਰੋਕਥਾਮ ਅਤੇ ਰਾਤ ਦੀ ਗਸ਼ਤ ਨੂੰ ਹੋਰ ਮਜ਼ਬੂਤ ਬਣਾਉਣ ਵਰਗੇ ਮੁੱਦਿਆਂ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਹਰੇਕ ਅਧਿਕਾਰੀ ਅਤੇ ਕਰਮਚਾਰੀ ਦੀ ਕਾਰਜਪ੍ਰਣਾਲੀ ਦੀ ਨਿਯਮਿਤ ਸਮੀਖਿਆ ਹੋਵੇਗੀ ਅਤੇ ਬਿਹਤਰ ਪ੍ਰਦਰਸ਼ਨ ਕਰਨ ਵਾਲਿਆਂ ਨੂੰ ਉਤਸ਼ਾਹਤ ਕੀਤਾ ਜਾਵੇਗਾ, ਜਦੋਂ ਕਿ ਲਾਪ੍ਰਵਾਹੀ ਵਰਤਣ ਵਾਲਿਆਂ ਖ਼?ਲਾਫ਼ ਵਿਭਾਗੀ ਕਾਰਵਾਈ ਤੋਂ ਵੀ ਪਿੱਛੇ ਨਹੀਂ ਹਟਣਗੇ। ਸ਼ਹਿਰ ਵਾਸੀਆਂ ਨੂੰ ਵੀ ਪੁਲਸ ਦੀ ਇਸ ਨਵੀਂ ਕਾਰਜਸ਼ੈਲੀ ਤੋਂ ਕਾਫ਼ੀ ਉਮੀਦਾਂ ਹਨ।


ਕੋਈ ਯੋਗ ਮਤਦਾਤਾ ਵਾਂਝਾ ਨਾ ਰਹੇ, ਕੋਈ ਅਯੋਗ ਮਤਦਾਤਾ ਜੁੜੇ ਨਾ

ਵਿਸ਼ੇਸ਼ ਤੀਬਰ ਸਮੀਖਿਆ-2026 SIR

ਵਿਸ਼ੇਸ਼ ਤੀਬਰ ਸਮੀਖਿਆ SIR 2026 ਦਿੱਲੀ

ਗਣਨਾ ਪ੍ਰਪਤਰ ਕਿਵੇਂ ਭਰੋ?

Enumeration Form

Name and contact No of BLO (pre-printed)

| Elector's Name, EPIC, Address (Pre-printed) | Serial No., Part No. & name, AC/PC Name, State (Pre-printed). | QR Code | Old Photo (Pre-printed) | Paste Current Photo |
|---|---|---|---|---|

ਇਹ ਜਾਣਕਾਰੀ ਪਹਿਲਾਂ ਤੋਂ ਛਾਪੀ ਜਾਵੇਗੀ

ਇੱਥੇ ਆਪਣੀ ਨਵੀਂ ਫੋਟੋ ਚਿਪਕਾਓ।

| Date of Birth (DD/MM/YYYY) | d | d | m | m | y | y | y | y |
|---|---|---|---|---|---|---|---|---|
| Aadhaar No. (Optional) | | | | | | | | |
| Mobile No. | | | | | | | | |
| Father's/Guardian's Name | | | | | | | | |
| Father's/Guardian's EPIC No. (if available) | | | | | | | | |
| Mother's Name | | | | | | | | |
| Mother's EPIC No. (if available) | | | | | | | | |
| Spouse's Name (if applicable) | | | | | | | | |
| Spouse's EPIC No. (if available) | | | | | | | | |

ਸਾਰੇ ਯੋਗ ਮਤਦਾਤਾਵਾਂ ਦੇ ਲਈ ਇਹ ਤਾਲਿਕਾ ਭਰਨਾ ਜ਼ਰੂਰੀ ਹੈ।

| Details of the Elector in the Electoral Roll of the last SIR | | | Details of the Relative, whose name is given in the previous column, in the last SIR | | |
|---|---|---|---|---|---|
| Elector Name: | | | Name: | | |
| EPIC No. (if available) | | | EPIC No. (if available) | | |
| Relative's Name: | | | Relative's Name: | | |
| Relationship: | | | Relationship: | | |
| District: | | | District: | | |
| State: | | | State: | | |
| AC Name: | | | AC Name: | | |
| AC Number | Part No. | Sr No. | AC Number | Part No. | Sr No. |
| | | | | | |

(i) The elector mentioned above, being myself/my family member, has not acquired the citizenship of any other country.
(ii) I am applying for inclusion in the Electoral Roll, and the name mentioned above, being myself/ my family member, is not included in any other Assembly Constituency/ Parliamentary Constituency.
(iii) I am aware that making the above statement or declaration in relation to this application which is false and which I know or believe to be false or do not believe to be true, is punishable under Section 31 of Representation of the People Act,1950 (43 of 1950) with imprisonment for a term which may extend to one year or with fine or with both.

Signature/Left Thumb Impression of Elector or Any Adult Family Member (mention relationship) with date

**BLO's undertaking:** I have verified the above details from the electoral roll(s) of the last SIR.

BLO's Signature




ਅਗਰ ਤੁਹਾਡਾ ਨਾਮ ਪਿਛਲੀ ਐਸ.ਆਈ.ਆਰ. ਦੀ ਮਤਦਾਤਾ ਸੂਚੀ 'ਚ ਦਰਜ ਹੈ, ਤਾਂ ਇਹ ਤਾਲਿਕਾ ਭਰੋ।

ਅਗਰ ਤੁਹਾਡਾ ਨਾਮ ਪਿਛਲੀ SIR ਦੀ ਮਤਦਾਤਾ ਸੂਚੀ 'ਚ ਦਰਜ ਨਹੀਂ ਹੈ ਤਾਂ ਆਪਣੇ ਮਾਤਾ ਪਿਤਾ, ਦਾਦਾ ਦਾਦੀ ਦਾ ਪਿਛਲੀ SIR 'ਚ ਦਿੱਤੇ ਗਏ ਵੇਰਵੇ ਦੇ ਅਨੁਸਾਰ ਇਸ ਤਾਲਿਕਾ 'ਚ ਭਰੋ।

ਮਤਦਾਤਾ ਦੇ ਵਿਦੇਸ਼ ਜਾਂ ਘਰ ਤੋਂ ਬਾਹਰ ਹੋਣ ਦੀ ਸਥਿਤੀ 'ਚ ਦਿੱਤਾ ਗਿਆ Enumeration Form ਕਿਸੀ ਵਿਅਸਕ ਪਰਿਵਾਰਜਨ ਵੱਲੋਂ ਭਰਕੇ ਹਸਤਾਖ਼ਰ ਜਾਂ ਖੱਬੇ ਹੱਥ ਦੇ ਅੰਗੂਠੇ ਦਾ ਨਿਸ਼ਾਨ ਲਗਾਕੇ ਜਮ੍ਹਾਂ ਕੀਤਾ ਜਾ ਸਕਦਾ ਹੈ।

Enumeration Form ਭਰਦੇ ਸਮੇਂ ਮਤਦਾਤਾਵਾਂ ਨੂੰ ਕੋਈ ਵੀ ਦਸਤਾਵੇਜ਼ ਜਮ੍ਹਾਂ ਕਰਨ ਦੀ ਜ਼ਰੂਰਤ ਨਹੀਂ ਹੈ।

Online Enumeration Form voters.eci.gov.in ਜਾਂ ECINET APP 'ਤੇ ਭਰਿਆ ਜਾ ਸਕਦਾ ਹੈ।

DIP/Shabdarth/Display/052/26-27

ਯਾਦ ਰੱਖੋ:
- ਸਹੀ ਅਤੇ ਪੂਰੀ ਜਾਣਕਾਰੀ ਭਰੋ
- ਗਣਨਾ ਪ੍ਰਪਤਰ ਸਮੇਂ 'ਤੇ ਜਮ੍ਹਾਂ ਕਰੋ
- BLO ਵੱਲੋਂ ਦਿੱਤੀ ਗਈ ਪਾਵਤੀ ਸੁਰੱਖਿਅਤ ਰੱਖੋ

'Book a Call with BLO' ਆਪਣੇ BLO ਤੋਂ ਸੰਪਰਕ ਕਰੋ ਅਤੇ ਆਪਣੀ ਸਾਰੀਆਂ ਸ਼ਕਾਵਾਂ ਦਾ ਸਮਾਧਾਨ ਪਾਓ।

ਡਾਊਨਲੋਡ ਕਰੋ ਅਤੇ ਜਾਣਕਾਰੀ ਪ੍ਰਾਪਤ ਕਰੋ ECINET APP voters.eci.gov.in

ਜਾਗਰੂਕਤਾ ਦੇ ਲਈ ਵੀਡੀਓ ਅਤੇ FAQ ਦੇਖਣ ਦੇ ਲਈ

ਮੁੱਖ ਨਿਰਵਾਚਨ ਅਧਿਕਾਰੀ, ਦਿੱਲੀ

ਓਲਡ ਸੇਂਟ ਸਟੀਫਨ ਕਾੱਲੇਜ ਬਿਲਡਿੰਗ, ਕਸ਼ਮੀਰੀ ਗੇਟ, ਦਿੱਲੀ-110006

ਵੇਬਸਾਈਟ www.ceodelhi.gov.in, www.voters.eci.gov.in 'ਤੇ ਜਾਓ

1950

ਫੋਲੋ ਕਰੋ: /ceodelhioffice